ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 4 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੨ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਨਹੀਂਓਂ ਭੁੱਲਣਾ ਜੂਨ 84

### ਜਿਉਂਦੇ ਲੋਕਾਂ ਨੂੰ ਇਨ੍ਹਾਂ ਲਾਸ਼ਾਂ ਵਿੱਚ ਛੁਪਾ ਕੇ ਫੌਜ ਤੋਂ ਬਚਾ ਕੇ ਲਿਆਂਦਾ ਗਿਆ ਕਿਉਂਕਿ ਫੌਜੀ ਜ਼ਖਮੀਆਂ ਨੂੰ ਜਾਂ ਜਿਉਂਦੇ ਲੋਕਾਂ ਨੂੰ ਗੋਲੀ ਮਾਰ ਦਿੰਦੇ ਸੀ

**ਇਕ** ਫੌਜੀ ਨੇ ਇਸ ਬੱਚੇ ਨੂੰ ਲੱਤ ਤੋਂ ਫੜਿਆ ਅਤੇ ਮ੍ਰਿਤਕਾਂ ਦੇ ਢੇਰ ਉਤੇ ਸੁੱਟ ਦਿੱਤਾ। ਲਾਸ਼ਾਂ ਟਰਾਲੀਆਂ ਵਿੱਚ ਢੋਈਆਂ ਜਾਂਦੀਆਂ ਰਹੀਆਂ ਇਨ੍ਹਾਂ ਟਰਾਲੀਆਂ ਤੋਂ ਨੀਲੀਆਂ, ਪੀਲੀਆਂ, ਕਾਲੀਆਂ ਪੱਗਾਂ ਲੱਟਕਦੀਆਂ ਹੀ ਜਾਂਦੀਆਂ ਸਨ। ਇਥੇ ਵਰਣਨਯੋਗ ਹੈ ਕਿ ਲੋਕਾਂ ਨੂੰ ਖਾਸ ਕਰਕੇ ਸਿੱਖਾਂ ਨੂੰ ਜਿਹੜੇ ਸ਼ਹਿਰ ਵਿੱਚ ਰਹਿ ਰਹੇ ਸਨ ਅਤੇ ਖਾਸ ਕਰਕੇ ਜਿਹੜੇ ਦਰਬਾਰ ਸਾਹਿਬ ਦੇ ਆਸ-ਪਾਸ ਰਹਿ ਰਹੇ ਸਨ, ਨੂੰ ਇਹ ਲਾਸ਼ਾਂ ਦੇਖਣ ਦੀ ਇਜਾਜ਼ਤ ਨਹੀਂ ਸੀ। ਤਿੰਨ ਨੌਜਵਾਨ ਵੀਰਾਂ ਨੇ ਇਹ ਟਰਾਲੀਆਂ ਦੇਖਣ ਦੀ ਜੁਰਅਤ ਕੀਤੀ ਸੀ। ਪਹਿਲਾ ਤਾਂ ਫੌਜ ਨੇ ਦੂਰੋਂ ਇਨ੍ਹਾਂ 'ਤੇ ਗੋਲੀ ਚਲਾਈ ਜੋ ਕਿ ਰਸਤੇ 'ਚੇ ਨਿਗਾਹ ਰੱਖ ਰਹੇ ਸਨ, ਫਿਰ ਇਨ੍ਹਾਂ ਨੂੰ ਫੜ੍ਹਨ ਲਈ ਕਿਹਾ ਗਿਆ। ਇਨ੍ਹਾਂ ਵਿੱਚੋਂ ਦੋ ਨੌਜਵਾਨ ਤਾਂ ਭੱਜ ਗਏ ਪਰ ਇਕ ਨੌਜਵਾਨ ਦੇ ਹੱਥ ਆ ਜਾਣ ਕਾਰਨ ਉਸਦੀਆਂ ਲੱਤਾਂ ਤੋੜ ਦਿੱਤੀਆਂ ਗਈਆਂ। ਰਸਤੇ ਵਿੱਚ ਕਿਤੇ ਕੋਈ ਵੀ ਇਨ੍ਹਾਂ ਲਾਸ਼ਾਂ ਨੂੰ ਵੇਖ ਨਹੀਂ ਸੀ ਸਕਦਾ। ਸਟਾਲਿਨਵਾਦੀ ਨੀਤੀਆਂ ਜਿਹੜੀਆਂ ਲੋਕਾਂ ਨੂੰ ਡਰਾਉਣ ਲਈ ਵਰਤੀਆਂ ਗਈਆਂ ਇਥੇ ਸਾਖਿਆਤ ਵੇਖੀਆਂ। ਲਾਸ਼ਾਂ ਦਾ ਸਸਕਾਰ ਰਾਮਸਰ ਸਾਹਿਬ ਦੇ ਸਾਹਮਣੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਦੇ ਨੇੜੇ ਸ਼ਮਸ਼ਾਨ ਘਾਟ ਚਾਟੀਵਿੰਡ ਗੇਟ ਵਿਖੇ ਕੀਤਾ ਗਿਆ। ਇਥੇ ਵਰਣਨਯੋਗ ਹੈ ਕਿ ਲਾਸ਼ਾਂ ਦਾ ਸਸਕਾਰ ਬਿਨਾ ਸਿੱਖ ਧਾਰਮਿਕ ਰਹੁਰੀਤੀਆਂ ਤੋਂ ਕੀਤਾ ਗਿਆ। ਇਸ ਕਰਕੇ ਅਸੀਂ ਇਨ੍ਹਾਂ ਲਸਈ ਜਲਾਇਆ ਸ਼ਬਦ ਵਰਤ ਸਕਦੇ ਹਾਂ। ਸ਼ਮਸ਼ਾਨਘਾਟ ਵਿੱਚ ਤਿੰਨ ਸੌ ਤੋਂ ਚਾਰ ਸੌ ਆਦਮੀਆਂ ਜਿਨ੍ਹਾਂ ਵਿੱਚ ਬੱਚੇ, ਬੀਬੀਆਂ, ਬੁੱਢੇ ਜਵਾਨ ਹੁੰਦੇ ਸਨ ਇਕੋ ਵਾਰੀ ਲਕੜਾਂ 'ਤੇ ਪਾ ਕੇ ਮਿੱਟੀ ਦਾ ਤੇਲ ਜਾਂ ਪੈਟਰੋਲ ਜੋ ਪਹਿਲਾ ਹੀ ਇਨ੍ਹਾਂ ਲਕੜੀਆਂ ਉਥੇ ਛਿੜਕਿਆ ਹੁੰਦਾ ਸੀ ਅੱਗ ਲਾ ਦਿੱਤੀ ਜਾਂਦੀ ਸੀ। ਇਨ੍ਹਾਂ ਦੀ ਮੁਸ਼ਕ ਦੂਰ ਤਕ ਜਾਂਦੀ ਸੀ।

ਇਹ ਉਹ ਸ਼ਮਸ਼ਾਨਘਾਟ ਹੈ ਜਿਥੇ 6000 ਤੋਂ ਵੱਧ ਲੋਕਾਂ ਦਾ ਸਸਕਾਰ ਕੀਤਾ ਗਿਆ ਤਕਰੀਬਨ 7 ਦਿਨ ਤੱਕ ਇਹ ਕਰਮ ਜਾਰੀ ਰਿਹਾ। ਸਭ ਤੋਂ ਪਹਿਲਾ ਸਸਕਾਰ ਸੰਤ ਜਰਨੈਲ ਸਿੰਘ ਖਾਲਸਾ ਜੀ ਦਾ ਕੀਤਾ ਗਿਆ। ਇਨ੍ਹਾਂ ਲਾਸ਼ਾਂ ਦੇ ਢੋਆ-ਢੁਆਈ ਵਿੱਚ ਕਈ ਗੱਲਾਂ ਸਾਹਮਣੇ ਆਈਆਂ ਜਿਵੇਂ ਕਿ ਜਿਉਂਦੇ ਲੋਕਾਂ ਨੂੰ ਇਨ੍ਹਾਂ ਲਾਸ਼ਾਂ ਵਿੱਚ ਛੁਪਾ ਕੇ ਫੌਜ ਤੋਂ ਬਚਾ ਕੇ ਲਿਆਂਦਾ ਗਿਆ ਕਿਉਂਕਿ ਫੌਜੀ ਜ਼ਖਮੀਆਂ ਨੂੰ ਜਾਂ ਜਿਉਂਦੇ ਲੋਕਾਂ ਨੂੰ ਗੋਲੀ ਮਾਰ ਦਿੰਦੇ ਸੀ।

ਸੰਤ ਜਰਨੈਲ ਸਿੰਘ ਹੁਰਾਂ ਦੇ ਸਰੀਰ 'ਤੇ ਚੋਲਾ ਕਛਹਿਰਾ ਤੇ ਕੇਸਕੀ ਸੀ। ਇਨ੍ਹਾਂ ਦੇ ਗਲ ਵਿੱਚ ਰਿਵਾਲਵਰ ਸੀ ਜਦੋਂ ਸੰਤਾਂ ਦੇ ਤੀਰ ਬਾਰੇ ਪੁੱਛਿਆ ਗਿਆ ਤਾਂ ਉਸ ਅਧਿਕਾਰੀ ਨੇ ਕਿਹਾ ਕਿ ਤੀਰ ਇਕ ਫੌਜੀ ਅਫਸਰ ਦੇ ਹੱਥ ਵਿੱਚ ਸੀ। ਬਾਬਾ ਅਟਲ ਦੀ ਚਾਰਦੀਵਾਰੀ ਵਿਚ ਬਹੁਤ ਜ਼ਿਆਦਾ ਗਿਣਤੀ ਵਿੱਚ ਲਾਸ਼ਾਂ ਸਨ। ਜਿਨ੍ਹਾਂ ਨੂੰ ਗ੍ਰਿਫਤਾਰ ਕੀਤਾ ਜਾਂਦਾ ਸੀ ਫੌਜੀ ਉਨ੍ਹਾਂ ਨਾਲ ਬਹੁਤ ਮਾੜਾ ਸਲੂਕ ਕਰਦੇ ਸਨ। ਇਨ੍ਹਾਂ ਨੂੰ ਪੀਣ ਲਈ ਪਾਣੀ ਤੱਕ ਨਹੀਂ ਸੀ ਦਿੱਤਾ ਜਾਂਦਾ। ਇਨ੍ਹਾਂ ਦੇ ਹੱਥ ਪਿੱਛੋਂ ਇਨ੍ਹਾਂ ਦੀਆਂ ਪਗੜੀਆਂ ਨਾਲ ਹੀ ਬੰਨ੍ਹੇ ਹੁੰਦੇ ਸਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕਾਂ ਨੂੰ ਮਿਲਟਰੀ ਕੰਟੋਨਮੈਂਟ ਵਿੱਚ ਸੈਂਟਰਲ ਸਕੂਲ ਅਤੇ ਅਸਲੇ ਖਾਨੇ ਦੇ ਕਮਰਿਆਂ ਵਿੱਚ ਸੈਂਟਰਲ ਸਕੂਲ ਅਤੇ ਅਸਲੇ ਖਾਨੇ ਦੇ ਕਮਰਿਆਂ ਵਿੱਚ ਗ੍ਰਿਫਤਾਰ ਕਰਕੇ ਰਖਿਆ ਗਿਆ। ਇਹ ਕਮਰੇ ਬਹੁਤ ਛੋਟੇ ਸਨ ਇਨ੍ਹਾਂ ਵਿੱਚ ਇਨ੍ਹਾਂ ਲੋਕਾਂ ਨੂੰ ਭੇਡਾਂ ਬੱਕਰੀਆਂ ਵਾਂਗ ਡੱਕ ਦਿੱਤਾ ਜਾਂਦਾ ਸੀ। ਜੂਨ ਦੀ ਧੁੱਪ ਵਿੱਚ ਇਨ੍ਹਾਂ ਲੋਕਾਂ ਨੂੰ ਕਈ ਘੰਟਿਆਂ ਤੱਕ ਬਾਹਰ ਗਰਾਉਂਡ ਵਿੱਚ ਖੜ੍ਹੇ ਰੱਖਿਆ ਜਾਂਦਾ ਸੀ ਖਾਣ ਨੂੰ ਕੁਝ ਨਹੀਂ ਸੀ ਦਿੱਤਾ ਜਾਂਦਾ। ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕ ਇਥੇ ਹੀ ਮਾਰੇ ਗਏ ਸਨ। ਆਖਿਰਕਾਰ ਇਕ ਸਿੱਖ ਫੌਜੀ ਅਫਸਰ ਨੇ ਆ ਕੇ ਪਹਿਲਾ ਇਨ੍ਹਾਂ ਲਈ ਪਾਣੀ ਦਾ ਪ੍ਰਬੰਧ ਕੀਤਾ ਫਿਰ ਮਾੜਾ ਮੋਟਾ ਕੁਝ ਖਾਣ ਨੂੰ ਦਿੱਤਾ। ਅਧਿਕਾਰੀ ਨੇ ਕਿਹਾ ਕਿ ਕਰਫਿਊ ਸਿਰਫ਼ ਸਿੱਖਾਂ ਲਈ ਸੀ ਹਿੰਦੂਆਂ ਲਈ ਪੂਰੀ ਖੁੱਲ ਸੀ। ਇਹ ਲੋਕ ਖੁੱਲੇਆਮ ਬਜ਼ਾਰਾਂ ਵਿੱਚ ਤਾਸ਼ ਖੇਡ ਰਹੇ ਸਨ। ਸਾਨੂੰ ਆਪਣੇ ਗਲਾਂ ਵਿੱਚ ਪਛਾਣ ਪੱਤਰ ਲਟਕਾ ਕੇ ਰੱਖਣੇ ਪੈਂਦੇ ਸਨ। ਸਾਡੇ ਹਿੰਦੂ ਪੜੋਸੀਆਂ ਦਾ ਵਤੀਰਾ ਬਹੁਤ ਮਾੜਾ ਸੀ ਬਾਵਜੂਦ ਇਸਦੇ ਕਿ ਅਸੀਂ ਕਰਫਿਊ ਵਿੱਚ ਇਨ੍ਹਾਂ ਲੋਕਾਂ ਨੂੰ ਜ਼ਰੂਰੀ ਵਸਤੂਆਂ ਮੁਹਈਆ ਕਰਵਾ ਰਹੇ ਸੀ (ਕਿਉਂਕਿ ਸਾਡੇ ਕੋਲ ਕਰਫਿਊ ਪਾਸ ਸਨ)। ਫੌਜੀ ਅੰਨ੍ਹੇਵਾਹ ਲੁੱਟਮਾਰ ਕਰ ਰਹੇ ਸਨ ਇਨ੍ਹਾਂ ਨੇ ਠੇਕਿਆਂ ਤੋਂ ਤਾਲੇ ਤੋੜ ਕੇ ਸਾਰੀ ਸ਼ਰਾਬ ਲੁੱਟ ਲਈ ਸੀ। ਪਰਕਰਮਾ ਵਿੱਚ ਸ਼ਰਾਬ ਖੁੱਲੇਆਮ ਪੀਤੀ ਜਾ ਰਹੀ ਸੀ। ਜੂਨ 1984 ਵਿੱਚ ਵਾਪਰੇ ਤੀਜੇ ਘੱਲੂਘਾਰੇ ਨੂੰ ਵਾਪਰਿਆ ਅੱਜ ਕਈ ਦਹਾਕੇ ਬੀਤ ਗਏ ਹਨ। ਘੱਲੂਘਾਰੇ ਦੀ ਪੀੜ ਨਾਲ ਜ਼ਖਮੀ ਹੋਏ ਹਜ਼ਾਰਾਂ ਸਿੱਖ ਨੌਜਵਾਨ ਕੌਮ ਦੀ ਹੋਈ ਬਦਲਣ ਲਈ ਆਪਾ ਵਾਰ ਗਏ ਹਨ। ਵੀਹਵੀਂ ਸਦੀ ਦੇ ਆਖਰੀ ਦਹਾਕਿਆਂ ਵਿੱਚ ਕੌਮ ਨੂੰ ਨੇ ਇਕ ਵਾਰ ਫਿਰ ਮੁਗਲੀਆਂ ਸਲਤਨਤ ਦੇ ਆਖਰੀ ਦਹਾਕਿਆਂ ਵਿੱਚ ਕੌਮ ਨੂੰ ਨੇ ਇਕ ਵਾਰ ਫਿਰ ਮੁਗਲੀਆਂ ਸਲਤਨਤ ਦੇ ਜ਼ੁਲਮਾਂ ਨੂੰ ਪਿੰਡੇ 'ਤੇ ਹੰਢਾਇਆ ਹੈ। ਅਣਗਿਣਤ ਸਿੱਖ ਨੌਜਵਾਨ ਗੁੰਮਨਾਮੀ ਦੀ ਜ਼ਿੰਦਗੀ ਵਿੱਚ ਵਿਚਰਦਿਆਂ ਹੋਇਆ ਹੀ ਕੌਮ ਦੀ ਝੋਲੀ ਵਿੱਚ ਮਹਾਨ ਇਤਿਹਾਸਕ ਕਾਰਵਾਈਆਂ ਪਾ ਗਏ ਹਨ। ਖਾਲਸਾਈ ਰਵਾਇਤਾਂ ਦੇ ਇਸ ਵੇਗ ਵਿੱਚ ਅਣਗਿਣਤ ਬਾਪੂਆਂ ਦੀ ਦਾਹੜੀ ਅਤੇ ਪੱਗ ਹਕੂਮਤੀ ਕੇਂਦਰਾਂ ਵਿੱਚ ਰੋਲੀ ਗਈ, ਹਜ਼ਾਰਾਂ ਧੀਆਂ ਅਤੇ ਮਾਵਾਂ ਦੀ ਚੀਕ ਅਜਿਹੇ ਕੇਂਦਰਾਂ ਵਿੱਚ ਦਮ ਤੋੜਦੀ ਰਹੀ। ਸ਼ਹੀਦ ਆਪਣੀ ਜ਼ਿੰਮੇਵਾਰੀ ਨਿਭਾ ਕੇ ਅਗਲੇ ਜਹਾਨ ਵਿੱਚ ਜਾ ਬਿਰਾਜੇ ਹਨ। ਪਿੱਛੇ ਕੌਮ ਦੇ ਮੋਢਿਆਂ ਉਥੇ ਇਕ ਵੱਡੀ ਜ਼ਿੰਮੇਵਾਰੀ ਛੱਡ ਗਏ ਹਨ। ਅੱਜ ਸ਼ਹੀਦ ਨੌਜਵਾਨਾਂ ਦੀਆਂ ਰੂਹਾਂ ਸਾਡੇ ਅੰਗ-ਸੰਗ ਹਨ, ਉਨ੍ਹਾਂ ਦੇ ਸੁਪਨੇ ਉਨ੍ਹਾਂ ਦੀਆਂ ਰੀਝਾਂ, ਉਨ੍ਹਾਂ ਦੀ ਤੜਪ ਕੌਮ ਦੀ ਖਾਮੋਸ਼ੀ ਵਿੱਚ ਬਿਰਾਜਮਾਨ ਹੈ। ਸਿੱਖ ਕੌਮ ਉਸ ਖਾਮੋਸ਼ ਤੜਪ ਦਾ ਇਜ਼ਹਾਰ ਵਕਤ-ਬ-ਵਕਤ ਕਰਦੀ ਰਹਿੰਦੀ ਹੈ। ਪਰ ਫਿਰ ਵੀ ਕੋਈ ਰਾਹ ਸਿਰਾ ਦਿਸਦਾ ਨਜ਼ਰ ਨਹੀਂ ਆਉਂਦਾ। ਜ਼ੁਲਮੋਂ-ਸਿਤਮ ਅਤੇ ਆਰਥਿਕ ਕਸ਼ਟਾਂ ਦੀ ਇਹ ਰਾਤ ਹਾਲੇਂ ਮੁੱਕਦੀ ਪ੍ਰਤੀਤ ਨਹੀਂ ਹੁੰਦੀ। ਜ਼ੁਲਮੋਂ-ਤਸ਼ੱਦਦ ਦੀ ਭੱਠੀ ਵਿੱਚ ਤਪੀ ਕੌਮ ਵਿੱਚ ਤੜਪ ਨੂੰ ਲੈ ਕੇ ਜੀਅ ਰਹੀ ਹੈ। ਖਾੜਕੂ ਸੰਘਰਸ਼ ਦੀਆਂ ਗਲਤੀਆਂ ਵੀ ਇਸ ਕਾਫ਼ਲੇ ਵਿੱਚ ਵਿਚਰੇ ਵੀਰਾਂ ਨੂੰ ਤੰਗ ਕਰ ਰਹੀਆਂ ਹਨ। ਸਿਆਸੀ ਮੁਹਾਜ਼ 'ਚ ਹੋਈ ਅਸਫਲਤਾ ਨੇ ਬਾਜ਼ੀ ਪਲਟ ਦਿੱਤੀ ਹੈ। ਵਰਤਮਾਨ ਸਮੇਂ ਦਾ ਸੱਚ ਇਕ ਬੌਧਿਕ ਅਤੇ ਵਿਚਾਰਧਾਰਕ ਸੰਘਰਸ਼ ਦੀ ਮੰਗ ਕਰਦਾ ਹੈ।

ਅੱਜ ਵੀ ਬਿਪਰਧਾਰਾ ਆਪਣੀ ਲੁਕਵੀਂ ਲੜਾਈ ਦੇ ਸਾਰੇ ਹਥਿਆਰ ਤਿੱਖੇ ਕਰਕੇ ਮੈਦਾਨ ਵਿੱਚ ਨਿੱਤਰੀ ਹੋਈ ਹੈ। ਅੱਜ ਫਿਰ ਦਰਬਾਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ ਬਿਪਰਧਾਰਾ ਦੇ ਪੈਰੋਕਾਰਾਂ ਦੇ ਕਬਜ਼ੇ ਹੇਠ ਹੈ। ਉਹ ਇਸ ਮਹਾਨ ਸਿੱਖ ਕੇਂਦਰ ਨੂੰ ਪੂਜਾ ਪਾਠ ਵਾਲਾ ਇਕ ਸਧਾਰਨ ਜਿਹਾ ਗੁਰਦੁਆਰਾ ਬਣਾ ਦੇਣ ਲਈ ਤਤਪਰ ਹੈ। ਅਜਿਹਾ ਕਰਕੇ ਬਿਪਰਧਾਰਾ ਇਸ ਕੇਂਦਰ ਨੂੰ ਸਿੱਖਾਂ ਲਈ ਆਤਮਕ ਬਲ ਪ੍ਰਦਾਨ ਕਰਨ ਵਾਲੇ ਕੇਂਦਰ ਵਜੋਂ ਖਤਮ ਕਰਨਾ ਚਾਹੁੰਦੀ ਹੈ। ਉਹ ਸ੍ਰੀ ਦਰਬਾਰ ਸਾਹਿਬ ਦੀ ਇਨਕਲਾਬੀ ਸਪਿਰਟ ਨੂੰ ਖਤਮ ਕਰਨ ਦੇ ਵੱਡੇ ਅਤੇ ਸੁਚੇਤ ਯਤਵ ਕਰ ਰਹੀ ਹੈ। ਅਕਾਲ ਤਖ਼ਤ ਦੇ ਜਥੇਦਾਰ ਅਤੇ ਹੋਰ ਧਾਰਮਿਕ ਸਖਸੀਅਤਾਂ ਬਿਪਰਧਾਰਾ ਦੀ ਇਸ ਸਿੱਖ ਵਿਰੋਧੀ ਜੰਗ ਵਿੱਚ ਉਸਦਾ ਸਾਥ ਦੇ ਰਹੇ ਹਨ। ਸਿਰਲੱਥ ਸ਼ਹੀਦਾਂ ਦੀ ਜਥੇਬੰਦੀ ਸ਼ਹੀਦਾਂ ਅਕਾਲੀ ਦਲ ਵੀ ਇਸ ਵੇਲੇ ਪੂਰੀ ਤਰ੍ਹਾਂ ਹਿੰਦੂ ਸ਼ਕਤੀਆਂ ਦੇ ਕਬਜ਼ੇ ਹੇਠ ਹੈ। ਸਿੱਖਾਂ ਨੂੰ ਸਿਆਸੀ ਅਗਵਾਈ ਦੇਣ ਵਾਲੇ ਕੌਮ ਨੂੰ ਰੂਹਾਨੀ ਤੌਰ ਤੇ ਕੰਗਾਲ ਕਰ ਦੇਣ ਦੇ ਯਤਨਾਂ ਨੂੰ ਅੱਗੇ ਵਧਾ ਰਹੇ ਹਨ। ਪੰਥਕ ਵਿਚਾਰਧਾਰਾ ਦੇ ਆਗੂਆਂ ਲਈ ਵਰਤਮਾਨ ਚੁਣੌਤੀ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਇਨਕਲਾਬੀ ਸਪਿਰਟ ਨੂੰ ਕਾਇਮ ਰੱਖਣ ਦੀ ਹੈ। ਜੂਨ 1984 ਦੇ ਸ਼ਹੀਦਾਂ ਦਾ ਸਪੱਸ਼ਟ ਸੰਦੇਸ਼ ਹੀ ਇਸ ਸਪਿਰਟ ਨੂੰ ਕਾਇਮ ਰੱਖਣ ਦਾ ਹੈ। ਉਨ੍ਹਾਂ ਨੇ ਸ਼ਹੀਦੀਆਂ ਹੀ ਪੰਥਕ ਸਪਿਰਟ ਦਾ ਝੰਡਾ ਉਤਾਂਹ ਰੱਖਣ ਲਈ ਪਾਈਆਂ ਸਨ।

ਪੰਥਕ ਧਿਰਾਂ ਦੀ ਦੂਜੀ ਵੱਡੀ ਜ਼ਿੰਮੇਵਾਰੀ ਸਿੱਖ ਕੌਮ ਦੀ ਰੂਹ ਨੂੰ ਲੱਗੇ ਸੋਕੜੇ ਨੂੰ ਖਤਮ ਕਰਨ ਦੀ ਹੈ। ਨੈਤਿਕ ਨਿਘਾਰ ਅਤੇ ਗੁਰਬਤ ਦੇ ਜਿਸ ਰਾਹ ਉਤੇ ਅੱਜ ਕੌਮ ਤੁਰ ਰਹੀ ਹੈ, ਜੇ ਉਸਨੂੰ ਸਪੱਸ਼ਟ ਸਟੈਂਡ ਨਾਲ ਨਾ ਮੋੜਿਆ ਗਿਆ ਤਾਂ ਕੌਮ ਦੇ ਵਿਹੜਿਆਂ ਵਿੱਚ ਛਾਈ ਰਾਤ ਲੰਮੇਰੀ ਹੁੰਦੀ ਰਹੇਗੀ। ਸਿੱਖ ਕੌਮ ਵਿੱਚ ਇਸ ਵੇਲੇ ਜੋ ਜਗੀਰੂ ਕਿਸਮ ਦੇ ਸਿਆਸੀ ਲੋਕ ਤਹਿਜੀਬ ਵਿਹੂਣੀਆਂ ਸਿਆਸੀ ਲੁੱਡੀਆਂ ਪਾ ਰਹੇ ਹਨ, ਉਸਨੂੰ ਹਾਰ ਦੇਣੀ ਪੰਥਕ ਧਿਰਾਂ ਦੀ ਵੱਡੀ ਜ਼ਿੰਮੇਵਾਰੀ ਹੈ। ਇਹ ਲੋਕ ਆਪਣੀ ਦੌਲਤ ਦੇ ਅਫਰੇਵੇਂ ਨਾਲ ਜੋ ਚੱਜ ਖਿਲਾਰ ਰਹੇ ਹਨ ਉਨ੍ਹਾਂ ਨਾਲ ਕਿਰਤੀ ਸਿੱਖਾਂ ਦੀ ਰੂਹ ਵਲੂੰਧਰੀ ਗਈ ਹੈ। ਸਮੁੱਚਾ ਸਿੱਖ ਚਰਿੱਤਰ ਇਨ੍ਹਾਂ ਕਾਰਵਾਈਆਂ ਨਾਲ ਸ਼ਰਮਸ਼ਾਰ ਹੋ ਗਿਆ ਹੈ। ਇਹੋ ਜਿਹੀਆਂ ਕਾਰਵਾਈਆਂ ਸਿੱਖੀ ਦੀਆਂ ਸਮਾਜੀ ਅਤੇ ਸੱਭਿਆਚਾਰਕ ਕਦਰਾਂ ਕੀਮਤਾਂ ਦੀ ਤਬਾਹੀ ਕਰ ਰਹੀਆਂ ਹਨ।

ਅੱਜ ਦੌਲਤ ਨੇ ਅੰਨ੍ਹੇ ਵਿਖਾਵੇ, ਨਸ਼ਿਆਂ ਦੇ ਸੇਵਨ, ਪੱਛਮੀ ਪਹਿਰਾਵਿਆਂ ਅਤੇ ਸਿੱਖੀ ਦੀ ਸ਼ਾਨ ਨਾਲੋਂ ਉਖੜੀ ਹੋਈ ਜਿਹੋ ਜਿਹੀ ਜੀਵਨ ਸ਼ੈਲੀ ਸਿੱਖ ਕੌਮ ਦਾ ਅੰਗ ਬਣ ਰਹੀ ਹੈ, ਇਸ ਚੁਣੌਤੀ ਨੂੰ ਸਿਧਾਂਤਕ ਰੂਪ ਵਿੱਚ ਟੱਕਰਿਆਂ ਹੀ ਸ਼ਹੀਦਾਂ ਦੇ ਸੁਪਨਿਆਂ ਦਾ ਸੰਸਾਰ ਸਿਰਜਿਆ ਜਾ ਸਕੇਗਾ। ਸਿਆਸੀ ਤੌਰ 'ਤੇ ਸਿੱਖਾਂ ਨੂੰ ਪੰਥਕ ਨੁਕਤਨਜ਼ਰ ਤੋਂ ਸੁਚੇਤ ਕਰਨ ਦੇ ਨਾਲ-ਨਾਲ ਇਕ ਵਿਚਾਰਧਾਰਕ ਲਹਿਰ ਵੀ ਚਲਾਉਣੀ ਪਵੇਗੀ। ਸਭ ਤੋਂ ਵੱਡੀ ਗੱਲ ਕੌਮ ਵਿੱਚ ਸਵੈਮਾਣ ਦਾ ਜਜ਼ਬਾ ਭਰਨਾ ਪਵੇਗਾ। ਜੇ ਕੌਮ ਸਵੈਮਾਣ ਤੋਂ ਹੀਣੀ ਹੋ ਗਈ ਤਾਂ ਇਸ ਨੂੰ 'ਕਾਕਿਆਂ' ਦੇ ਪੈਰੀ ਪੈਣੋ ਨਹੀਂ ਰੋਕਿਆ ਜਾ ਸਕੇਗਾ। ਅਜਿਹੀ ਸਥਿਤੀ ਵਿੱਚ ਸ਼ਹੀਦਾਂ ਦੀ ਰੂਹ ਲੂਣ ਦੇ ਹੰਝੂ ਕੇਰਦੀ ਰਹੇਗੀ। ਜੂਨ 1984 ਦੇ ਘੱਲੂਘਾਰੇ ਦਾ ਸਭ ਤੋਂ ਵੱਡਾ ਸਬਕ ਹੀ ਉਸ ਘੱਲੂਘਾਰੇ ਦੇ ਜ਼ਖਮਾਂ ਨੂੰ ਆਪਣੇ ਸੀਨੇ ਵਿੱਚ ਵਸਾ ਕੇ ਕੌਮ ਦੀ ਹੋਣੀ ਸੰਵਾਰਨ ਦਾ ਇਮਾਨਦਾਰ ਸੰਕਲਪ ਕਰਨ ਦਾ ਹੈ। ਅਜਿਹੇ ਪਾਵਨ ਸੰਕਪਲ ਪ੍ਰਤੀ ਨਿਸ਼ਠਾ ਅਤੇ ਪ੍ਰਤੀਬੱਧਤਾ ਵਿਖਾ ਕੇ ਹੀ ਅਸੀਂ ਕੌਮ ਦੇ ਵਕਤੀ ਤੌਰ ਤੇ ਡੁੱਬੇ ਹੋਏ ਸੂਰਜ ਨੂੰ ਮੁੜ ਤਕੋਂ ਚਮਕਾ ਸਕਾਂਗੇ ਅਤੇ ਜ਼ੁਲਮਾਂ ਦੀ ਇਹ ਰਾਤ ਤਾਂ ਹੀ ਮੁੱਕ ਸਕੇਗੀ।

(ਬਾਕੀ ਕੱਲ੍ਹ)









# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

- ਭਾਈ ਬਲਜੀਤ ਸਿਘ ਕੰਗ/Bhai Baljit Singh Kang


+44 7780 605230

- ਬਾਬਾ ਬਘੇਲ ਸਿੰਘ ਯੁ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

**29ਵਾਂ ਸਲਾਨਾ ਜੋੜ ਮੇਲਾ**
**ਗੁਰਮਤਿ ਸਮਾਗਮ**

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ



☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।

ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# GURDWARA BABA SANG JI SMETHWICK, BIRMINGHAM

# 6TH - 8TH JUNE




**Naujawan Sewak Sabha Birmingham UK**

## COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



**Sunday 8th June 2025 (12PM)**

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**


Design & Printed by Star Signs & Displays - 0121 572 0909

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


੪੧ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ
LIVE ON
ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਵੱਲੋਂ: ਫੀਲਡ ਪੱਤਰਕਾਰ ਐਸੋਸੀਏਸ਼ਨ, ਬਾਬਾ ਬਕਾਲਾ ਸਾਹਿਬ, ਸਰਕਲ ਮਹਿਤਾ।


41 ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਿਕ ਸੰਤ ਸਮਾਜ
ਵੱਲੋਂ: ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸ੍ਰ. ਮੇਜਰ ਸਿੰਘ ਸਹੋਤਾ (ਸਾ.ਸਰਪੰਚ)



# 1 ਜੂਨ ਤੋਂ 6 ਜੂਨ 1984 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਵਾਪਰੇ ਘੱਲੂਘਾਰੇ 'ਚ ਸ਼ਹੀਦ ਹੋਏ ਸਿੰਘ-ਸਿੰਘਣੀਆਂ ਦੀ ਸ਼ਹਾਦਤ ਨੂੰ

# ਕੋਟਿ-ਕੋਟਿ ਪ੍ਰਣਾਮ



ਗਿਆਨੀ ਸੋਹਣ ਸਿੰਘ ਜੀ
ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਗਿਆਨੀ ਗੁਰਦੀਪ ਸਿੰਘ ਜੀ
'ਸੰਤ' ਸਾਬਕਾ ਹੈਡ ਗ੍ਰੰਥੀ ਦਮਦਮੀ ਟਕਸਾਲ



ਰਾਗੀ ਗੁਰਸ਼ਰਨ ਸਿੰਘ ਜੀ



ਭਾਈ ਜਸਬੀਰ ਸਿੰਘ ਜੀ 'ਅਰਿਫ਼ਕੇ'



ਭਾਈ ਦਵਿੰਦਰ ਸਿੰਘ ਜੀ 'ਲਾਡੀ' (ਡਰਾਈਵਰ)



ਭਾਈ ਗੁਰਰਾਜ ਸਿੰਘ ਜੀ

---★ ਵੱਲੋਂ ★---

# ਵਿਦਿਆਰਥੀ ਦਮਦਮੀ ਟਕਸਾਲ

## (ਜੱਥਾ ਭਿੰਡਰਾਂ), ਮਹਿਤਾ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 4 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੨ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਗੁਰਦੁਆਰਾ ਸਾਹਿਬ ’ਚ ਵਾਪਰਿਆ ਵੱਡਾ ਹਾਦਸਾ, ਇੱਕ ਦੀ ਮੌਤ, ਕਈ ਸ਼ਰਧਾਲੂ ਜ਼ਖ਼ਮੀ

**ਰੂਪਨਗਰ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਰੋਪੜ ਦੇ ਗੁਰਦੁਆਰਾ ਹੈੱਡ ਦਰਬਾਰ ਟਿੱਬੀ ਸਾਹਿਬ ਵਿਖੇ ਉਸ ਵੇਲੇ ਚੀਕ ਚੀਹਾੜਾ ਮੱਚ ਗਿਆ, ਜਦੋਂ ਏਅਰ ਕੰਡੀਸ਼ਨਰ ਫੱਟ ਗਿਆ। ਇਸ ਦੇ ਫਟਣ ਨਾਲ ਇੱਕ ਔਰਤ ਦੀ ਮੌਤ ਹੋ ਗਈ ਅਤੇ ਕਈ ਸ਼ਰਧਾਲੂ ਵੀ ਜ਼ਖ਼ਮੀ ਹੋ ਗਏ। ਦੱਸ ਦਈਏ ਕਿ ਮ੍ਰਿਤਕ ਔਰਤ ਦੀ ਪਛਾਣ 62 ਸਾਲਾ ਕਸ਼ਮੀਰ ਕੌਰ ਵਜੋਂ ਹੋਈ ਹੈ। ਜਾਣਕਾਰੀ ਮਿਲੀ ਹੈ ਕਿ ਇਸ ਵੇਲੇ ਭੋਗ ਸਮਾਗਮ ਚੱਲ ਰਿਹਾ ਸੀ ਅਤੇ ਵੱਡੀ ਗਿਣਤੀ ਵਿੱਚ ਸੰਗਤ ਵਿੱਚ ਹਾਜ਼ਰ ਸੀ। ਇਸ ਦੌਰਾਨ ਏਅਰ ਕੰਡੀਸ਼ਨਰ ਦਾ ਕੰਪਰੈਸਰ ਫਟਿਆ ਅਤੇ ਭਾਂਬੜ ਮੱਚ ਗਏ। ਹਾਦਸੇ ਵਿੱਚ ਹੋਏ ਜ਼ਖ਼ਮੀਆਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਉੱਥੇ ਹੀ ਸਿੱਖਿਆ ਮੰਤਰੀ ਹਰਜੋਤ ਬੈਂਸ ਹਸਪਤਾਲ ਵਿੱਚ ਜ਼ਖ਼ਮੀਆਂ ਦਾ ਹਾਲ ਪੁੱਛਣ ਲਈ ਪਹੁੰਚੇ ਹਨ। ਉਨ੍ਹਾਂ ਨੇ ਐਕਸ ‘ਤੇ ਇਹ ਜਾਣਕਾਰੀ ਸਾਂਝੀ ਕੀਤੀ। ਸਿੱਖਿਆ ਮੰਤਰੀ ਨੇ ਕਿਹਾ ਕਿ ਗੁਰੂਦੁਆਰਾ ਹੈੱਡ ਦਰਬਾਰ ਟਿੱਬੀ ਸਾਹਿਬ ਰੋਪੜ ਵਿਖੇ ਇੱਕ ਦੁਖਦ ਘਟਨਾ ਵਿੱਚ ਇੱਕ ਕੀਮਤੀ ਜਾਨ ਦੇ ਚਲੇ ਜਾਣ ਦੀ ਖ਼ਬਰ ਬਹੁਤ ਹੀ ਦੁੱਖਦਾਈ ਹੈ। ਅਸੀਂ ਪਰਿਵਾਰ ਨਾਲ ਗਹਿਰੀ ਹਮਦਰਦੀ ਪ੍ਰਗਟ ਕਰਦੇ ਹਾਂ।

ਇਸ ਹਾਦਸੇ ਵਿੱਚ ਕੁੱਝ ਹੋਰ ਲੋਕ ਵੀ ਜ਼ਖ਼ਮੀ ਹੋਏ ਹਨ। ਉਹਨਾਂ ਨਾਲ ਹਸਪਤਾਲ ਵਿੱਚ ਮਿਲ ਕੇ ਹਾਲ-ਚਾਲ ਜਾਣਿਆ। ਜ਼ਖ਼ਮੀ ਹੋਏ ਲੋਕਾਂ ਦੀ ਜਲਦੀ ਸਿਹਤਯਾਬੀ ਲਈ ਦੁਆ ਕਰਦੇ ਹਾਂ।

# ਫ਼ਿਰ ਬੇਕਾਬੂ ਹੋ ਗਿਆ ਕੋਰੋਨਾ !

# ਦੇਸ਼ ’ਚ ਐਕਟਿਵ ਮਾਮਲਿਆਂ ਦੀ ਗਿਣਤੀ ਹੋਈ 4026

**ਨਵੀਂ ਦਿੱਲੀ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤ ਵਿੱਚ ਇੱਕ ਵਾਰ ਫਿਰ ਕੋਰੋਨਾ ਦੇ ਮਾਮਲੇ ਵੱਧ ਰਹੇ ਹਨ। ਪਿਛਲੇ 24 ਘੰਟਿਆਂ ਵਿੱਚ ਇਸ ਮਹਾਂਮਾਰੀ ਕਾਰਨ 5 ਲੋਕਾਂ ਦੀ ਮੌਤ ਹੋ ਗਈ ਹੈ। ਹੁਣ ਤੱਕ 4026 ਐਕਟਿਵ ਮਾਮਲੇ ਸਾਹਮਣੇ ਆਏ ਹਨ। ਇਹ ਮੌਤਾਂ ਕੇਰਲ, ਮਹਾਰਾਸ਼ਟਰ, ਤਾਮਿਲਨਾਡੂ ਅਤੇ ਪੱਛਮੀ ਬੰਗਾਲ ਵਿੱਚ ਹੋਈਆਂ ਹਨ। ਮਰਨ ਵਾਲੇ ਸਾਰੇ ਲੋਕ ਪਹਿਲਾਂ ਹੀ ਕਿਸੇ ਨਾ ਕਿਸੇ ਬਿਮਾਰੀ ਤੋਂ ਪੀੜਤ ਸਨ। ਸਿਹਤ ਮੰਤਰਾਲੇ ਦੇ ਅਨੁਸਾਰ ਦੇਸ਼ ਵਿੱਚ ਕੋਵਿਡ-19 ਦੇ ਐਕਟਿਵ ਮਾਮਲੇ ਵਧ ਕੇ 4026 ਹੋ ਗਏ ਹਨ। ਮਹਾਰਾਸ਼ਟਰ ਵਿੱਚ ਕੋਵਿਡ-19 ਦੇ 59 ਨਵੇਂ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ 20 ਇਕੱਲੇ ਮੁੰਬਈ ਤੋਂ ਹਨ। ਇਨ੍ਹਾਂ ਵਿਚੋਂ 50 ਪ੍ਰਤੀਸ਼ਤ ਮਾਮਲੇ ਕੇਰਲ ਅਤੇ ਮਹਾਰਾਸ਼ਟਰ ਵਿਚ ਹਨ। ਕੇਰਲ ਵਿਚ ਸਭ ਤੋਂ ਵੱਧ 1416 ਸਰਗਰਮ ਮਾਮਲੇ ਹਨ। ਇਸ ਦੇ ਨਾਲ ਹੀ ਮਹਾਰਾਸ਼ਟਰ ਤੋਂ



494 ਮਾਮਲੇ ਸਾਹਮਣੇ ਆਏ ਹਨ। ਹੁਣ ਤੱਕ ਦੇਸ਼ ਭਰ ਵਿਚ 2700 ਮਰੀਜ਼ ਠੀਕ ਵੀ ਹੋਏ ਹਨ। ਹੁਣ ਤੱਕ ਕੋਰੋਨਾ ਕਾਰਨ 38 ਮੌਤਾਂ ਹੋਈਆਂ ਹਨ। ਇਨ੍ਹਾਂ ਵਿਚੋਂ ਪਿਛਲੇ 4 ਦਿਨਾਂ ਵਿਚ 31 ਦੀ ਮੌਤ ਹੋ ਗਈ ਹੈ। 24 ਘੰਟਿਆਂ ਵਿਚ ਕੇਰਲ, ਤਾਮਿਲਨਾਡੂ, ਪੱਛਮੀ ਬੰਗਾਲ ਅਤੇ ਗੁਜਰਾਤ ਵਿਚ 1-1 ਮੌਤ ਹੋਈ ਹੈ। ਇਸ ਸਾਲ 1 ਜਨਵਰੀ ਤੋਂ ਮਹਾਰਾਸ਼ਟਰ ਵਿੱਚ ਸੰਕਰਮਿਤ ਲੋਕਾਂ ਦੀ ਗਿਣਤੀ 873 ਹੋ ਗਈ ਹੈ। ਪੱਛਮੀ ਬੰਗਾਲ ਵਿੱਚ ਕੋਵਿਡ-19 ਦੇ 44 ਨਵੇਂ ਮਾਮਲੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਰਾਜ ਵਿੱਚ ਕੋਵਿਡ ਦੇ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ 331 ਹੈ। ਕਰਨਾਟਕ ਵਿੱਚ ਕੋਵਿਡ-19 ਦੇ 87 ਨਵੇਂ ਮਾਮਲੇ ਸਾਹਮਣੇ ਆਏ ਹਨ, ਜਿਸ ਨਾਲ ਰਾਜ ਦੀ ਗਿਣਤੀ 311 ਹੋ ਗਈ ਹੈ। ਕੋਰੋਨਾ ਦੇ ਵਧਦੇ ਮਾਮਲਿਆਂ ਵਿਚਕਾਰ ਪਿਛਲੇ 24 ਘੰਟਿਆਂ ਵਿੱਚ 5 ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਹਨ। ਕੇਰਲ ਵਿੱਚ ਇੱਕ 80 ਸਾਲਾ ਵਿਅਕਤੀ ਦੀ ਮੌਤ ਹੋ ਗਈ। ਉਸਨੂੰ ਨਮੂਨੀਆ, ਸ਼ੂਗਰ, ਹਾਈਪਰਟੈਨਸ਼ਨ ਅਤੇ ਦਿਲ ਦੀ ਬਿਮਾਰੀ ਸੀ। ਮਹਾਰਾਸ਼ਟਰ ਵਿੱਚ 70 ਅਤੇ 73 ਸਾਲ ਦੀਆਂ ਦੋ ਔਰਤਾਂ ਦੀ ਮੌਤ ਹੋ ਗਈ, ਦੋਵਾਂ ਨੂੰ ਸ਼ੂਗਰ ਅਤੇ ਹਾਈਪਰਟੈਨਸ਼ਨ ਸੀ। ਤਾਮਿਲਨਾਡੂ ਵਿੱਚ ਇੱਕ 69 ਸਾਲਾ ਔਰਤ ਦੀ ਮੌਤ ਹੋ ਗਈ, ਉਸਨੂੰ ਟਾਈਪ 2 ਸ਼ੂਗਰ ਅਤੇ ਪਾਰਕਿੰਸਨ’ਸ ਬਿਮਾਰੀ ਸੀ।

## ਡੱਲੇਵਾਲ ਨੇ ਮੁੱਖ ਮੰਤਰੀ ਮਾਨ ਦੀ ਡਿਬੇਟ ਦੀ ਚੁਣੌਤੀ ਕੀਤੀ ਸਵੀਕਾਰ, ਕਿਹਾ- ਮੀਡੀਆ ਸਾਹਮਣੇ ਕਰਾਂਗੇ ਬਹਿਸ

**ਚੰਡੀਗੜ੍ਹ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਡਿਬੇਟ ਵਾਲੀ ਚੁਣੌਤੀ ਨੇ ਸਵੀਕਾਰ ਕਰ ਲਿਆ ਹੈ। ਉਨ੍ਹਾਂ ਨੇ ਕਿਹਾ ਕਿ ਉਹ ਇਸ ਚੁਣੌਤੀ ਨੂੰ ਸਵੀਕਾਰ ਕਰਦੇ ਹਨ ਪਰ ਇਹ ਡਿਬੇਟ ਸਰਕਾਰ ਮੀਡੀਆ ਦੇ ਸਾਹਮਣੇ ਹੋਣੀ ਚਾਹੀਦੀ ਹੈ। ਦੱਸ ਦਈਏ ਕਿ ਉਨ੍ਹਾਂ ਨੇ ਇਹ ਚੁਣੌਤੀ ਉਦੋਂ ਸਵੀਕਾਰ ਕੀਤੀ, ਜਦੋਂ ਉਹ ਸੀਵਰੇਜ ਪਾਈਪਲਾਈਨ ਪ੍ਰੋਜੈਕਟ ਦਾ ਵਿਰੋਧ ਕਰਨ ਵਾਲੇ ਕਈ ਕਿਸਾਨਾਂ ਨੂੰ ਜੇਲ੍ਹ ਭੇਜਣ ਦੇ ਵਿਰੋਧ ਵਿੱਚ ਇੱਕ ਰਾਜ ਵਿਆਪੀ ਅੰਦੋਲਨ ਕਰ ਰਹੇ ਹਨ। ਉੱਥੇ ਹੀ ਅੱਜ ਜਗਜੀਤ ਸਿੰਘ ਡੱਲੇਵਾਲ ਬਠਿੰਡਾ ਵਿੱਚ ਪ੍ਰਦਰਸ਼ਨ ਕਰਦਿਆਂ ਹੋਇਆਂ ਮੁੱਖ ਮੰਤਰੀ ਭਗਵੰਤ ਮਾਨ ‘ਤੇ ਭੜਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦਾ ਵਿਰੋਧ ਕੇਂਦਰ ਦੇ ਖਿਲਾਫ ਸੀ। ਪਰ ਕੇਂਦਰ ਦੇ ਖਿਲਾਫ ਪ੍ਰਦਰਸ਼ਨ ਦੌਰਾਨ, ਪੰਜਾਬ ਸਰਕਾਰ ਨੇ ਪਹਿਲਾਂ ਉਨ੍ਹਾਂ ਨੂੰ ਮੀਟਿੰਗ ਲਈ ਸੱਦਿਆ ਅਤੇ ਫਿਰ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ। ਇੰਨਾ ਹੀ ਨਹੀਂ, ਹੁਣ ਉਹ ਆਪਣੇ ਆਪ ਨੂੰ ਪੰਜਾਬ ਦੇ ਪਾਣੀ ਦੇ ਰੱਖਵਾਲਾ ਦੱਸ ਰਹੇ ਹਨ।



ਕਿਸਾਨ ਪੁੱਛਣਾ ਚਾਹੁੰਦੇ ਹਨ ਕਿ ਜਦੋਂ ਹਰਿਆਣਾ ਨੂੰ 4 ਹਜ਼ਾਰ ਕਿਊਸਿਕ ਪਾਣੀ ਦਿੱਤਾ ਗਿਆ ਸੀ, ਤਾਂ ਕੀ ਇਹ ਕਿਸਾਨਾਂ ਨੂੰ ਪੁੱਛ ਕੇ ਦਿੱਤਾ ਗਿਆ ਸੀ। ਜ਼ਿਕਰ ਕਰ ਦਈਏ ਜਦੋਂ ਕਿਸਾਨ ਆਗੂਆਂ ਨੂੰ ਘਰ ਵਿੱਚ ਨਜ਼ਰਬੰਦ ਕੀਤਾ ਗਿਆ ਸੀ ਤਾਂ, ਸੀਐਮ ਮਾਨ ਨੇ ਉਨ੍ਹਾਂ ਨੂੰ ਡਿਬੇਟ ਲਈ ਚੁਣੌਤੀ ਦਿੱਤੀ ਸੀ। ਸੀਐਮ ਮਾਨ ਨੇ ਕਿਹਾ ਸੀ ਕਿ ਇਹ ਕਿਸਾਨ ਕਦੇ ਸੜਕਾਂ ਅਤੇ ਕਦੇ ਰੇਲਵੇ ਜਾਮ ਕਰ ਦਿੰਦੇ ਹਨ। ਪਰ ਹੁਣ ਅਜਿਹਾ ਨਹੀਂ ਹੋਣ ਦਿੱਤਾ ਜਾਵੇਗਾ। ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਨਾਲ ਜੁੜੇ ਕਿਸਾਨ ਬਠਿੰਡਾ ਜ਼ਿਲ੍ਹੇ ਦੇ ਘਸੋਖਾਨਾ ਪਿੰਡ ਵਿੱਚ ਸੂਬਾ ਸਰਕਾਰ ਵੱਲੋਂ ਵਿਛਾਈ ਜਾ ਰਹੀ ਸੀਵਰੇਜ ਪਾਈਪਲਾਈਨ ਦਾ ਲਗਾਤਾਰ ਵਿਰੋਧ ਕਰ ਰਹੇ ਸਨ।

## ਦਰਬਾਰ ਸਾਹਿਬ ਦੇ ਨੇੜੇ ਇੱਕ ਵਿਅਕਤੀ ਵੱਲੋਂ ਕੀਤੀ ਗਈ ਗੁਟਕਾ ਸਾਹਿਬ ਦੀ ਬੇਅਦਬੀ ,ਆਰੋਪੀ ਮੌਕੇ ’ਤੇ ਕਾਬੂ

**ਅੰਮ੍ਰਿਤਸਰ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਜਿੱਥੇ ਇੱਕ ਪਾਸੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਵਿੱਚ ਸ਼ਹੀਦੀ ਦਿਹਾੜੇ ਚੱਲ ਰਹੇ ਹਨ ਤੇ 6 ਜੂਨ ਨੂੰ ਵੱਡਾ ਘੱਲੂਘਾਰਾ ਦਿਵਸ ਮਨਾਇਆ ਜਾਵੇਗਾ। ਉਸ ਨੂੰ ਲੈ ਕੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਚਾਰੇ ਪਾਸੇ ਚੱਪੇ -ਚੱਪੇ ’ਤੇ ਵੱਡੀ ਗਿਣਤੀ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਹੈ। ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਬੇਅਦਬੀ ਹੋਣ ਦੀ ਇੱਕ ਵੱਡੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਦੇ ਨਜ਼ਦੀਕ ਇੱਕ ਵਿਅਕਤੀ ਵੱਲੋਂ ਗੁਟਕਾ ਸਾਹਿਬ ਦੀ ਬੇਅਦਬੀ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ। ਜਿਸ ਵਿੱਚ ਉਸ ਵੱਲੋਂ ਗੁਟਕਾ ਸਾਹਿਬ ਦੇ ਅੰਗ ਫਾੜੇ ਗਏ ਹਨ ਜਦਕਿ ਮੌਕੇ ’ਤੇ ਹੀ ਸੰਗਤ ਵੱਲੋਂ ਉਸ ਆਰੋਪੀ ਨੂੰ ਕਾਬੂ ਕਰਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਅਤੇ ਫਿਲਹਾਲ ਪੁਲਿਸ ਵੱਲੋਂ ਉਸ ਨੂੰ ਗ੍ਰਿਫ਼ਤਾਰ ਕਰਕੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏਡੀਸੀਪੀ ਥਰੀ ਜਸਰੂਪ ਕੌਰ ਬਾਠ ਨੇ ਦੱਸਿਆ ਕਿ ਫਿਲਹਾਲ ਆਰੋਪੀ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਪੁਲਿਸ ਦੀ ਟੀਮ ਉਸ ਤੋਂ ਜਾਂਚ ਕਰ ਰਹੀ ਹੈ। ਉਹਨਾਂ ਕਿਹਾ ਕਿ ਘੱਲੂਘਾਰੇ ਦੇ ਦਿਨ ਹੋਣ ਕਰਕੇ ਵੱਡੀ ਗਿਣਤੀ ਵਿੱਚ ਪੁਲਿਸ ਫੋਰਸ ਵੀ ਤੈਨਾਤ ਹੈ ਤੇ ਸੰਗਤਾਂ ਵੀ ਵੱਡੀ ਗਿਣਤੀ ਵਿੱਚ ਆ ਰਹੀਆਂ ਹਨ। ਜਦੋਂ ਇਸ ਆਰੋਪੀ ਵੱਲੋਂ ਅਜਿਹੀ ਘਟਨਾ ਨੂੰ ਅੰਜਾਮ ਦਿੱਤਾ ਗਿਆ ਤਾਂ ਸੰਗਤ ਵੱਲੋਂ ਹੀ ਉਸ ਆਰੋਪੀ ਨੂੰ ਕਾਬੂ ਕਰ ਲਿਆ ਗਿਆ ਸੀ। ਫਿਲਹਾਲ ਅਸੀਂ ਆਰੋਪੀ ਤੋਂ ਸਖ਼ਤੀ ਨਾਲ ਪੁੱਛਗਿੱਛ ਕਰ ਰਹੇ ਹਾਂ ਤੇ ਮਾਮਲਾ ਦਰਜ ਕਰਕੇ ਕਾਰਵਾਈ ਕਰ ਰਹੇ ਹਾਂ।

**ਸ੍ਰੀ ਦਰਬਾਰ ਸਾਹਿਬ ਨਜ਼ਦੀਕ ਵਾਪਰੀ ਬੇਅਦਬੀ ਦੀ ਘਟਨਾ ਦਾ ਐਡਵੋਕੇਟ ਧਾਮੀ ਨੇ ਲਿਆ ਸਖ਼ਤ ਨੋਟਿਸ , ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਅਤੇ ਮਿਸਾਲੀ ਸਜ਼ਾ ਦੀ ਕੀਤੀ ਮੰਗ**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਗੁਟਕਾ ਸਾਹਿਬ ਦੀ ਬੇਅਦਬੀ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਘਟਨਾ ਨੂੰ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਅਤਿ ਨਿੰਦਣਯੋਗ ਕਰਾਰ ਦਿੰਦਿਆਂ ਐਡਵੋਕੇਟ ਧਾਮੀ ਨੇ ਦੋਸ਼ੀ ਵਿਅਕਤੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਅਤੇ ਮਿਸਾਲੀ ਸਜ਼ਾ ਦੀ ਮੰਗ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਬਾਣੀ ਸਿੱਖ ਕੌਮ ਦੀ ਅਧਿਆਤਮਿਕ ਸ਼ਕਤੀ ਦਾ ਸੋਮਾ ਹੈ। ਗੁਰਬਾਣੀ ਦੀ ਬੇਅਬਦੀ ਦੀਆਂ ਅਜਿਹੀਆਂ ਘਟਨਾਵਾਂ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਗਹਿਰੀ ਚੋਟ ਪਹੁੰਚਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਹੈ ਕਿ ਘਟਨਾ ਦੇ ਪਿੱਛੇ ਜੋ ਮੁੱਖ ਦੋਸ਼ੀ ਜਾਂ ਸਾਜ਼ਿਸ਼ਕਰਤਾ ਹਨ, ਉਨ੍ਹਾਂ ਨੂੰ ਵੀ ਸਾਹਮਣੇ ਲਿਆਂਦਾ ਜਾਵੇ, ਪ੍ਰੰਤੂ ਵਾਰ ਵਾਰ ਬੇਅਦਬੀ ਦੀਆਂ ਘਟਨਾਵਾਂ ਤੋਂ ਬਾਅਦ ਸਰਕਾਰ ਵੱਲੋਂ ਦੋਸ਼ੀਆਂ ਨੂੰ ਮਾਨਸਿਕ ਰੋਗੀ ਕਹਿ ਦੇਣਾ ਵੀ ਇੱਕ ਵੱਡੀ ਸਾਜ਼ਿਸ਼ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਅਤੇ ਸਾਰੇ ਸੰਭਾਵੀ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਸੱਚਾਈ ਸਾਹਮਣੇ ਲਿਆਂਦੀ ਜਾਵੇ। ਐਡਵੋਕੇਟ ਧਾਮੀ ਨੇ ਕਿਹਾ ਕਿ ਜੂਨ ਮਹੀਨੇ ਦਾ ਪਹਿਲਾ ਹਫ਼ਤਾ ਸਿੱਖ ਕੌਮ ਲਈ ਇਤਿਹਾਸਕ ਅਤੇ ਭਾਵਨਾਤਮਕ ਤੌਰ ’ਤੇ ਅਤਿ ਸੰਵੇਦਨਸ਼ੀਲ ਹੁੰਦਾ ਹੈ, ਕਿਉਂਕਿ ਇਹ ਸਮਾਂ ਸ੍ਰੀ ਦਰਬਾਰ ਸਾਹਿਬ ’ਤੇ 1984 ਵਿੱਚ ਹੋਏ ਫੌਜੀ ਹਮਲੇ ਦੀ ਯਾਦ ਨੂੰ ਤਾਜ਼ਾ ਕਰਦਾ ਹੈ।

## ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੇਂਦਰੀ ਜੇਲ੍ਹ ਪਟਿਆਲਾ ’ਚ ਨਜ਼ਰਬੰਦ ਭਾਈ ਰਾਜੋਆਣਾ ਨਾਲ ਮੁਲਾਕਾਤ

ਨਵੀਂ ਦਿੱਲੀ, 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅੱਜ ਕੇਂਦਰੀ ਜੇਲ੍ਹ ਪਟਿਆਲਾ ’ਚ ਫਾਂਸੀ ਦੀ ਚੱਕੀ ਵਿੱਚ ਨਜ਼ਰਬੰਦ ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਜਥੇਦਾਰ ਗੜਗੱਜ ਨੇ ਭਾਈ ਰਾਜੋਆਣਾ ਨਾਲ ਪੰਥਕ ਤੇ ਗੁਰਮਤਿ ਵਿਚਾਰਾਂ ਕੀਤੀਆਂ ਅਤੇ ਭਾਈ ਸਾਹਿਬ ਦੀ ਚੜ੍ਹਦੀ ਕਲਾ ਲਈ ਖ਼ੁਦ ਅਰਦਾਸ ਕੀਤੀ ਤੇ ਉਪਰੰਤ ਉਨ੍ਹਾਂ ਨੂੰ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੀ ਦੇਗ ਛਕਾਈ।



ਮੁਲਾਕਾਤ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਸਿੱਖ ਕੌਮ ਦਾ ਸਰਮਾਇਆ ਹਨ ਅਤੇ ਉਨ੍ਹਾਂ ਦੀ ਰਿਹਾਈ ਨੂੰ ਲੈ ਕੇ ਸਰਕਾਰ ਦੇ ਵਿਤਕਰੇ ਭਰੇ ਰਵੱਈਏ ਖ਼ਿਲਾਫ਼ ਸਮੁੱਚਾ ਪੰਥ ਇਕਜੁੱਟਤਾ ਨਾਲ ਜਵਾਬ ਦੇਵੇ। ਉਨ੍ਹਾਂ ਕਿਹਾ ਕਿ ਜੇਲ੍ਹਾਂ ਵਿਚ ਬੰਦੀ ਸਿੱਖ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਅਤੇ ਉਨ੍ਹਾਂ ਨੂੰ ਵੀ ਰਿਹਾਅ ਨਾ ਕਰਨਾ ਸਪੱਸ਼ਟ ਕਰਦਾ ਹੈ ਕਿ ਸਰਕਾਰ ਸਿੱਖਾਂ ਪ੍ਰਤੀ ਬੇਰੁਖ਼ੀ ਵਾਲਾ ਵਤੀਰਾ ਰੱਖਦੀ ਹੈ। ਇਕ ਸਵਾਲ ਦੇ ਜਵਾਬ ਵਿਚ ਜਥੇਦਾਰ ਗੜਗੱਜ ਨੇ ਕਿਹਾ ਕਿ 6 ਜੂਨ ਨੂੰ 1984 ਘੱਲੂਘਾਰਾ ਦੇ ਸ਼ਹੀਦੀ ਦਿਹਾੜੇ ਮੌਕੇ ਜਿੱਥੇ ਸ਼ਹੀਦਾਂ ਨੂੰ ਸਤਿਕਾਰ ਤੇ ਸਿੱਜਦਾ ਕਰਨ ਮੌਕੇ ਕੌਮੀ ਏਕਤਾ ਪ੍ਰਗਟਾਈ ਜਾਵੇ, ਉੱਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਦਬ ਅਤੇ ਸਤਿਕਾਰ ਪ੍ਰਤੀ ਵੀ ਫ਼ਰਜ਼ਾਂ ਦੀ ਪਹਿਰੇਦਾਰੀ ਕਰਨ ਲਈ ਸਾਰੇ ਹੀ ਵਚਨਬੱਧ ਰਹਿਣ। ਇਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਮੈਂਬਰ ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਮੇਰ ਸਿੰਘ ਲਾਛੜੂ ਵੀ ਨਾਲ ਸਨ। ਜਥੇਦਾਰ ਗੜਗੱਜ ਨੇ ਕਿਹਾ ਕਿ 6 ਜੂਨ ਨੂੰ ਘੱਲੂਘਾਰਾ ਦਿਵਸ ਦੀ 41ਵੀਂ ਵਰ੍ਹੇਗੰਢ ਮਨਾਈ ਜਾਵੇਗੀ ਅਤੇ ਇਸ ਦੌਰਾਨ ਜਿੱਥੇ ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਂਟ ਕੀਤਾ ਜਾਣਾ ਹੈ, ਉੱਥੇ ਹੀ ਹਰ ਸਿੱਖ ਦਾ ਫ਼ਰਜ਼ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਦਬ ਅਤੇ ਸਤਿਕਾਰ ਪ੍ਰਤੀ ਆਪਣੇ ਫ਼ਰਜ਼ਾਂ ਦੀ ਪਹਿਰੇਦਾਰੀ ਕਰੇ। ਉਨ੍ਹਾਂ ਕਿਹਾ ਕਿ ਮੁਲਾਕਾਤ ਦੌਰਾਨ ਭਾਈ ਰਾਜੋਆਣਾ ਨੇ ਵੀ ਆਪਣੇ ਸਨੇਹੇ ਵਿਚ ਆਖਿਆ ਹੈ ਕਿ ਸਿੱਖ ਕੌਮ ਦੇ ਕੌਮੀ ਦਿਹਾੜਿਆਂ ਨੂੰ ਪੰਥਕ ਰਵਾਇਤਾਂ ਅਤੇ ਮਰਿਆਦਾ ਅਨੁਸਾਰ ਮਨਾਇਆ ਜਾਵੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਤਿਕਾਰ ਨੂੰ ਵੀ ਕਾਇਮ ਰੱਖਿਆ ਜਾਵੇ। ਭਾਈ ਰਾਜੋਆਣਾ ਨੇ ਜਥੇਦਾਰ ਗੜਗੱਜ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਸਾਰਿਆਂ ਨੂੰ ਸਤਿਕਾਰਤ ਜਥੇਦਾਰ ਦਾ ਸਹਿਯੋਗ ਕਰਦਿਆਂ ਕਿਸੇ ਕਿਸਮ ਦੇ ਟਕਰਾਅ ਤੋਂ ਬਚਣਾ ਚਾਹੀਦਾ ਹੈ। ਭਾਈ ਰਾਜੋਆਣਾ ਨੇ ਸਨੇਹਾ ਦਿੱਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲੰਮੇ ਸਮੇਂ ਤੋਂ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਕਰਦੀ ਆਈ ਹੈ ਅਤੇ ਜਿਹੜੇ ਵੀ ਸਿੰਘ ਸਾਹਿਬਾਨ ਨੂੰ ਸਿੱਖ ਸੰਸਥਾ ਵੱਲੋਂ ਜਿੰਮੇਵਾਰੀ ਦਿੱਤੀ ਜਾਂਦੀ ਹੈ ਉਹ ਉਨ੍ਹਾਂ ਦਾ ਪੂਰਾ ਮਾਣ ਸਤਿਕਾਰ ਕਰਦੇ ਹਨ। ਭਾਈ ਰਾਜੋਆਣਾ ਨੇ ਗੁਰੂ ਸਾਹਿਬ ਦੇ ਸਨਮੁਖ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਪੱਖ ਤੋਂ ਸਿੱਖ ਸੰਸਥਾਵਾਂ ਦਾ ਮਾਣ ਸਤਿਕਾਰ ਨੀਵਾਂ ਨਹੀਂ ਹੋਣਾ ਚਾਹੀਦਾ। ਜਥੇਦਾਰ ਗੜਗੱਜ ਨੇ ਕਿਹਾ ਕਿ ਜਿੱਥੇ ਅੱਜ ਕੌਮ ਦੇ ਦਰਦ ਨੂੰ ਸਮਝਣ ਦੀ ਲੋੜ ਹੈ, ਉੱਥੇ ਹੀ ਸਿੱਖ ਕੌਮ ਵਿੱਚ ਏਕਤਾ ਨੂੰ ਵੀ ਪ੍ਰਗਟ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਦੇ ਵੀ ਕੌਮੀ ਪਰਵਾਨਿਆਂ ਦੀਆਂ ਸ਼ਹਾਦਤਾਂ ਨੂੰ ਅਣਡਿੱਠ ਕਰਕੇ ਨਹੀਂ ਵੇਖਿਆ ਜਾ ਸਕਦਾ, ਜਿਨ੍ਹਾਂ ਨੇ ਆਪਣਾ ਆਪ ਖ਼ਾਲਸਾ ਪੰਥ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਅਰਪਣ ਕੀਤਾ ਹੋਵੇ। ਜਥੇਦਾਰ ਗੜਗੱਜ ਨੇ ਅਪੀਲ ਕਰਦਿਆਂ ਕਿਹਾ ਕਿ ਘੱਲੂਘਾਰਾ ਦਿਵਸ ਗੁਰੂ ਦੇ ਭਾਣੇ ਵਿਚ ਰਹਿ ਕੇ ਬਗੈਰ ਕਿਸੇ ਖਲਲ ਤੋਂ ਮਨਾਇਆ ਜਾਵੇ। ਜਥੇਦਾਰ ਗੜਗੱਜ ਨੇ ਕਿਹਾ ਕਿ ਭਾਈ ਰਾਜੋਆਣਾ ਅਤੇ ਬੰਦੀ ਸਿੱਖਾਂ ਦੀ ਰਿਹਾਈ ਮਸਲੇ ’ਤੇ ਸਰਕਾਰਾਂ ਦੇ ਦੋਹਰੇ ਮਾਪਦੰਡ ਵੀ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਾਲ 2019 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਕੀਤੇ ਆਪਣੇ ਫੈਸਲੇ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ। ਜਥੇਦਾਰ ਗੜਗੱਜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨੇੜੇ ਗੁਟਕਾ ਸਾਹਿਬ ਦੀ ਬੇਅਦਬੀ ਦੀ ਵਾਪਰੀ ਘਟਨਾ ਨੂੰ ਮੰਦਭਾਗਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਜਦੋਂ ਘੱਲੂਘਾਰਾ ਦਿਵਸ ਵਰਗੇ ਕੌਮੀ ਦਿਹਾੜੇ ਮਨਾਏ ਜਾ ਰਹੇ ਹੋਣ ਤਾਂ ਅਜਿਹੀਆਂ ਤਾਕਤਾਂ ਕੁਝ ਨਾ ਕੁਝ ਖ਼ਲਲ ਪਾਉਣ ਲਈ ਸ਼ਰਾਰਤ ਕਰਦੀਆਂ ਹਨ, ਜਿਸ ਤੋਂ ਸਿੱਖ ਸੰਗਤ ਨੂੰ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਜਿਥੇ ਸਾਜ਼ਸ਼ਾਂ ਹਨ, ਉੱਥੇ ਹੀ ਸਰਕਾਰ ਨੂੰ ਮਿਸਾਲੀ ਸਜ਼ਾਵਾਂ ਦੇਣੀਆਂ ਚਾਹੀਦੀਆਂ ਤਾਂ ਕਿ ਮੁੜ ਤੋਂ ਅਜਿਹੀਆਂ ਘਟਨਾਵਾਂ ਸਾਹਮਣੇ ਨਾ ਆਉਣ।


ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਗੁਰਪੁਰਬ ਅਤੇ ਜਥੇ. ਬਾਬਾ ਅਮਰਜੀਤ ਸਿੰਘ ਜੀ ਦੀ 16ਵੀਂ ਬਰਸੀ ਨੂੰ ਸਮਰਪਿਤ
ਮਹਾਂਪੁਰਸ਼ ਬਾਬਾ ਲਛਮਣ ਸਿੰਘ ਜੀ (ਮੁੰਡਾ ਪਿੰਡ ਵਾਲੇ)
ਮਹਾਂਪੁਰਸ਼ ਬਾਬਾ ਅਮਰਜੀਤ ਸਿੰਘ ਜੀ (ਮੁੰਡਾ ਪਿੰਡ ਵਾਲੇ)
ਮਹਾਂਪੁਰਸ਼ ਬਾਬਾ ਗੋਬਿੰਦ ਸਿੰਘ ਜੀ (ਮੁੰਡਾ ਪਿੰਡ ਵਾਲੇ)
ਗੁਰਮਤਿ ਸਮਾਗਮ
ਗੁ. ਬਾਬੇ ਕਾ ਖੂਹ (ਬਾਬਾ ਗੋਬਿੰਦ ਸਿੰਘ ਜੀ), ਮੁੰਡਾ ਪਿੰਡ, (ਤਰਨ ਤਾਰਨ)
4 ਜੂਨ 2025 (22 ਜੇਠ), ਬੁੱਧਵਾਰ
ਸਮਾਂ ਸਵੇਰੇ 11:00 ਵਜੇ ਤੋਂ 4:00 ਵਜੇ ਤੱਕ
ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੁੱਖੀ ਦਮਦਮੀ ਟਕਸਾਲ)
ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ (ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ (ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ)
ਐਡਵੋਕੇਟ ਭਾਈ ਹਰਜਿੰਦਰ ਸਿੰਘ ਧਾਮੀ (ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ)
ਕਵੀਸ਼ਰ ਭਾਈ ਗੁਰਮੁਖ ਸਿੰਘ MA
ਰਾਗੀ ਭਾਈ ਮਹਿਤਾਬ ਸਿੰਘ ਜਲੰਧਰ ਵਾਲੇ
ਕਵੀਸ਼ਰ ਭਾਈ ਭਗਵਾਨ ਸਿੰਘ ਸੂਰਵਿੰਡ
ਕਵੀਸ਼ਰ ਭਾਈ ਕੇਵਲ ਸਿੰਘ ਮਹਿਤਾ
ਕੇਵਲ ਸੱਦੇ ਹੋਏ ਜਥਿਆਂ ਨੂੰ ਹੀ ਸਮਾਂ ਦਿੱਤਾ ਜਾਵੇਗਾ।
ਚਾਹ-ਪਕੌੜੇ ਅਤੇ ਗੁਰੂ ਦਾ ਲੰਗਰ ਅਤੁੱਟ ਵਰਤੇਗਾ।
ਸਟੇਜ ਸਕੱਤਰ ਦੀ ਸੇਵਾ ਗਿਆਨੀ ਰਣਜੀਤ ਸਿੰਘ ਜੀ ਨਿਭਾਉਣਗੇ।
ਕਬੱਡੀ ਮੈਚ 4 ਜੂਨ, ਬੁੱਧਵਾਰ ਸ਼ਾਮ 4:00 ਵਜੇ ਹੋਵੇਗਾ।
ਕਬੱਡੀ ਦਾ ਮੈਚ ਹੋਵੇਗਾ, ਕੁਸ਼ਤੀਆਂ ਨਹੀਂ ਹੋਣਗੀਆਂ।
ਬੇਨਤੀ ਕਰਤਾ:
ਸੰਪ੍ਰਦਾਇ ਬਹਾਦਰ ਬਾਬਾ ਬਿਧੀਚੰਦ ਜੀ ਮੁੰਡਾ ਪਿੰਡ,
ਬਾਬਾ ਬੰਤਾ ਸਿੰਘ ਜੀ, ਬਾਬਾ ਜੀਵਾ ਸਿੰਘ ਜੀ (ਦਮਦਮੀ ਟਕਸਾਲ)
ਅਤੇ ਸਮੂਹ ਸਾਧ ਸੰਗਤ ਮੁੰਡਾ ਪਿੰਡ, ਤਰਨ ਤਾਰਨ।
ਸੰਪਰਕ: +91 84270 88882
ਬਾਬਾ ਬੰਤਾ ਸਿੰਘ ਜੀ
ਬਾਬਾ ਜੀਵਾ ਸਿੰਘ ਜੀ

ਕੀਰਤਪੁਰ ਸਾਹਿਬ ਵਿਖੇ ਸਰਦਾਰ ਸੁਖਦੇਵ ਸਿੰਘ ਢੀਂਡਸਾ ਦੀ ਅਸਥੀਆਂ ਜਲ ਪ੍ਰਵਾਹ

# ਘਰ ਤੋਂ ਕੀਰਤਪੁਰ ਸਾਹਿਬ ਤੱਕ ਵੱਖ ਵੱਖ ਜਗ੍ਹਾ ਸੰਗਤਾਂ ਨੇ ਅਸਥੀਆਂ ਨੂੰ ਕੀਤਾ ਨਮਨ



**ਚੰਡੀਗੜ /ਸੰਗਰੂਰ, 3 ਜੂਨ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਅਤੇ ਸਾਬਕਾ ਕੇਂਦਰੀ ਮੰਤਰੀ ਸਰਦਾਰ ਸੁਖਦੇਵ ਸਿੰਘ ਢੀਂਡਸਾ ਜੀ ਦੇ ਨਮਿੱਤ ਅੱਜ ਓਹਨਾ ਦੇ ਜੱਦੀ ਪਿੰਡ ਉਭਾਵਾਲਾ ਵਿਖੇ ਫੁੱਲ ਚੁਗਣ ਅਤੇ ਅੰਗੀਠਾ ਸਾਂਭਣ ਦੀ ਕਿਰਿਆ ਨੂੰ ਪੂਰਾ ਕੀਤਾ ਗਿਆ। ਅਰਦਾਸ ਕਰਨ ਉਪਰੰਤ ਸਰਦਾਰ ਢੀਂਡਸਾ ਦੇ ਸਪੁੱਤਰ ਸਰਦਾਰ ਪ੍ਰਮਿੰਦਰ ਸਿੰਘ ਢੀਂਡਸਾ ਪਰਿਵਾਰਕ ਮੈਂਬਰਾਂ ਨਾਲ ਅਸਥੀਆਂ ਨੂੰ ਜਲ ਪ੍ਰਵਾਹ ਕਰਨ ਲਈ ਸ੍ਰੀ ਕੀਰਤਪੁਰ ਸਾਹਿਬ ਲਈ ਰਵਾਨਾ ਹੋਏ। ਘਰ ਤੋਂ ਸ੍ਰੀ ਕੀਰਤਪੁਰ ਸਾਹਿਬ ਦੇ ਰਸਤੇ ਦਰਮਿਆਨ ਵੱਖ ਵੱਖ ਜਗ੍ਹਾ ਸਰਦਾਰ ਢੀਂਡਸਾ ਦੀਆਂ ਅਸਥੀਆਂ ਨੂੰ ਨਮਮ ਕਰਨ ਲਈ ਸੰਗਤ ਵੱਲੋ ਕਾਫਲੇ ਨੂੰ ਰੋਕ ਕੇ ਆਪਣੇ ਮਰਹੂਮ ਨੇਤਾ ਨੂੰ ਫੁੱਲਾਂ ਦੀ ਵਰਖਾ ਨਾਲ ਆਪਣਾ ਪਿਆਰ ਅਤੇ ਸਤਿਕਾਰ ਭੇਂਟ ਕੀਤਾ। ਜਿੱਥੇ ਸੰਗਰੂਰ ਵਿਖੇ ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ ਦੀ ਅਗਵਾਈ ਹੇਠ ਸੰਗਤ ਨੇ ਨਮਨ ਕੀਤਾ ਉਥੇ ਹੀ ਪਟਿਆਲਾ ਪਹੁੰਚਣ ਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਆਪਣੇ ਸਾਥੀਆਂ ਸਮੇਤ ਸਰਦਾਰ ਢੀਂਡਸਾ ਦੀਆਂ ਅਸਥੀਆਂ ਨੂੰ ਨਮਨ ਕੀਤਾ। ਬਹਾਦਰਗੜ੍ਹ ਵਿਖੇ ਸਰਦਾਰ ਪ੍ਰੇਮ ਸਿੰਘ ਚੰਦੂਮਾਜਰਾ ਵੱਲੋਂ ਸਰਦਾਰ ਢੀਂਡਸਾ ਦੀਆਂ ਅਸਥੀਆਂ ਨੂੰ ਨਮਨ ਕੀਤਾ ਗਿਆ ਤਾਂ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਅਮਰਿੰਦਰ ਸਿੰਘ ਲਿਬੜਾ ਵਲੋ ਆਪਣੇ ਸਾਥੀਆਂ ਸਮੇਤ ਫੁੱਲਾਂ ਦੀ ਵਰਖਾ ਕਰਕੇ ਸਰਦਾਰ ਢੀਂਡਸਾ ਨੂੰ ਨਮਨ ਕੀਤਾ ਗਿਆ। ਇਸ ਉਪਰੰਤ ਸਰਦਾਰ ਢੀਂਡਸਾ ਦੀਆਂ ਅਸਥੀਆਂ ਨੂੰ ਲੈਕੇ ਗੱਡੀਆਂ ਤੇ ਬੱਸਾਂ ਦੇ ਵੱਡੇ ਕਾਫ਼ਲੇ ਦੇ ਰੂਪ ਵਿੱਚ ਚਲੀ ਸੰਗਤ ਸ੍ਰੀ ਕੀਰਤਪੁਰ ਸਾਹਿਬ ਵਿਖੇ ਪਹੁੰਚੀ, ਜਿੱਥੇ ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਭਾਈ ਅਮਰਜੀਤ ਸਿੰਘ ਚਾਵਲਾ ਫੁੱਲ ਜਲ ਪ੍ਰਵਾਹ ਕਿਰਿਆ ਅਤੇ ਰਸਮਾਂ ਦਾ ਹਿਸੇ ਬਣੇ। ਗੁਰਦੁਆਰਾ ਪਤਾਲਪੁਰੀ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਪਰਿਵਾਰਕ ਮੈਂਬਰਾਂ ਅਤੇ ਓਹਨਾ ਦੇ ਚਾਹੁਣ ਵਾਲੇ ਅਜੀਜ ਦੋਸਤਾਂ ਮਿੱਤਰਾਂ ਸਕੇ ਸਬੰਧੀਆਂ ਵਲੋ ਸਰਦਾਰ ਢੀਂਡਸਾ ਦੀਆਂ ਅਸਥੀਆਂ ਨੂੰ ਜਲ ਪ੍ਰਵਾਹ ਕਰਨ ਦੀ ਰਸਮ ਕਿਰਿਆ ਨੂੰ ਪੂਰਾ ਕੀਤਾ ਗਿਆ। ਸਰਦਾਰ ਚਰਨਜੀਤ ਸਿੰਘ ਬਰਾੜ ਨੇ ਜਾਣਕਾਰੀ ਸਾਂਝਾ ਕਰਦਿਆਂ ਕਿਹਾ ਕਿ ਸਰਦਾਰ ਢੀਂਡਸਾ ਦੇ ਨਮਿਤ ਭੋਗ ਅਤੇ ਸ਼ਰਧਾਂਜਲੀ ਸਮਾਗਮ 8 ਜੂਨ ਨੂੰ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਹੋਣਗੇ। ਇਸ ਮੌਕੇ ਨਿਹੰਗ ਸਿੰਘ ਜਥੇਬੰਦੀ ਦੇ ਮੁਖੀ ਬਾਬਾ ਬਾਬਾ ਬਲਬੀਰ ਸਿੰਘ, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਾਬਕਾ ਵਿਧਾਇਕ, ਜਸਟਿਸ ਨਿਰਮਲ ਸਿੰਘ ਸਾਬਕਾ ਵਿਧਾਇਕ, ਬੀਬੀ ਪਰਮਜੀਤ ਕੌਰ ਗੁਲਸ਼ਨ ਸਾਬਕਾ ਸਾਂਸਦ, ਸਤਵਿੰਦਰ ਸਿੰਘ ਢੱਟ, ਐਸਜੀਪੀਸੀ ਮੈਬਰ ਮਲਕੀਤ ਸਿੰਘ ਚੰਗਾਲ, ਸਤਵਿੰਦਰ ਸਿੰਘ ਟੌਹੜਾ, ਜਗਮੀਤ ਸਿੰਘ ਬਰਾੜ, ਐੱਚ ਐੱਸ ਫੂਲਕਾ ਵਲੋਂ ਘਰ ਵਿਖੇ ਹਾਜ਼ਰੀ ਭਰੀ ਗਈ।

ਰਾਮਗੜੀਆ ਬਰਾਦਰੀ ਵਲੋਂ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ

# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੇ ਪੀਰੀ ਨਾਲ ਮੀਰੀ ਨੂੰ ਜੋੜਨ ਦਾ ਥੰਮ ਬਨਿਆ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਰਾਮਗੜੀਆ ਬਰਾਦਰੀ ਵਲੋਂ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਰਾਮਗੜੀਆ ਕੋ ਓਪਰੇਟਿਵ ਬੈਂਕ ਪਹਾੜ ਗੰਜ ਦੀ ਸ਼ਾਖਾ ਵਿਖ਼ੇ ਸਤਿਕਾਰ ਅਤੇ ਸ਼ਰਧਾ ਨਾਮ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਵਲੋਂ ਬੈਂਕ ਦੇ ਬਾਹਰ ਮਿੱਠੇ ਜਲ ਦੀ ਛੱਬੀਲ ਲਗਾਈ ਗਈ ਸੀ। ਇਸ ਬਾਰੇ ਜਾਣਕਾਰੀ ਦੇਂਦਿਆ ਰਾਮਗੜੀਆ ਬੈਂਕ ਦੇ ਚੇਅਰਮੈਨ, ਦਿੱਲੀ ਗੁਰਦੁਆਰਾ ਕਮੇਟੀ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਤੇ ਮੌਜੂਦਾ ਮੈਂਬਰ ਬੀਬੀ ਰਣਜੀਤ ਕੌਰ ਨੇ ਦਸਿਆ ਕਿ ਸਿੱਖ ਪੰਥ ਵਿਚ ਪਹਿਲੀ ਸ਼ਹਾਦਤ ਪੰਜਵੇ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਜ਼ੁਲਮ ਵਿਰੁੱਧ ਆਵਾਜ਼ ਚੁੱਕਦਿਆਂ ਦਿੱਤੀ ਸੀ ਤੇ ਉਨ੍ਹਾਂ ਵਲੋਂ ਦਿੱਤੀ ਗਈ ਅਦੁੱਤੀ ਸ਼ਹਾਦਤ ਨੇ ਪੀਰੀ ਦੇ ਨਾਲ ਮੀਰੀ ਨੂੰ ਜੋੜਨ ਥੰਮ ਬਨਿਆ ਸੀ। ਉਨ੍ਹਾਂ ਕਿਹਾ ਕਿ ਪੰਥ ਇਸ ਸਮੇਂ ਸਾਕਾ ਨੀਲਾ ਤਾਰਾ ਦੇ ਸ਼ਹੀਦੀ ਦਿਹਾੜੇ ਮਨਾ ਰਿਹਾ ਹੈ ਤੇ ਸਾਡਾ ਫਰਜ਼ ਬਣਦਾ ਹੈ ਕਿ ਤੱਤਕਾਲੀ ਸਰਕਾਰ ਵਲੋਂ ਸਿੱਖ ਪੰਥ ਦੇ ਮੁਕੱਦਸ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਅਤੇ 36 ਹੋਰ ਗੁਰੂਧਾਮਾਂ ਉਪਰ ਢਾਹੇ ਗਏ ਕਹਿਰ ਨੂੰ ਆਪਣੀ ਪੀੜੀ ਨਾਲ ਸਾਂਝਾ ਕਰਦੇ ਰਹਿਣਾ ਚਾਹੀਦਾ ਹੈ ਜਿਸ ਨਾਲ ਉਨ੍ਹਾਂ ਨੂੰ ਆਪਣਾ ਇਤਿਹਾਸ ਪਤਾ ਲਗਦਾ ਰਹੇ। ਇਸ ਮੌਕੇ ਵਾਈਸ ਚੇਅਰਮੈਨ ਸਰਦਾਰ ਅਮਰਜੀਤ ਸਿੰਘ, ਡੀ ਆਈ ਆਰ ਬਲਦੇਵ ਸਿੰਘ, ਗੁਰਚਰਨ ਸਿੰਘ ਗੱਤਕਾ ਮਾਸਟਰ, ਹਰਜੀਤ ਸਿੰਘ ਪੱਪਾ, ਸੁਰਿੰਦਰ ਪਾਲ ਸਿੰਘ, ਗੁਰਸ਼ਰਨ ਸਿੰਘ ਸੰਧੂ, ਹਰਵਿੰਦਰ ਸਿੰਘ, ਸੱਤਪਾਲ ਸਿੰਘ, ਰਜਿੰਦਰ ਸਿੰਘ ਰੂਬੀ, ਸੁਖਦੇਵ ਸਿੰਘ ਰਾਇਤ, ਗੁਰਮੀਤ ਸਿੰਘ ਦੇ ਨਾਲ ਬੀਬੀ ਰਵਿੰਦਰ ਕੌਰ ਬਤਰਾ, ਸਰਬਜੀਤ ਕੌਰ ਅਤੇ ਦਲਬੀਰ ਕੌਰ ਹਾਜਿਰ ਸਨ।

ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ

# ਗੋਡੇ ਬਦਲਣ ਦੇ ਅਪਰੇਸ਼ਨ ਸਫਲਤਾਪੂਰਵਕ ਸ਼ੁਰੂ



**ਤਲਵੰਡੀ ਸਾਬੋ, 03 ਜੂਨ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਲਈ ਵਚਨਬੱਧ। ਸਰਕਾਰ ਦਾ ਰੰਗਲਾ ਪੰਜਾਬ ਬਣਾਉਣ ਦੇ ਟੀਚੇ ਨੂੰ ਮੁੱਖ ਰਖਦੇ ਹੋਏ, ਪ੍ਰੋ. ਬਲਜਿੰਦਰ ਕੌਰ ਐਮਐਲਏ ਤਲਵੰਡੀ ਸਾਬੋ ਦੇ ਸਿਸ਼ਾ ਨਿਰਦੇਸ਼ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਵੱਲੋਂ ਕੀਤੇ ਜਾ ਰਹੇ ਨਿਰੰਤਰ ਉਪਰਾਲਿਆਂ ਸਦਕਾ ਅਤੇ ਯੋਗ ਅਗਵਾਈ ਹੇਠ ਤਲਵੰਡੀ ਸਾਬੋ ਵਿਖੇ ਹੱਡੀਆਂ ਅਤੇ ਜੋੜਾਂ ਦੇ ਮਾਹਰ ਡਾਕਟਰ ਡਾ. ਅਨਿਲ ਗਰਗ (MS ortho) ਵੱਲੋਂ ਗੋਡੇ ਬਦਲਣ ਦੇ ਅਪਰੇਸ਼ਨ ਸ਼ੁਰੂ ਕਰ ਦਿੱਤੇ ਗਏ ਹਨ। ਡਾ ਅਨਿਲ ਗਰਗ (MS ortho) ਵੱਲੋਂ ਮਿਤੀ 2 ਜੂਨ ਨੂੰ ਸਫਲਤਾਪੂਰਵਕ ਗੋਡਾ ਬਦਲਿਆ ਗਿਆ ਹੈ। ਉਨ੍ਹਾਂ ਨੇ ਇਸ ਮੌਕੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਯੁਸ਼ਮਾਨ ਭਾਰਤ ਸਕੀਮ ਅਧੀਨ ਬਿਨਾ ਖਰਚਾ ਗੋਡੇ ਬਦਲਣ ਦੇ ਅਪਰੇਸ਼ਨ ਸ਼ੁਰੂ ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਦੇ ਪੂਰਣ ਸਹਿਯੋਗ ਸਦਕਾ ਅਪਰੇਸ਼ਨ ਲਈ ਲੋੜੀਂਦੇ ਬੰਦੋਬਸਤ ਕੀਤੇ ਗਏ ਤਾਂ ਜੋ ਲੋਕਾਂ ਨੂੰ ਸੁਚਾਰੂ ਢੰਗ ਨਾਲ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਵੱਲੋਂ ਸਿਹਤ ਸਹੂਲਤਾਂ ਦਾ ਮਿਆਰ ਉੱਚਾ ਚੱਕਣ ਵਾਸਤੇ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ ਜਿਵੇਂ ਕਿ ਲਗਭਗ 380 ਕਿਸਮ ਦੀਆਂ ਮੁਫ਼ਤ ਦਵਾਈਆਂ ਹਸਪਤਾਲ ਵਿਖੇ ਉਪਲਭਦ ਕਰਵਾਈਆਂ ਜਾ ਰਹੀਆਂ ਹਨ। ਹਸਪਤਾਲ ਦੀ ਸਾਫ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਅਤੇ ਵੱਧ ਵੱਧ ਤੋਂ ਐਮਰਜੈਂਸੀ ਮੈਡੀਕਲ ਅਫਸਰ ਅਤੇ ਮਾਹਰ ਡਾਕਟਰਾਂ ਦੀ ਤੈਨਾਤੀ ਲਈ ਵਿਸ਼ੇਸ਼ ਉਚੇਚ ਕੀਤੇ ਜਾ ਰਹੇ ਹਨ।

# ਕਾਂਗਰਸ ਵਿਧਾਇਕ ਸੁਖਪਾਲ ਸਿੰਘ ਖਹਿਰਾ ਵੱਲੋਂ ਭਗਵੰਤ ਮਾਨ ਸਰਕਾਰ ਦੀ ਲੁਧਿਆਣਾ ਵਿੱਚ 25,000 ਏਕੜ ਜ਼ਮੀਨ ਪੂਲਿੰਗ ਨੀਤੀ ਦੀ ਸਖ਼ਤ ਨਿੰਦਾ, ਇਸ ਨੂੰ ਕਿਸਾਨ ਵਿਰੋਧੀ ਸਕੀਮ ਅਤੇ ਜ਼ਮੀਨ ਮਾਫੀਆ ਨੂੰ ਲਾਭ ਪਹੁੰਚਾਉਣ ਵਾਲੀ ਸਕੀਮ ਕਰਾਰ ਦਿੱਤਾ



**ਲੁਧਿਆਣਾ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਭੋਲਥ ਤੋਂ ਕਾਂਗਰਸ ਵਿਧਾਇਕ ਅਤੇ ਅਖਿਲ ਭਾਰਤੀ ਕਿਸਾਨ ਕਾਂਗਰਸ ਦੇ ਚੇਅਰਮੈਨ ਸੁਖਪਾਲ ਸਿੰਘ ਖਹਿਰਾ ਨੇ ਅੱਜ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਵਿਵਾਦਗ੍ਰਸਤ ਜ਼ਮੀਨ ਪੂਲਿੰਗ ਨੀਤੀ ਦੀ ਸਖ਼ਤ ਨਿੰਦਾ ਕੀਤੀ, ਜਿਸ ਦਾ ਉਦੇਸ਼ ਲੁਧਿਆਣਾ ਵਿੱਚ ਲਗਭਗ 25,000 ਏਕੜ ਉਪਜਾਊ ਖੇਤੀਬਾੜੀ ਜ਼ਮੀਨ ਹਾਸਲ ਕਰਕੇ ਸ਼ਹਿਰੀ ਏਸਟੇਟ ਵਿਕਸਤ ਕਰਨਾ ਹੈ। ਖਹਿਰਾ ਨੇ ਇਸ ਸਕੀਮ ਨੂੰ "ਘਿਨਾਉਣੀ ਜ਼ਮੀਨ ਹੜੱਪਣ ਦੀ ਸਾਜ਼ਿਸ਼" ਕਰਾਰ ਦਿੱਤਾ, ਜੋ ਆਪ ਆਗੂਆਂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਅਮੀਰ ਬਣਾਉਣ ਲਈ ਪੰਜਾਬ ਦੇ ਕਿਸਾਨਾਂ ਦੀ ਕੀਮਤ 'ਤੇ ਰਚੀ ਗਈ ਹੈ। "ਇਹ ਅਖੌਤੀ ਜ਼ਮੀਨ ਪੂਲਿੰਗ ਨੀਤੀ ਸ਼ਹਿਰੀ ਵਿਕਾਸ ਦੇ ਨਾਮ 'ਤੇ ਕਿਸਾਨਾਂ ਦੀਆਂ ਪੁਸ਼ਤੈਨੀ ਜ਼ਮੀਨਾਂ ਅਤੇ ਰੋਜ਼ੀ-ਰੋਟੀ ਖੋਹਣ ਦੀ ਸ਼ੱਕੀ ਸਕੀਮ ਤੋਂ ਇਲਾਵਾ ਕੁਝ ਨਹੀਂ," ਖਹਿਰਾ ਨੇ ਘੋਸ਼ਣਾ ਕੀਤੀ। "ਭਗਵੰਤ ਮਾਨ ਸਰਕਾਰ, ਆਪ ਦੀ ਦਿੱਲੀ ਲੀਡਰਸ਼ਿਪ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ, ਪੰਜਾਬ ਦੀ ਖੇਤੀਬਾੜੀ ਵਿਰਾਸਤ ਨੂੰ ਜ਼ਮੀਨ ਮਾਫੀਆ ਅਤੇ ਸਿਆਸੀ ਤੌਰ 'ਤੇ ਜੁੜੇ ਹੋਏ ਚੋਟੀ ਦੇ ਲੋਕਾਂ ਦੇ ਲਾਭ ਲਈ ਕੁਰਬਾਨ ਕਰ ਰਹੀ ਹੈ।"

ਖਹਿਰਾ ਨੇ ਇਨ੍ਹਾਂ ਇਲਜ਼ਾਮਾਂ 'ਤੇ ਗੰਭੀਰ ਚਿੰਤਾ ਜ਼ਾਹਰ ਕੀਤੀ ਕਿ ਆਪ ਦੇ ਸੀਨੀਅਰ ਆਗੂਆਂ, ਜਿਨ੍ਹਾਂ ਵਿੱਚ ਪਾਰਟੀ ਦੇ ਸਿਖਰਲੇ ਅਧਿਕਾਰੀਆਂ ਨਾਲ ਨੇੜਤਾ ਵਾਲੇ ਸ਼ਾਮਲ ਹਨ, ਨੇ ਪਿਛਲੇ ਕੁਝ ਸਾਲਾਂ ਵਿੱਚ ਲੁਧਿਆਣਾ ਖੇਤਰ ਵਿੱਚ ਕਿਸਾਨਾਂ ਤੋਂ ਬਹੁਤ ਸਸਤੇ ਮੁੱਲ 'ਤੇ ਵੱਡੀ ਮਾਤਰਾ ਵਿੱਚ ਜ਼ਮੀਨ ਖਰੀਦੀ। ਉਨ੍ਹਾਂ ਨੇ ਦੋਸ਼ ਲਾਇਆ ਕਿ ਇਹ ਖਰੀਦ ਪ੍ਰਸਤਾਵਿਤ ਸ਼ਹਿਰੀ ਏਸਟੇਟ ਪ੍ਰੋਜੈਕਟ ਦੀ ਅੰਦਰੂਨੀ ਜਾਣਕਾਰੀ ਨਾਲ ਕੀਤੀ ਗਈ ਸੀ, ਜਿਸ ਨਾਲ ਇਹ ਆਗੂ ਜ਼ਮੀਨ ਪੂਲਿੰਗ ਸਕੀਮ ਰਾਹੀਂ ਵੱਡਾ ਮੁਨਾਫਾ ਕਮਾਉਣ ਦੇ ਯੋਗ ਹੋਏ। ਸੂਤਰਾਂ ਅਨੁਸਾਰ ਪੰਜਾਬ ਦੇ ਮੰਤਰੀ ਅਮਨ ਅਰੋੜਾ ਨੂੰ ਅਜਿਹੇ ਜ਼ਮੀਨ ਸੌਦਿਆਂ ਵਿੱਚ ਕਥਿਤ ਸ਼ਮੂਲੀਅਤ ਕਾਰਨ ਹਾਊਸਿੰਗ ਪੋਰਟਫੋਲੀਓ ਤੋਂ ਹਟਾਇਆ ਗਿਆ ਸੀ, ਜਿਸ ਨੇ ਆਪ ਸਰਕਾਰ ਦੇ ਇਰਾਦਿਆਂ 'ਤੇ ਹੋਰ ਸ਼ੱਕ ਪੈਦਾ ਕੀਤਾ। "ਕਿਸਾਨਾਂ ਅਤੇ ਪਿੰਡ ਵਾਸੀਆਂ ਵਿੱਚ ਸਪੱਸ਼ਟ ਤੌਰ 'ਤੇ ਡਰ ਦਾ ਮਾਹੌਲ ਹੈ। ਉਹ ਮੰਨਦੇ ਹਨ ਕਿ ਇਹ ਸਕੀਮ ਆਪ ਆਗੂਆਂ ਨੂੰ ਪੰਜਾਬ ਦੀ ਜ਼ਮੀਨ ਦਾ ਸ਼ੋਸ਼ਣ ਕਰਕੇ ਜਲਦੀ ਵਿੱਤੀ ਲਾਭ ਕਮਾਉਣ ਦੀ ਇਜਾਜ਼ਤ ਦੇਣ ਲਈ ਤਿਆਰ ਕੀਤੀ ਗਈ ਸੀ," ਖਹਿਰਾ ਨੇ ਕਿਹਾ। "ਅਮਨ ਅਰੋੜਾ ਦੇ ਹਾਊਸਿੰਗ ਪੋਰਟਫੋਲੀਓ ਦੀ ਛੁੱਟੀ ਆਪ ਦੀਆਂ ਸਤਰਾਂ ਵਿੱਚ ਸੜ੍ਹ ਦਾ ਅਸਪਸ਼ਟ ਸਵੀਕਾਰ ਹੈ। ਪੰਜਾਬੀਆਂ ਨੂੰ ਪਾਰਦਰਸ਼ਤਾ ਅਤੇ ਜਵਾਬਦੇਹੀ ਦਾ ਹੱਕ ਹੈ, ਨਾ ਕਿ ਅਜਿਹੇ ਪਿੱਠ ਪਿੱਛੇ ਸੌਦੇ ਜੋ ਸ਼ਕਤੀਸ਼ਾਲੀ ਲੋਕਾਂ ਦੇ ਹੱਕ ਵਿੱਚ ਹੋਣ।" ਲੁਧਿਆਣਾ ਦੇ 40 ਤੋਂ ਵੱਧ ਪਿੰਡਾਂ ਦੇ ਕਿਸਾਨ ਇਸ ਨੀਤੀ ਦਾ ਸਖ਼ਤ ਵਿਰੋਧ ਕਰਨ ਲਈ ਇਕਜੁੱਟ ਹੋ ਗਏ ਹਨ, ਕਿਉਂਕਿ ਉਨ੍ਹਾਂ ਨੂੰ ਡਰ ਹੈ ਕਿ ਇਹ ਉਨ੍ਹਾਂ ਦੀ ਮੁੱਖ ਆਮਦਨ ਦੇ ਸਰੋਤ ਨੂੰ ਖੋਹ ਲਵੇਗਾ ਅਤੇ ਉਨ੍ਹਾਂ ਨੂੰ ਆਰਥਿਕ ਸੰਕਟ ਵਿੱਚ ਧੱਕ ਦੇਵੇਗਾ। ਖਹਿਰਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਕੀਮ ਪੰਜਾਬ ਦੀ ਅਮੀਰ ਖੇਤੀਬਾੜੀ ਵਿਰਾਸਤ ਨੂੰ ਤਬਾਹ ਕਰਨ ਦੀ ਧਮਕੀ ਦਿੰਦੀ ਹੈ, ਜੋ ਰਾਜ ਦੀ ਅਰਥਵਿਵਸਥਾ ਅਤੇ ਖੁਰਾਕ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਹੈ। "ਪੰਜਾਬ ਬੇਰੋਕ ਸ਼ਹਿਰੀਕਰਨ ਕਾਰਨ ਆਪਣੀ ਉਪਜਾਊ ਜ਼ਮੀਨ ਨੂੰ ਅਲਾਰਮਿੰਗ ਦਰ ਨਾਲ ਗੁਆ ਰਿਹਾ ਹੈ," ਉਨ੍ਹਾਂ ਨੇ ਚੇਤਾਵਨੀ ਦਿੱਤੀ। "ਇਹ ਨੀਤੀ ਸਾਧਾਰਨ ਪੰਜਾਬੀਆਂ ਨੂੰ ਲਾਭ ਨਹੀਂ ਦੇਵੇਗੀ, ਸਗੋਂ ਜ਼ਮੀਨ ਮਾਫੀਆ ਅਤੇ ਕਾਰਪੋਰੇਟ ਹਿੱਤਾਂ ਦੀਆਂ ਜੇਬਾਂ ਭਰੇਗੀ, ਜਿਸ ਨਾਲ ਕਿਸਾਨ ਗਰੀਬੀ ਵਿੱਚ ਛੱਡੇ ਜਾਣਗੇ।" ਖਹਿਰਾ ਨੇ ਸਥਾਨਕ ਭਾਈਚਾਰਿਆਂ, ਪੰਚਾਇਤਾਂ ਅਤੇ ਗ੍ਰਾਮ ਸਭਾਵਾਂ ਨਾਲ ਸਲਾਹ-ਮਸ਼ਵਰੇ ਦੀ ਘਾਟ ਦੀ ਵੀ ਨਿੰਦਾ ਕੀਤੀ, ਆਪ ਸਰਕਾਰ 'ਤੇ ਇਸ ਸਕੀਮ ਨੂੰ ਅੱਗੇ ਵਧਾਉਣ ਲਈ ਜਮਹੂਰੀ ਪ੍ਰਕਿਰਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਲਾਇਆ। "ਕੋਈ ਸਹੀ ਸਰਵੇਖਣ ਨਹੀਂ ਕੀਤਾ ਗਿਆ, ਅਤੇ ਕਿਸਾਨਾਂ ਨੂੰ ਹਾਸਲ ਕਰਨ ਦੀ ਪ੍ਰਕਿਰਿਆ ਬਾਰੇ ਅੰਧੇਰੇ ਵਿੱਚ ਰੱਖਿਆ ਗਿਆ। ਇਹ ਵਿਕਾਸ ਨਹੀਂ, ਸ਼ੋਸ਼ਣ ਹੈ," ਉਨ੍ਹਾਂ ਨੇ ਕਿਹਾ, ਜੋ ਉਨ੍ਹਾਂ ਨੇ ਹਾਲ ਹੀ ਵਿੱਚ ਬੀਕੇਯੂ ਡਕੌਂਦਾ ਦੀ ਮੀਟਿੰਗ ਵਿੱਚ ਸ਼ਾਮਲ ਹੋ ਕੇ ਕਿਸਾਨਾਂ ਦੇ ਵਿਰੋਧ ਦਾ ਸਮਰਥਨ ਕਰਦਿਆਂ ਪ੍ਰਗਟ ਕੀਤੇ ਸਨ। ਕਾਂਗਰਸ ਵਿਧਾਇਕ ਨੇ ਜ਼ਮੀਨ ਪੂਲਿੰਗ ਨੀਤੀ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਅਤੇ ਸਕੀਮ ਦੇ ਅਸਲ ਲਾਭਪਾਤਰੀਆਂ ਨੂੰ ਉਜਾਗਰ ਕਰਨ ਲਈ ਸ਼ਵੇਤ ਪੱਤਰ ਜਾਰੀ ਕਰਨ ਦੀ ਮੰਗ ਕੀਤੀ। "ਭਗਵੰਤ ਮਾਨ ਸਰਕਾਰ ਨੂੰ ਇਸ ਕਿਸਾਨ ਵਿਰੋਧੀ ਏਜੰਡੇ ਨੂੰ ਰੋਕਣਾ ਚਾਹੀਦਾ ਹੈ ਅਤੇ ਪੰਜਾਬ ਦੇ ਖੇਤੀਬਾੜੀ ਭਾਈਚਾਰੇ ਦੀ ਭਲਾਈ ਨੂੰ ਤਰਜੀਹ ਦੇਣੀ ਚਾਹੀਦੀ ਹੈ," ਖਹਿਰਾ ਨੇ ਜ਼ੋਰ ਦੇ ਕੇ ਕਿਹਾ। "ਜੇ ਇਹ ਸਕੀਮ ਵਾਪਸ ਨਹੀਂ ਲਈ ਜਾਂਦੀ, ਅਸੀਂ ਕਿਸਾਨਾਂ ਦੇ ਅਧਿਕਾਰਾਂ ਦੀ ਰਾਖੀ ਲਈ ਵਿਰੋਧ ਪ੍ਰਦਰਸ਼ਨ ਅਤੇ ਕਾਨੂੰਨੀ ਕਾਰਵਾਈ ਨੂੰ ਹੋਰ ਤੇਜ਼ ਕਰਾਂਗੇ।"


# ਰਾਤ ਦੇ ਹਨੇਰੇ ਵਿੱਚ ਬਣੇ ਜਥੇਦਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 6 ਜੂਨ ਨੂੰ ਕਿਸੇ ਹਾਲਤ ਵਿੱਚ ਸੰਦੇਸ਼ ਨਹੀ ਦੇਣ ਦਿੱਤਾ ਜਾਵੇਗਾ - ਢੋਟ



**ਚੌਕ ਮਹਿਤਾ, 3 ਜੂਨ, ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਖਿਲਾਫ ਬੇਤੁੱਕੀ ਬਿਆਨਬਾਜੀ ਕਰਕੇ ਸਿਮਰਨਜੀਤ ਮਾਨ ਤੇ ਗੁਰਪ੍ਰੀਤ ਝੱਬਰ ਆਪਣੇ ਦਿਮਾਗੀ ਦੀਵਾਲਿਆਪਨ ਦਾ ਸਬੂਤ ਨਾ ਦੇਣ ਸਿੱਖ ਕੌਮ ਸਰਵ ਪ੍ਰਵਾਨਤ ਅਤੇ ਅਕਾਲੀ ਬਾਬਾ ਫੂਲਾ ਸਿੰਘ ਜੀ ਵਰਗੇ ਜਥੇਦਾਰ ਚਾਹੁੰਦੀ ਹੈ ਰਾਤ ਦੇ ਹਨੇਰੇ ਵਿੱਚ ਬਣੇ ਜਥੇਦਾਰ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਸੰਦੇਸ਼ ਦੇਣ ਦਾ ਕੋਈ ਹੱਕ ਨਹੀਂ ਇਹ ਵਿਚਾਰ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਪ੍ਰਧਾਨ ਅਮਰਬੀਰ ਸਿੰਘ ਢੋਟ ਨੇ ਪ੍ਰਗਟ ਕਰਦਿਆਂ ਕਿਹਾ ਕਿ 6 ਜੂਨ ਨੂੰ ਸ਼ਹੀਦੀ ਘੱਲੂਘਾਰੇ ਦੌਰਾਨ ਧਾਰਮਿਕ ਭਾਵਨਾਵਾਂ ਅਤੇ ਮਰਿਆਦਾ ਦਾ ਘਾਣ ਨਹੀਂ ਹੋਣ ਦਿੱਤਾ ਜਾਵੇਗਾ ਕੁਲਦੀਪ ਸਿੰਘ ਗੜਗੱਜ ਸਿਰਫ ਅਕਾਲੀ ਦਲ ਬਾਦਲ ਦੇ ਜਥੇਦਾਰ ਹਨ ਨਾ ਕਿ ਸਿੱਖ ਕੌਮ ਦੇ ਉਹਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਲਿਆ ਸਟੈਂਡ ਬਿਲਕੁਲ ਸਪਸ਼ਟ ਹੈ ਅਤੇ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੈ ਬਾਬਾ ਜੀ ਨੇ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਆਪਣੇ ਹਿੱਤਾਂ ਲਈ ਵਰਤਨ ਵਾਲਿਆਂ ਨੂੰ ਸਖਤ ਸੰਦੇਸ਼ ਦਿੱਤਾ ਹੈ ਕਿਸੇ ਵੀ ਕੀਮਤ ਤੇ ਕੁਲਦੀਪ ਸਿੰਘ ਗੜਗੱਜ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਸੰਦੇਸ਼ ਨਹੀਂ ਦੇ ਦਿੱਤਾ ਜਾਵੇਗਾ ਫੈਡਰੇਸ਼ਨ ਵੱਲੋਂ ਹਰ ਹੀਲੇ ਅਤੇ ਹਰ ਹਾਲਾਤ ਵਿੱਚ ਇਹ ਨਹੀਂ ਹੋਣ ਦਿੱਤਾ ਜਾਵੇਗਾ ਢੋਟ ਨੇ ਕਿਹਾ ਕਿ ਇਹ ਗਲ ਸਮਝ ਤੋਂ ਪਰੇ ਹੈ ਕਿ ਇੱਕ ਪਾਸੇ ਸਿਮਰਨਜੀਤ ਸਿੰਘ ਮਾਨ ਸਰਬੱਤ ਖਾਲਸਾ ਵੱਲੋਂ ਥਾਪੇ ਜਥੇਦਾਰ ਧਿਆਨ ਸਿੰਘ ਮੰਡ ਨਾਲ ਸੰਦੇਸ਼ ਦੌਰਾਨ ਖੜੇ ਹਨ ਅਤੇ ਦੂਜੇ ਪਾਸੇ ਕੁਲਦੀਪ ਸਿੰਘ ਗੜ ਗੱਜ ਦੀ ਪਿੱਠ ਥਾਪੜ ਰਹੇ ਹਨ ਸਿਮਰਨਜੀਤ ਸਿੰਘ ਮਾਨ ਪਹਿਲਾਂ ਇਹ ਸਪਸ਼ਟ ਕਰਨ ਕਿ ਉਹ ਧਿਆਨ ਸਿੰਘ ਮੰਡ ਨੂੰ ਜਥੇਦਾਰ ਮੰਨਦੇ ਹਨ ਜਾਂ ਉਹ ਕੁਲਦੀਪ ਸਿੰਘ ਗੜਗੱਜ ਨੂੰ ਜਥੇਦਾਰ ਮੰਨਦੇ ਹਨ ਫੈਡਰੇਸ਼ਨ ਪ੍ਰਧਾਨ ਨੇ ਕਿਹਾ ਕਿ ਮਾਨ ਨੂੰ ਸ਼ਹੀਦਾਂ ਦੀ ਜਥੇਬੰਦੀ ਦਮਦਮੀ ਟਕਸਾਲ ਦੇ ਮੁਖੀ ਖਿਲਾਫ ਸੋਚ ਵਿਚਾਰ ਕੇ ਅਤੇ ਸ਼ਬਦਾਂ ਨੂੰ ਨਾਪ ਤੋਲ ਕੇ ਬੋਲਣਾ ਚਾਹੀਦਾ ਹੈ। ਬੇਤੁਕੀ ਬਿਆਨਬਾਜ਼ੀ ਕਰਕੇ ਆਪਣੇ ਦਿਮਾਗ ਦੇ ਦੀਵਾਲੀਆਪਾਂਨ ਦਾ ਸਬੂਤ ਨਹੀਂ ਦੇਣਾ ਚਾਹੀਦਾ ਫੈਡਰੇਸ਼ਨ ਪ੍ਰਧਾਨ ਨੇ ਸੋਸ਼ਲ ਮੀਡੀਆ ,'ਤੇ ਦਿੱਤੀ ਗਈ ਗੁਰਪ੍ਰੀਤ ਸਿੰਘ ਝੱਬਰ ਦੀ ਸਟੇਟਮੈਂਟ ਦਾ ਨੋਟਿਸ ਲੈਂਦਿਆਂ ਕਿਹਾ ਕਿ, ਝੱਬਰ ਵਰਗਿਆਂ ਨੇ ਜੇ ਅਕਾਲ ਤਖਤ ਸਾਹਿਬ ਦੇ ਭਗੌੜਿਆਂ ਦੇ ਝੋਲੀ ਚੁੱਕ ਬਣਨਾ ਹੈ ਤਾਂ ਸ਼ੌਂਕ ਨਾਲ ਬਣਨ ਪਰ ਦਮਦਮੀ ਟਕਸਾਲ ਵਰਗੀ ਮਹਾਨ ਜਥੇਬੰਦੀ ਨੂੰ ਨਸੀਹਤਾਂ ਦੇਣ ਤੋਂ ਗੁਰੇਜ ਕਰਨ।

ਅੱਜ ਜਨਮ-ਦਿਨ 'ਤੇ ਵਿਸ਼ੇਸ਼

# ਮਹਾਨ ਦਰਵੇਸ਼ ਤੇ ਸਮਾਜ ਸੇਵਕ - ਭਗਤ ਪੂਰਨ ਸਿੰਘ


Bhagat Puran Singh 1902 - 1992

20ਵੀਂ ਸਦੀ ਵਿੱਚ ਮਾਨਵਤਾ ਦੇ ਭਲੇ ਹਿੱਤ, ਮਹਾਨ ਦਾਰਸ਼ਿਨਕ, ਦੀਨ-ਦੁਖੀਆਂ ਦੇ ਰਹਿਬਰ, ਬੇਸਹਾਰਿਆਂ ਦੇ ਮਸੀਹਾ ਭਗਤ ਪੂਰਨ ਸਿੰਘ ਦਾ ਜਨਮ 4 ਜੂਨ 1904 ਈ: ਨੂੰ ਪਿੰਡ ਰਾਜੇਵਾਲ ਰੋਹਣੋਂ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ੍ਰ: ਸ਼ਿੱਬੂ ਮੱਲ ਸ਼ਾਹੂਕਾਰ ਦੇ ਗ੍ਰਹਿ ਮਾਤਾ ਮਹਿਤਾਬ ਕੌਰ ਦੀ ਕੁੱਖੋਂ ਹੋਇਆ। ਬਚਪਨ ਤੋਂ ਹੀ ਉਹਨਾਂ ਨੂੰ ਸੇਵਾ ਕਰਨ ਦਾ ਸ਼ੌਕ ਸੀ। ਘਰ 'ਚ ਗ਼ਰੀਬੀ ਕਰਕੇ ਦਸਵੀਂ ਦੀ ਪੜ੍ਹਾਈ ਵਿੱਚ ਹੀ ਛੱਡਣੀ ਪਈ ਅਤੇ ਨੌਕਰੀ ਦੀ ਭਾਲ ਵਿੱਚ ਮਾਤਾ ਨਾਲ ਲਾਹੌਰ ਜਾਣਾ ਪਿਆ। ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਭਗਤ ਪੂਰਨ ਸਿੰਘ ਬਿਨਾਂ ਤਨਖਾਹ ਤੋਂ ਸੇਵਾ ਕਰਨ ਲੱਗਿਆ। ਭਗਤ ਪੂਰਨ ਸਿੰਘ ਦਾ ਬਚਪਨ ਦਾ ਨਾਂ 'ਰਾਮ ਜੀ ਦਾਸ' ਸੀ। ਗੁਰਦੁਆਰਾ ਡੇਹਰਾ ਸਾਹਿਬ ਵਿਖੇ ਕੀਤੀ ਨਿਸ਼ਕਾਮ ਸੇਵਾ ਅਤੇ ਲਾਚਾਰ ਤੇ ਲਾਵਾਰਸ ਰੋਗੀਆਂ ਦੀ ਸੇਵਾ-ਸੰਭਾਲ ਨੇ ਉਹਨਾਂ ਨੂੰ ਰਾਮ ਜੀ ਦਾਸ ਤੋਂ 'ਪੂਰਨ ਸਿੰਘ' ਬਣਾ ਦਿੱਤਾ।

ਭਗਤ ਜੀ ਨੇ ਲਾਹੌਰ ਵਿਖੇ ਦਿਆਲ ਸਿੰਘ ਲਾਇਬਰੇਰੀ 'ਚ ਯੰਗ ਇੰਡੀਆ ਮੈਗਜ਼ੀਨ ਵਿੱਚੋਂ ਬੇਕਾਰੀ ਦੂਰ ਕਰਨ ਦਾ ਹੱਲ ਲੱਭਿਆ। ਭਗਤ ਜੀ ਦਾ ਸੁਭਾਅ ਨਿਮਰਤਾ, ਸਹਿਨਸ਼ੀਲਤਾ, ਸਾਦਗੀ ਤੇ ਅਣਥੱਕ ਮਿਹਨਤ ਵਾਲਾ ਸੀ। ਭਗਤ ਪੂਰਨ ਸਿੰਘ ਨੇ ਮਨੁੱਖਤਾ ਦੀ ਸੇਵਾ ਦਾ ਮੁੱਢ ਸੰਨ 1934 ਈ: ਵਿੱਚ ਇੱਕ ਚਾਰ ਸਾਲ ਦੇ ਬੱਚੇ (ਪਿਆਰਾ ਸਿੰਘ) ਦੀ ਸੇਵਾ ਤੋਂ ਸ਼ੁਰੂ ਕੀਤਾ। ਇਸ ਅਪੰਗ ਬੱਚੇ ਨੂੰ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਦੀ ਡਿਓੜ੍ਹੀ ਅੱਗੇ ਕੋਈ ਚੋਰੀ ਛੱਡ ਗਿਆ ਸੀ। ਇਹ ਬੱਚਾ ਸ਼ਕਲ ਸੂਰਤ ਤੋਂ ਬੜਾ ਕਰੂਪ ਸੀ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਨੇ ਬੱਚੇ ਨੂੰ ਭਗਤ ਜੀ ਦੇ ਹਵਾਲੇ ਕਰਕੇ ਆਖਿਆ, "ਪੂਰਨ ਸਿੰਘ! ਤੂੰ ਹੀ ਅੱਜ ਤੋਂ ਇਸ ਬੱਚੇ ਦੀ ਸੇਵਾ-ਸੰਭਾਲ ਕਰ।" ਭਗਤ ਜੀ ਲਈ ਇਹ ਬੱਚਾ ਪਿਆਰ ਦਾ ਸੋਮਾ ਹੋ ਨਿੱਬੜਿਆ, ਜਿਸ ਕਰਕੇ ਉਸ ਦਾ ਨਾਂ ਪਿਆਰਾ ਸਿੰਘ ਹੋ ਗਿਆ।

ਜਦੋਂ ਦੇਸ਼ ਦੀ ਵੰਡ ਹੋਈ ਤਾਂ ਭਗਤ ਪੂਰਨ ਸਿੰਘ ਉਸ ਲੂਲ੍ਹੇ ਬੱਚੇ ਨੂੰ 18 ਅਗਸਤ 1947 ਈ: ਨੂੰ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਸ਼ਰਨਾਰਥੀ ਕੈਂਪ ਵਿੱਚ ਲੈ ਕੇ ਪਹੁੰਚੇ। ਉਸ ਕੈਂਪ ਵਿੱਚ ਹਜ਼ਾਰਾਂ ਮਰਦ, ਔਰਤਾਂ, ਬੱਚੇ ਸਨ। ਅਪਾਹਜਾਂ ਦੀ ਸੇਵਾ-ਸੰਭਾਲ ਤੇ ਕੱਪੜੇ ਧੋਣ ਅਤੇ ਉਹਨਾਂ ਨੂੰ ਨਹਾਉਣ ਤੋਂ ਇਲਾਵਾ ਭਗਤ ਪੂਰਨ ਸਿੰਘ ਇਕੱਲੇ ਹੀ ਦੋਵੇਂ ਵੇਲੇ ਘਰਾਂ ਵਿੱਚੋਂ ਪ੍ਰਸ਼ਾਦੇ ਮੰਗ ਕੇ ਲਿਆਉਂਦੇ ਸਨ ਤੇ ਸਭ ਨੂੰ ਵਰਤਾਉਂਦੇ। ਇੱਥੋਂ ਤੱਕ ਕਿ ਆਪਣੇ ਹੱਥਾਂ ਨਾਲ ਉਹਨਾਂ ਦੇ ਮੂੰਹ ਵਿੱਚ ਬੁਰਕੀਆਂ ਵੀ ਪਾਉਂਦੇ ਸਨ। ਇਕੱਲੇ ਭਗਤ ਪੂਰਨ ਸਿੰਘ ਨੇ ਇਹ ਸੇਵਾ ਨਿਭਾਈ।

1949 ਤੋਂ 1958 ਈ: ਤੱਕ ਫੁੱਟਪਾਥਾਂ, ਰੁੱਖਾਂ ਦੀ ਛਾਵੇਂ, ਕਦੇ ਖ਼ਾਲਸਾ ਕਾਲਜ ਕੋਲ, ਕਦੇ ਰੇਲਵੇ ਸਟੇਸ਼ਨ ਕੋਲ, ਕਦੇ ਚੀਫ਼ ਖ਼ਾਲਸਾ ਦੀਵਾਨ ਦੇ ਕੋਲ ਝੌਂਪੜੀਆਂ ਬਣਾ ਕੇ ਪੀੜ੍ਹਤ ਲੋਕਾਂ ਦੀ ਸੇਵਾ-ਸੰਭਾਲ ਕੀਤੀ। 1958 ਵਿੱਚ ਅੰਮ੍ਰਿਤਸਰ ਵਿਖੇ ਥਾਂ ਮੁੱਲ ਖ਼ਰੀਦ ਕੇ ਭਗਤ ਜੀ ਨੇ ਪਿੰਗਲਵਾੜੇ ਦੀ ਨੀਂਹ ਰੱਖੀ। ਜਿੱਥੇ ਮਾਨਸਿਕ ਅਤੇ ਲਾਵਾਰਸ ਰੋਗੀਆਂ, ਲੂਲ੍ਹੇ-ਲੰਗੜਿਆਂ ਅਤੇ ਬਜ਼ੁਰਗਾਂ ਦੀ ਸੇਵਾ-ਸੰਭਾਲ ਕੀਤੀ ਜਾਣ ਲੱਗ ਪਈ। ਇਹ ਆਸ਼ਰਮ ਜੋ ਕੁਝ ਮਰੀਜ਼ਾਂ ਨੂੰ ਲੈ ਕੇ ਭਗਤ ਪੂਰਨ ਸਿੰਘ ਜੀ ਨੇ ਬੀਜ ਰੂਪ ਵਿੱਚ ਸ਼ੁਰੂ ਕੀਤਾ, ਅੱਜ 1750 ਤੋਂ ਵੱਧ ਮਰੀਜ਼ ਜਿਨ੍ਹਾਂ ਵਿੱਚ ਔਰਤਾਂ, ਬੱਚੇ ਤੇ ਬੁੱਢੇ ਸ਼ਾਮਲ ਹਨ, ਲਈ ਘਰ ਵਰਗੇ ਸੁੱਖਾਂ ਦਾ ਸਾਧਨ ਬਣਿਆ ਹੋਇਆ ਹੈ।

ਭਗਤ ਪੂਰਨ ਸਿੰਘ ਨੇ ਪ੍ਰਦੂਸ਼ਣ, ਜਲ ਸਾਧਨਾ, ਜੰਗਲਾਂ ਦੀ ਕਟਾਈ ਤੋਂ ਪੈਦਾ ਹੋਣ ਵਾਲੇ ਖਤਰਿਆਂ ਨਾਲ ਸੰਬੰਧਿਤ ਅਨੇਕਾਂ ਕਿਤਾਬਚੇ, ਟ੍ਰੈਕਟ, ਫੋਲਡਰ ਅਤੇ ਇਸ਼ਿਤਹਾਰ ਲੱਖਾਂ ਦੀ ਗਿਣਤੀ ਵਿੱਚ ਛਾਪ ਕੇ ਵੰਡੇ। ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਪਿੰਗਲਵਾੜਾ ਬੱਸ ਸਟੈਂਡ ਦੇ ਨਜ਼ਦੀਕ ਚੱਲ ਰਿਹਾ ਹੈ। ਇਸ ਦੇ ਬਾਨੀ ਭਗਤ ਪੂਰਨ ਸਿੰਘ ਨੂੰ ਭਾਵੇਂ ਬਹੁਤ ਮੁਸ਼ਕਲਾਂ ਆਈਆਂ ਪਰ ਉਹ ਆਪਣੇ ਮਿਸ਼ਨ ਵਿੱਚ ਸਫ਼ਲ ਹੋਏ।

ਪਿੰਗਲਵਾੜਾ ਸੰਸਥਾ ਦੀ ਹਦੂਦ ਅੰਦਰ ਦਰਜੀ ਦਾ ਕੰਮ, ਟਾਈਪ ਕਰਨਾ, ਕੁਰਸੀਆਂ ਬੁਣਨੀਆਂ, ਮੋਮਬੱਤੀਆਂ, ਗੁੱਡੀਆਂ, ਖਿਡੌਣੇ ਬਣਾਉਣ ਆਦਿ ਦੀ ਸਿਖਲਾਈ ਦਿੱਤੀ ਜਾਂਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਪਿੰਗਲਵਾੜਾ ਨੂੰ 10 ਲੱਖ ਰੁਪਏ ਸਾਲਾਨਾ ਸਹਾਇਤਾ ਮਿਲਦੀ ਹੈ। ਭਗਤ ਜੀ ਨੇ ਕੁਦਰਤੀ ਸੋਮਿਆਂ ਦੀ ਰੱਖਿਆ ਕਰੋ, ਸਾਦਾ ਜੀਵਨ ਬਤੀਤ ਕਰੋ, ਵੱਧ ਤੋਂ ਵੱਧ ਰੁੱਖ ਲਗਾ ਕੇ ਮਨੁੱਖਤਾ ਦਾ ਭਲਾ ਕਰੋ, ਖਾਦੀ ਦਾ ਕੱਪੜਾ ਪਹਿਨ ਕੇ ਬੇਰੁਜ਼ਗਾਰੀ ਨੂੰ ਘਟਾਉਣ ਵਿੱਚ ਮਦਦ ਕਰੋ, ਸਾਦਾ ਖਾਣਾ, ਸਾਦਾ ਪਾਉਣਾ ਅਤੇ ਸਾਦਗੀ ਵਿੱਚ ਰਹਿਣ ਦਾ ਅਨੰਦ ਹੀ ਵੱਖਰਾ ਹੈ, ਡੀਜ਼ਲ ਤੇ ਪੈਟਰੋਲ ਦੀ ਵਰਤੋਂ ਘੱਟ ਕਰੋ, ਵੱਧ ਰਹੀ ਆਬਾਦੀ ਨੂੰ ਠੱਲ੍ਹ ਪਾਉਣ ਲਈ ਸੰਜਮਮਈ ਜੀਵਨ ਬਤੀਤ ਕਰੋ, ਰੋ ਰਹੀ ਹਵਾ, ਪਾਣੀ ਅਤੇ ਧਰਤੀ ਮਾਤਾ ਦੀ ਪੁਕਾਰ ਸੁਣੋ, ਬਰਸਾਤ ਦੇ ਮੌਸਮ ਵਿੱਚ ਹਰ ਪ੍ਰਾਣੀ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਵੇ, ਰਸਤੇ ਵਿੱਚ ਪਏ ਕੇਲਿਆਂ ਦੇ ਛਿੱਲੜ, ਕਿੱਲ, ਸ਼ੀਸ਼ੇ ਅਤੇ ਖੁਰੀ ਚੁੱਕ ਕੇ ਪ੍ਰਾਣੀ ਮਾਤਰ ਦਾ ਭਲਾ ਕਰੋ, ਜਾਨਵਰਾਂ ਦੀ ਰੱਖਿਆ ਲਈ ਵੱਧ ਤੋਂ ਵੱਧ ਉਪਰਾਲੇ ਕਰੋ ਆਦਿ ਉਪਦੇਸ਼ ਸਮੁੱਚੀ ਮਾਨਵਤਾ ਨੂੰ ਦਿੱਤੇ ਹਨ।

ਭਗਤ ਪੂਰਨ ਸਿੰਘ ਆਦਰਸ਼ ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਆਦਰਸ਼ ਸਕੂਲ ਬੁੱਟਰ ਕਲਾਂ ਕਾਦੀਆਂ, ਭਗਤ ਪੂਰਨ ਸਿੰਘ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ, ਭਗਤ ਪੂਰਨ ਸਿੰਘ ਗੂੰਗੇ-ਬੋਲੇ ਬੱਚਿਆਂ ਦਾ ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਕਿੱਤਾ ਸਿਖਲਾਈ ਕੇਂਦਰ ਮਾਨਾਂਵਾਲਾ ਆਦਿ ਵਿਖੇ ਮੁਫ਼ਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ।

ਭਗਤ ਪੂਰਨ ਸਿੰਘ ਦੀਆਂ ਜੀਵਨ ਘਾਲਨਾਵਾਂ ਸੰਬੰਧੀ ਤਸਵੀਰਾਂ ਦਾ ਸੰਗ੍ਰਹਿ ਅਜਾਇਬ ਘਰ ਪਿੰਗਲਵਾੜਾ ਵਿੱਚ ਸਥਾਪਿਤ ਕੀਤਾ ਗਿਆ ਹੈ। ਉਹਨਾਂ ਦੇ ਜੀਵਨ ਨੂੰ ਦਰਸਾਉਂਦੀਆਂ ਹੋਈਆਂ ਕੁਝ ਵੀਡੀਓ ਫ਼ਿਲਮਾਂ ਵੀ ਵੱਖ-ਵੱਖ ਬੁੱਧੀਜੀਵੀਆਂ ਵੱਲੋਂ ਤਿਆਰ ਕੀਤੀਆਂ ਗਈਆਂ ਹਨ। ਭਗਤ ਪੂਰਨ ਸਿੰਘ ਜੀ ਦੀ ਜੀਵਨੀ ਬਾਰੇ ਇੱਕ ਦਸਤਾਵੇਜ਼ੀ ਫ਼ਿਲਮ 'ਏ ਸੈਲਫਲੈਸ ਲਾਈਫ਼' ਫ਼ਰਵਰੀ 2000 ਵਿੱਚ ਰਿਲੀਜ਼ ਕੀਤੀ ਗਈ। ਭਗਤ ਪੂਰਨ ਸਿੰਘ ਦੇ ਜਨਮ ਸਥਾਨ 'ਤੇ ਪਿੰਡ ਰਾਜੇਵਾਲ ਵਿਖੇ 'ਭਗਤ ਪੂਰਨ ਸਿੰਘ ਸਮਾਰਕ' ਦਾ ਨਿਰਮਾਣ ਹੋ ਚੁੱਕਾ ਹੈ। ਪਿੰਗਲਵਾੜਾ (ਅੰਮ੍ਰਿਤਸਰ) ਦੇ ਨਜ਼ਦੀਕ 'ਭਗਤ ਪੂਰਨ ਸਿੰਘ ਯਾਦਗਾਰੀ ਗੇਟ' ਉਸਾਰਿਆ ਗਿਆ ਹੈ। ਭਗਤ ਪੂਰਨ ਸਿੰਘ ਮਸਨੂਈ ਅੰਗ ਕੇਂਦਰ ਵਿੱਚ 15451 ਮਰੀਜ਼ਾਂ ਨੂੰ ਬਨਾਵਟੀ ਅੰਗ ਲਗਾਏ ਜਾ ਚੁੱਕੇ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ 'ਭਗਤ ਪੂਰਨ ਸਿੰਘ ਚੇਅਰ' ਦੀ ਸਥਾਪਨਾ ਕੀਤੀ ਗਈ ਹੈ। ਭਾਰਤ ਸਰਕਾਰ ਵੱਲੋ 10 ਦਸੰਬਰ 2004 ਨੂੰ ਭਗਤ ਪੂਰਨ ਸਿੰਘ ਜੀ ਦੀ ਇੱਕ ਡਾਕ-ਟਿਕਟ ਦਿੱਲੀ ਵਿਖੇ ਰਿਲੀਜ਼ ਕੀਤੀ ਗਈ ਹੈ। ਭਗਤ ਪੂਰਨ ਸਿੰਘ ਦੀਆਂ 21 ਹੱਥ ਲਿਖਤਾਂ, 23 ਅੰਗਰੇਜ਼ੀ ਦੇ ਕਿਤਾਬਚੇ, 77 ਹਿੰਦੀ 'ਚ ਟ੍ਰੈਕਟ, ਫੋਲਡਰ ਭਗਤ ਜੀ ਵੱਲੋਂ ਪ੍ਰਕਾਸ਼ਿਤ ਵੱਖ-ਵੱਖ ਰਾਗਾਂ ਦੇ 58 ਗੁਰਬਾਣੀ ਦੇ ਸ਼ਬਦ ਭਗਤ ਪੂਰਨ ਸਿੰਘ ਅਜਾਇਬ ਘਰ ਵਿੱਚ ਸੁਭਾਇਮਾਨ ਹਨ।

ਭਗਤ ਪੂਰਨ ਸਿੰਘ ਨੇ ਪਿੰਗਲਵਾੜਾ ਸਥਾਪਿਤ ਕਰਕੇ ਬੇਸਹਾਰਾ, ਅਪਾਹਜਾਂ, ਅਪੰਗਾਂ ਉੱਤੇ ਮਹਾਨ ਪਰ-ਉਪਕਾਰ ਕੀਤਾ ਹੈ। ਭਾਰਤ ਵਿੱਚ ਮਦਰ ਟੈਰੇਸਾ ਨੇ ਜੋ ਕੰਮ ਕੀਤਾ, ਭਗਤ ਪੂਰਨ ਸਿੰਘ ਨੇ ਉਸ ਦੇ ਮੁਕਾਬਲੇ ਬਹੁਤ ਅਗਾਂਹ ਵੱਧ ਕੇ ਕੰਮ ਕੀਤਾ ਹੈ। ਭਾਰਤ ਸਰਕਾਰ ਵੱਲੋਂ ਭਗਤ ਪੂਰਨ ਸਿੰਘ ਨੂੰ 1981 'ਚ ਪਦਮ ਸ਼੍ਰੀ ਐਵਾਰਡ ਨਾਲ ਨਿਵਾਜਿਆ ਗਿਆ, 1990 'ਚ ਹਾਰਮਨੀ ਐਵਾਰਡ, 1991 'ਚ ਬੀ.ਡੀ.ਮੁਕੰਦ ਫਾਊਂਡੇਸ਼ਨ ਵੱਲੋਂ ਲੋਕ ਰਤਨ ਐਵਾਰਡ, 1992 ਵਿੱਚ ਭਾਰਤ ਸਰਕਾਰ ਵੱਲੋਂ "ਕੌਮੀ ਸਦਭਾਵਨਾ ਐਵਾਰਡ" ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਨੂੰ ਹੋਰ ਵੀ ਬਹੁਤ ਸਾਰੀਆਂ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨੇ ਸਨਮਾਨਿਤ ਕੀਤਾ। ਭਗਤ ਪੂਰਨ ਸਿੰਘ ਜੀ ਨੇ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ (ਸਾਕਾ ਨੀਲਾ ਤਾਰਾ) ਦੇ ਰੋਸ ਵਜੋਂ ਭਾਰਤ ਸਰਕਾਰ ਨੂੰ ਪਦਮ ਸ਼੍ਰੀ ਐਵਾਰਡ ਵਾਪਸ ਕਰ ਦਿੱਤਾ ਸੀ। ਭਾਈ ਕਨੱਈਆ ਐਵਾਰਡ ਕਮੇਟੀ ਵੱਲੋਂ ਪਹਿਲਾ 'ਭਾਈ ਕਨੱਈਆ ਐਵਾਰਡ' ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਨੂੰ ਸੱਚ-ਖੰਡ ਪਿਆਨਾ ਕਰਨ ਉਪਰੰਤ 4 ਅਕਤੂਬਰ 1995 ਨੂੰ ਦਿੱਤਾ ਗਿਆ ਜੋ ਡਾ: ਇੰਦਰਜੀਤ ਕੌਰ ਮੌਜੂਦਾ ਮੁਖੀ ਨੇ ਪ੍ਰਾਪਤ ਕੀਤਾ। ਸੇਵਾ ਦੇ ਪੁੰਜ, ਨਿਆਸਰਿਆਂ ਦਾ ਆਸਰਾ ਭਗਤ ਪੂਰਨ ਸਿੰਘ 5 ਅਗਸਤ 1992 ਈ: ਨੂੰ 88 ਸਾਲ ਦੀ ਉਮਰ ਬਤੀਤ ਕਰਕੇ ਸੱਚ-ਖੰਡ ਜਾ ਬਿਰਾਜੇ।

ਵੀਹਵੀ ਸਦੀ ਦੇ ਮਹਾਨ ਦਰਵੇਸ਼ ਤੇ ਸਮਾਜ-ਸੇਵੀ ਭਗਤ ਪੂਰਨ ਸਿੰਘ ਜੀ ਬਾਨੀ ਪਿੰਗਲਵਾੜਾ ਅੰਮ੍ਰਿਤਸਰ ਦਾ 121ਵਾਂ ਜਨਮ-ਦਿਹਾੜਾ ਡਾ: ਇੰਦਰਜੀਤ ਕੌਰ ਜੀ ਦੀ ਸਰਪ੍ਰਸਤੀ ਹੇਠ 4 ਜੂਨ ਦਿਨ ਬੁੱਧਵਾਰ ਨੂੰ ਮੁੱਖ ਦਫ਼ਤਰ ਨਜ਼ਦੀਕ ਬੱਸ ਸਟੈਂਡ ਪਿੰਗਲਵਾੜਾ ਅੰਮ੍ਰਿਤਸਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦਾ ਭੋਗ ਸਵੇਰੇ ਸਾਢੇ ਅੱਠ ਵਜੇ ਪਾਇਆ ਜਾਵੇਗਾ। ਉਪਰੰਤ ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਵਾਲੇ ਅਤੇ ਹੋਰ ਕੀਰਤਨੀ ਜਥੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਭਗਤ ਪੂਰਨ ਸਿੰਘ ਜੀ ਦੀ ਜੀਵਨੀ, ਸ਼ਖ਼ਸੀਅਤ ਤੇ ਵਿਚਾਰਾਂ ਹੋਣਗੀਆਂ। ਪਿੰਗਲਵਾੜਾ ਵਿਖੇ ਚੱਲ ਰਹੀ "ਪੂਰਨ ਪ੍ਰਿੰਟਿੰਗ ਪ੍ਰੈਸ" ਤੋਂ ਪ੍ਰਕਾਸ਼ਿਤ ਪੁਸਤਕਾਂ ਦੀ ਘੁੰਡ ਚੁਕਾਈ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ,**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ, ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**

# ਜੁਡੀਸ਼ੀਅਲ ਕੋਰਟ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿਖੇ ਪੌਦੇ ਲਗਾਉਣ ਮੁਹਿੰਮ ਦਾ ਆਯੋਜਨ



**ਬਾਬਾ ਬਕਾਲਾ ਸਾਹਿਬ 3 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਡੀ.ਐਲ.ਐਸ.ਏ ਵੱਲੋਂ ਵਾਤਾਵਰਨ ਸੁਰੱਖਿਆ ਵੱਲ ਇੱਕ ਮਹੱਤਵਪੂਰਣ ਕਦਮ ਚੁੱਕਦਿਆਂ, ਹਰ ਮਨੁੱਖ ਲਗਾਵੇ ਰੁੱਖ ਨਾਂਅ ਹੇਠ ਇੱਕ ਵਿਸ਼ਾਲ ਪੌਦਾਰੋਪਣ ਮੁਹਿੰਮ ਜੁਡੀਸ਼ੀਅਲ ਕੋਰਟ ਕੰਪਲੈਕਸ ਬਾਬਾ ਬਕਾਲਾ ਸਾਹਿਬ, ਵਿਖੇ ਆਯੋਜਿਤ ਕੀਤੀ ਗਈ। ਇਹ ਮੁਹਿੰਮ ਮਾਣਯੋਗ ਸ੍ਰੀ ਅਮਰਿੰਦਰ ਸਿੰਘ ਗਰੇਵਾਲ ਜ਼ਿਲਾ ਤੇ ਸੈਸ਼ਨ ਜੱਜ ਕਮ-ਚੇਅਰਮੈਨ, ।ਡੀ.ਐਲ.ਐਸ.ਏ ਅਤੇ ਸ੍ਰੀ ਅਰਮਦੀਪ ਸਿੰਘ ਬੈਂਸ ਸਿਵਲ ਜੱਜ ਸਾਹਿਤ ਸਕੱਤਰ ।ਡੀ.ਐਲ.ਐਸ.ਏ ਦੀ ਰਹਿਨੁਮਾਈ ਹੇਠ ਕਰਵਾਈ ਗਈ। ਇਸ ਮੌਕੇ ਮਿਸ ਰਮਨਦੀਪ ਕੌਰ ਸਿਵਲ ਜੱਜ, ਮਿਸ ਮਹਿਕਪ੍ਰੀਤ ਕੌਰ ਸਿਵਲ ਜੱਜ ਅਤੇ ਸ਼੍ਰੀ ਪਵਨਪ੍ਰੀਤ ਸਿੰਘ ਸਿਵਲ ਜੱਜ ਨੇ ਵੀ ਬੜੀ ਉਤਸ਼ਾਹਤਾ ਨਾਲ, ਭਾਗ ਲਿਆ ਅਤੇ ਆਪਣੇ ਹੱਥੀ ਪੌਦੇ ਲਗਾ ਕੇ ਪ੍ਰੇਰਣਾ ਦਿੱਤੀ। ਇਸ ਮੁਹਿੰਮ ਵਿੱਚ ਡੀ.ਐਲ.ਐਸ.ਏ ਦੀ ਪੀ.ਐਲ.ਵੀ ਮਿਸ ।ਦੀਪਿਕਾ ਅਤੇ ਪੈਨਲ ਵਕੀਲ ਸਾਹਿਬਾਨ ਨੇ ਵੀ ਭਾਗ ਲਿਆ ਅਤੇ ਵਾਤਾਵਰਨ ਸੁਰੱਖਿਆ ਦੀ ਵਚਨਬੱਧਤਾ ਦਰਸਾਈ। ਇਸ ਮੌਕੇ ਐਡਵੋਕੇਟ ਬਾਰ ਐਸੋਸੀਏਸ਼ਨ ਦੇ ਕਈ ਮਾਣਯੋਗ ਅਹੁਦੇਦਾਰ ਅਤੇ ਮੈਂਬਰ ਵੀ ਇਸ ਪੌਦੇ ਲਗਾਉਣ ਮੁਹਿੰਮ ਵਿੱਚ ਸ਼ਾਮਿਲ ਹੋਏ। ਇਸ ਮੌਕੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਬਾਠ, ਮੀਤ ਪ੍ਰਧਾਨ ਐਡਵੋਕੇਟ ਸਰਬਜੀਤ ਸਿੰਘ ਗਿੱਲ, ਸੈਕਟਰੀ ਐਡਵੋਕੇਟ ਰਾਜਕੰਵਲਬੀਰ ਸਿੰਘ ਸੰਧੂ, ਐਡਵੋਕੇਟ ਰਣਜੀਤ ਸਿੰਘ ਰਾਣਾ, ਐਡਵੋਕੇਟ ਬਿਕਰਮਜੀਤ ਬਾਠ, ਐਡਵੋਕੇਟ ਵੀ.ਕੇ.ਮਲਹੋਤਰਾ, ਐਡਵੋਕੇਟ ਸੁਖਦੇਵ ਸਿੰਘ ਟਪਿਆਲਾ, ਐਡਵੋਕੇਟ ਪ੍ਰਵੀਨਪਾਲ ਸਿੰਘ ਭਲਾਈਪੁਰ, ਐਡਵੋਕੇਟ ਸਰਬਜੀਤ ਸਿੰਘ ਢਿੱਲੋਂ, ਐਡਵੋਕੇਟ ਗੁਰਏਂਜਲ ਮਾਨ, ਐਡਵੋਕੇਟ ਵਰਿੰਦਰ ਸਿੰਘ ਅਤੇ ਬੈਲਫ ।ਸ਼ਤਰੋਹਨ ਨੇ ਇਹ ਸੰਕਲਪ ਲਿਆ ਕਿ ਉਹ ਵਾਤਾਵਰਨ ਦੀ ਰੱਖਿਆ ਲਈ ਹੋਰ ਵੀ ਪੌਦੇ ਲਗਾਉਣਗੇ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਗੇ।

# ਮੱਖਣਵਿਡੀ ਦੇ ਗੁਰਦੁਆਰਾ ਨੌਵੀਂ ਪਾਤਸ਼ਾਹੀ ਵਿਖੇ ਸਾਲਾਨਾਂ 41ਵਾਂ ਸ਼ਹੀਦੀ ਸਮਾਗਮ ਮਨਾਇਆ



**ਚੌਕ ਮਹਿਤਾ,3 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਮਹਾਂਪੁਰਸ਼ਾਂ ਦੀ ਅਗਵਾਈ 'ਚ ਭਾਈ ਅਮਰੀਕ ਸਿੰਘ ਜੀ,ਜਰਨਲ ਸੁਬੇਗ ਸਿੰਘ ਜੀ,ਸ਼ਹੀਦ ਜਗੀਰ ਸਿੰਘ ਮੱਖਣਵਿਡੀ ਅਤੇ ਸਮੂਹ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਪਾਵਨ ਯਾਦ ਨੂੰ ਸਮ੍ਰਪਿਤ ਪਿੰਡ ਮੱਖਣਵਿਡੀ ਵਿਖੇ "ਗੁਰਦੁਆਰਾ ਨੌਵੀਂ ਪਾਤਸ਼ਾਹੀ" ਵਿਖੇ ਮਿਤੀ 3 ਜੂਨ ਦਿਨ ਮੰਗਲਵਾਰ ਨੂੰ ਸਾਲਾਨਾਂ 41ਵਾਂ ਸ਼ਹੀਦੀ ਸਮਾਗਮ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪ੍ਰਸਿੱਧ ਢਾਡੀ ਜਥਿਆਂ ਵਲੋਂ ਬੀਰ ਰਸ ਭਰਪੂਰ ਢਾਡੀ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਉਪਰੰਤ ਸੰਤ ਬਾਬਾ ਸਰਦਾਰਾ ਸਿੰਘ ਜੀ ਦੇ ਸੱਦੇ ਤੇ "ਗੁਰਦੁਆਰਾ ਯਾਦਗਾਰ ਏ ਸ਼ਹੀਦਾਂ" ਤੋਂ ਪਹੁੰਚੇ ਭਾਈ ਸੁਖਵਿੰਦਰ ਸਿੰਘ ਅਗਵਾਨ ਵਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਭਾਈ ਸੁਖਵਿੰਦਰ ਸਿੰਘ ਵਲੋਂ ਸ਼ਹੀਦ ਭਾਈ ਜਗੀਰ ਸਿੰਘ ਮੱਖਣਵਿਡੀ ਦੇ ਭੈਣ ਜੀ ਸੁਰਜੀਤ ਕੌਰ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਸੁਖਵਿੰਦਰ ਸਿੰਘ ਅਗਵਾਨ,ਜਥੇਦਾਰ ਸੰਤੋਖ ਸਿੰਘ ਮੱਖਣਵਿਡੀ,ਬੀਬੀ ਸੁਰਜੀਤ ਕੌਰ,ਮਨਜੀਤ ਕੌਰ,ਸੁਖਰਾਜ ਕੌਰ,ਕੁਲਦੀਪ ਕੌਰ,ਨਵਜੋਤ ਸਿੰਘ, ਗੁਰਜੋਤ ਸਿੰਘ,ਜਥੇਦਾਰ ਮੇਜਰ ਸਿੰਘ ਟਾਹਲੀ ਸਾਹਿਬ,ਬਲਵਿੰਦਰ ਸਿੰਘ ਟਾਹਲੀ ਸਾਹਿਬ,ਹਰਪਾਲ ਸਿੰਘ ਬੁੱਟਰ,ਸ਼ਮਸ਼ੇਰ ਸਿੰਘ ਜੇਠੂਵਾਲ, ਜਸਵੰਤ ਸਿੰਘ ਤਰਨਾ ਦਲ,ਸਕੱਤਰ ਸਿੰਘ,ਪਾਲ ਸਿੰਘ ਸੈਕਟਰੀ,ਬਾਬਾ ਸੁਖਾ ਸਿੰਘ, ਬਾਬਾ ਰਾਜਵਿੰਦਰ ਸਿੰਘ ਰਾਜੂ,ਬਾਬਾ ਗੁਰਮੇਜ ਸਿੰਘ, ਭਾਈ ਗੁਰਦੇਵ ਸਿੰਘ,ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ ਆਦਿ ਹਾਜਰ ਸਨ।

# ਆੜਤੀ ਐਸੋਸ਼ੀਏਸ਼ਨ ਦੇ ਨਵੇਂ ਦਫ਼ਤਰ ਦੇ ਉਦਘਾਟਨ ਮੌਕੇ ਸੁਨੀਲ ਪਾਸੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ

**ਜੰਡਿਆਲਾ ਗੁਰੂ**, 3 ਜੂਨ ( **ਕੁਲਵੰਤ ਸਿੰਘ ਵਿਰਦੀ** )-ਬੀਤੇ ਕਲ੍ਹ ਆੜਤੀ ਐਸੋਸ਼ੀਏਸ਼ਨ ਦੀ ਇਕ ਜ਼ਰੂਰੀ ਮੀਟਿੰਗ ਕੀਤੀ ਗਈ ਜਿਸ ਵਿੱਚ ਨਵੇਂ ਦਫ਼ਤਰ ਦਾ ਉਦਘਾਟਨ ਆੜਤੀ ਐਸੋਸ਼ੀਏਸ਼ਨ ਦੇ ਸੀਨੀਅਰ ਮੈਂਬਰ ਰਮੇਸ਼ ਕੁਮਾਰ , ਰਸ਼ਪਾਲ ਸਿੰਘ ਕਾਲੇ ਸ਼ਾਹ, ਮੋਹਿੰਦਰ ਸਿੰਘ ਛੱਜਲਵੱਡੀ ਨੇ ਕੀਤਾ ।ਜਿਸ ਉਪਰੰਤ ਸੁਨੀਲ ਪਾਸੀ ਪ੍ਰਧਾਨ ਆੜਤੀ ਐਸੋਸੀਏਸ਼ਨ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ ਜਿਸ ਵਿੱਚ ਜਿਮੀਦਾਰ ਭਰਾਵਾਂ ਨੂੰ 12 ਵਜੇ ਦੁਪਹਿਰ ਤਕ ਟਰਾਲੀਆਂ ਲਿਆਉਣ ਲਈ ਫੈਸਲਾ ਕੀਤਾ ਗਿਆ ।ਖਰੀਦਦਾਰ ਵੀਰਾਂ ਨੂੰ ਸਮੇਂ ਨਾਲ ਬੋਲੀ ਖਤਮ ਕਰਨ ਲਈ ਅਤੇ ਧਾਰਾ ਸ਼ਰਾ ਅਨੁਸਾਰ ਪੈਮੇਂਟ ਕਰਨ ਲਈ ਕਿਹਾ ਗਿਆ ।ਸਾਰਿਆਂ ਨੇ ਵਿਸ਼ਵਾਸ ਦਵਾਇਆ ਕਿ ਜਿਮੀਦਾਰ ਅਤੇ ਲੇਬਰ ਵਾਲੇ ਆੜਤੀਆਂ ਨੂੰ ਕੋਈ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜਿੰਦਰ ਸਿੰਘ ਸਰਜਾ, ਰਮਨ ਬੱਸੀ, ਨਵਦੀਪ ਸਿੰਘ ਨੀਟਾ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ ਹੈਪੀ, ਮਨੀ ਮਿਗਲਾਨੀ, ਸੁਰਿੰਦਰ ਮੋਹਨ ਲਾਲੀ ਸਤੀਸ਼ ਕੁਮਾਰ, ਅਮਨਦੀਪ ਸਿੰਘ, ਸਰਬਜੀਤ ਸਿੰਘ, ਭਲਵਾਨ ਨਿਸ਼ਾਨ ਸਿੰਘ, ਸੁਰਜੀਤ ਸਿੰਘ ਕੰਗ, ਪਵਨ ਜੈਨ ਸ਼ੰਟੀ, ਸੁਰਿੰਦਰ ਸੇਠ ,ਗੁਰਪ੍ਰੀਤ ਸਿੰਘ ਸਾਬਾ, ਗੁਰਮੀਤ ਸਿੰਘ, ਰਾਜਪਾਲ ਸਿੰਘ, ਹੇਮਰ ਜੈਨ, ਕੁਲਦੀਪ ਸਿੰਘ ਆਦਿ ਆੜਤੀ ਹਾਜ਼ਿਰ ਸਨ ।ਇਸ ਦੌਰਾਨ ਸੁਨੀਲ ਪਾਸੀ ਪ੍ਰਧਾਨ ਨੇ ਹਰਭਜਨ ਸਿੰਘ ਈਟੀਓ ਕੈਬਿਨੇਟ ਮੰਤਰੀ ਪੰਜਾਬ ਦਾ ਅਤੇ ਡੀਸੀ ਮੈਡਮ ਸਾਕਸ਼ੀ ਸਾਹਨੀ, ਡੀ ਐਫ ਐੱਸ ਸੀ ਅਮਨਦੀਪ ਸਿੰਘ ਦਾ ਧੰਨਵਾਦ ਕੀਤਾ ਜਿੰਨਾ ਦੇ ਸਹਿਯੋਗ ਸਦਕਾ ਜੰਡਿਆਲਾ ਮੰਡੀ ਪਹਿਲ ਦੇ ਅਧਾਰ ਤੇ ਕਣਕ ਦੀ ਲਿਫਟਿੰਗ ਹੋਈ ਹੈ ।



# ਸਕੂਲ ਦੇ ਪਾਠਕਰਮ ਵਿੱਚ ਨੈਤਿਕ ਸਿੱਖਿਆ ਦੀ ਮਹੱਤਤਾ



**ਅਜੋਕੇ** ਯੁੱਗ ਜੋ ਤੇਜ਼ ਤਕਨੀਕੀ ਉੱਨਤੀ ਅਤੇ ਬਦਲਦੇ ਸਮਾਜਿਕ ਨਿਯਮਾਂ ਨਾਲ ਭਰਪੂਰ ਹੈ। ਸਕੂਲ ਦੇ ਪਾਠਕਰਮ ਵਿੱਚ ਨੈਤਿਕ ਸਿੱਖਿਆ ਦੀ ਮਹੱਤਤਾ ਬਹੁਤ ਵੱਧ ਗਈ ਹੈ। ਜਦੋਂ ਸਿੱਖਿਆ ਦੇਣ ਵਾਲੇ ਅਤੇ ਨੀਤੀ ਨਿਰਧਾਰਕ ਵਿਦਿਆਰਥੀਆਂ ਨੂੰ ਇੱਕ ਜਟਿਲ ਦੁਨੀਆ ਲਈ ਤਿਆਰ ਕਰਨ ਦੀ ਕੋਸ਼ਿਸ਼ ਕਰਦੇ ਹਨ ਤਾਂ ਨੈਤਿਕ ਸਿੱਖਿਆ ਦੇ ਅੰਤਰਨ ਨੂੰ ਇੱਕ ਅਹਿਮ ਭਾਗ ਵਜੋਂ ਦੇਖਣਾ ਜ਼ਰੂਰੀ ਬਣ ਜਾਂਦਾ ਹੈ। ਇਹ ਸਿਰਫ ਗਿਆਨਵਾਨ ਵਿਅਕਤੀਆਂ ਹੀ ਨਹੀਂ, ਸਗੋਂ ਜਿੰਮੇਵਾਰ ਅਤੇ ਨੈਤਿਕ ਨਾਗਰਿਕ ਵੀ ਬਣਾਉਂਦਾ ਹੈ।

**ਨੈਤਿਕ ਸਿੱਖਿਆ ਦੀ ਪਰਿਭਾਸ਼ਾ**-ਨੈਤਿਕ ਸਿੱਖਿਆ ਉਹ ਸਿੱਖਿਆ ਹੈ ਜੋ ਮੁੱਲਾਂ, ਨੈਤਿਕਤਾ ਅਤੇ ਉਹ ਨਿਯਮ ਸਿਖਾਉਂਦੀ ਹੈ ਜੋ ਵਿਅਕਤੀਆਂ ਨੂੰ ਸਹੀ ਅਤੇ ਗਲਤ ਦੇ ਫੈਸਲੇ ਕਰਨ ਵਿੱਚ ਮਦਦ ਕਰਦੀ ਹੈ। ਇਸ ਵਿੱਚ ਇਮਾਨਦਾਰੀ, ਦਇਆ, ਆਦਰ ਅਤੇ ਸਮਾਜਿਕ ਜਿੰਮੇਵਾਰੀ ਵਰਗੇ ਵਿਸ਼ਿਆਂ ਦੀ ਚੋਣ ਹੁੰਦੀ ਹੈ। ਇਸਦਾ ਮਕਸਦ ਕਿਰਦਾਰ ਨੂੰ ਵਿਕਸਤ ਕਰਨਾ ਅਤੇ ਉਹਨਾਂ ਮੁੱਲਾਂ ਨੂੰ ਉਭਾਰਨਾ ਹੈ ਜੋ ਵਿਦਿਆਰਥੀ ਆਪਣੇ ਰੋਜ਼ਾਨਾ ਜੀਵਨ ਵਿੱਚ ਲਾਗੂ ਕਰ ਸਕਦੇ ਹਨ।

**ਸਕੂਲਾਂ ਦੀ ਭੂਮਿਕਾ**-ਸਕੂਲ ਉਹ ਬੁਨਿਆਦੀ ਵਾਤਾਵਰਨ ਹਨ ਜਿੱਥੇ ਬੱਚੇ ਆਪਣੇ ਜੀਵਨ ਦੇ ਸਾਲਾਂ ਦਾ ਇੱਕ ਵੱਡਾ ਹਿੱਸਾ ਬਿਤਾਉਂਦੇ ਹਨ। ਜਦੋਂ ਕਿ ਗਣਿਤ, ਵਿਗਿਆਨ ਅਤੇ ਸਾਹਿਤ ਵਰਗੇ ਅਕਾਦਮਿਕ ਵਿਸ਼ੇ ਬੁੱਧੀਮਤਾ ਵਿਕਾਸ ਲਈ ਮਹੱਤਵਪੂਰਕ ਹਨ, ਇਹ ਅਕਸਰ ਉਹ ਨੈਤਿਕ ਸੰਕਟਾਂ ਨੂੰ ਪਤਾ ਨਹੀਂ ਕਰਦੇ ਜੋ ਵਿਦਿਆਰਥੀਆਂ ਨੂੰ ਅਸਲੀ ਜੀਵਨ ਵਿੱਚ ਸਾਹਮਣਾ ਕਰਨਾ ਪੈਂਦਾ ਹੈ। ਪਾਠਕਰਮ ਵਿੱਚ ਨੈਤਿਕ ਸਿੱਖਿਆ ਨੂੰ ਸ਼ਾਮਿਲ ਕਰਕੇ ਸਕੂਲ ਵਿਦਿਆਰਥੀਆਂ ਨੂੰ ਨੈਤਿਕ ਚੁਣੌਤੀਆਂ ਵਿੱਚ ਮਦਦ ਕਰਨ ਅਤੇ ਉਹਨਾਂ ਮੁੱਲਾਂ ਨੂੰ ਪੇਸ਼ ਕਰਨ ਵਿੱਚ ਇੱਕ ਅਹਿਮ ਭੂਮਿਕਾ ਨਿਭਾ ਸਕਦੇ ਹਨ ਜੋ ਸਕਾਰਾਤਮਕ ਵਿਹਾਰ ਨੂੰ ਉਤਸ਼ਾਹਿਤ ਕਰਦੇ ਹਨ।

**ਦਇਆ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨਾ**-ਨੈਤਿਕ ਸਿੱਖਿਆ ਦਾ ਇੱਕ ਮੁੱਖ ਫਾਇਦਾ ਦਇਆ ਦਾ ਵਿਕਾਸ ਹੈ। ਨੈਤਿਕ ਸੰਕਟਾਂ ਬਾਰੇ ਚਰਚਾ, ਸਮੂਹ ਗਤੀਵਿਧੀਆਂ ਅਤੇ ਸਮਾਜ ਸੇਵਾ ਪ੍ਰੋਜੈਕਟਾਂ ਰਾਹੀਂ, ਵਿਦਿਆਰਥੀ ਨੈਤਿਕ ਸਿੱਖਿਆ ਦੇ ਨਜ਼ਰੀਏ ਨੂੰ ਧਿਆਨ ਵਿੱਚ ਰੱਖਣਾ ਸਿੱਖਦੇ ਹਨ। ਇਹ ਸਮਝ ਦਇਆ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਵਿਦਿਆਰਥੀਆਂ ਨੂੰ ਆਪਣੀਆਂ ਸਮਾਜਾਂ ਨਾਲ ਮਾਇਨੇਦਾਰ ਢੰਗ ਨਾਲ ਜੁੜਨ ਲਈ ਪ੍ਰੇਰਿਤ ਕਰਦੀ ਹੈ।

ਉਦਾਹਰਨ ਵਜੋਂ, ਸੇਵਾ ਅਧਿਐਨ ਪ੍ਰੋਗਰਾਮ ਨਾ ਸਿਰਫ ਵਿਦਿਆਰਥੀਆਂ ਨੂੰ ਸਮਾਜਿਕ ਜਿੰਮੇਵਾਰੀ ਬਾਰੇ ਸਿਖਾਉਂਦੇ ਹਨ, ਸਗੋਂ ਉਹਨਾਂ ਨੂੰ ਪਹਿਲਾਂ ਹੱਥ ਦੇ ਅਨੁਭਵ ਪ੍ਰਦਾਨ ਕਰਦੇ ਹਨ ਜੋ ਸਮਾਜਿਕ ਸਮੱਸਿਆਵਾਂ ਦੀ ਗਹਿਰਾਈ ਵਿੱਚ ਜਾਣਣ ਵਿੱਚ ਮਦਦ ਕਰਦੇ ਹਨ। ਵੱਖ-ਵੱਖ ਸਮਾਜਾਂ ਨਾਲ ਜੁੜ ਕੇ ਅਤੇ ਅਸਲੀ ਦੁਨੀਆ ਦੇ ਸਮੱਸਿਆਵਾਂ ਦਾ ਸਾਹਮਣਾ ਕਰਕੇ ਵਿਦਿਆਰਥੀ ਸਮਾਜ ਅਤੇ ਹੋਰਾਂ ਪ੍ਰਤੀ ਜਿੰਮੇਵਾਰੀ ਦਾ ਅਹਿਸਾਸ ਕਰਦੇ ਹਨ।

**ਨਿਯਮਿਤ ਸੋਚਣ ਦੇ ਹੁਨਰਾਂ ਨੂੰ ਵਧਾਉਣਾ**-ਨੈਤਿਕ ਸਿੱਖਿਆ ਨਿਯਮਿਤ ਸੋਚਣ ਨੂੰ ਉਤਸ਼ਾਹਿਤ ਕਰਦੀ ਹੈ ਜੋ ਵਿਦਿਆਰਥੀਆਂ ਨੂੰ ਅਕਸਰ ਔਖੇ ਦ੍ਰਿਸ਼ਟੀਕੋਣਾਂ ਨਾਲ ਵੱਖ-ਵੱਖ ਕੋਣਾਂ ਤੋਂ ਸਥਿਤੀਆਂ ਦਾ ਵਿਸ਼ਲੇਸ਼ਣ ਕਰਨ ਲਈ ਲੋੜੀਂਦੀ ਹੈ। ਇਹ ਪ੍ਰਕਿਰਿਆ ਉਹਨਾਂ ਨੂੰ ਨਤੀਜਿਆਂ ਦੀ ਮੂਲਯਾਂਕਨ ਕਰਨ, ਨੈਤਿਕ ਪ੍ਰਭਾਵਾਂ ਦੀ ਗਿਣਤੀ ਕਰਨ ਅਤੇ ਜਾਣੂ ਫੈਸਲੇ ਕਰਨ ਦੀ ਸਮਰੱਥਾ ਵਿਕਸਤ ਕਰਨ ਵਿੱਚ ਮਦਦ ਕਰਦੀ ਹੈ। ਇਹ ਹੁਨਰ ਨਾ ਸਿਰਫ ਨਿੱਜੀ ਸੰਦਰਭਾਂ ਵਿੱਚ ਸਗੋਂ ਉਹਨਾਂ ਪੇਸ਼ੇਵਰ ਵਾਤਾਵਰਨਾਂ ਵਿੱਚ ਵੀ ਕੀਮਤੀ ਹੁੰਦੇ ਹਨ ਜਿੱਥੇ ਨੈਤਿਕ ਫੈਸਲੇ ਲੈਣਾ ਜ਼ਰੂਰੀ ਹੁੰਦਾ ਹੈ।

**ਗਲੋਬਲ ਨਾਗਰਿਕਤਾ ਲਈ ਤਿਆਰੀ**-ਸਾਡੇ ਵਧ ਰਹੇ ਆਪਸੀ ਜੁੜਾਅ ਵਾਲੇ ਸੰਸਾਰ ਵਿੱਚ ਨੈਤਿਕ ਸਿੱਖਿਆ ਗਲੋਬਲ ਨਾਗਰਿਕਤਾ ਲਈ ਵਿਦਿਆਰਥੀਆਂ ਨੂੰ ਤਿਆਰ ਕਰਨ ਲਈ ਮਹੱਤਵਪੂਰਕ ਹੈ। ਮੌਸਮੀ ਬਦਲਾਅ, ਸਮਾਜਿਕ ਇਨਸਾਫ ਅਤੇ ਮਨੁੱਖੀ ਹੱਕਾਂ ਵਰਗੇ ਮੁੱਦੇ ਉਹ ਲੋਕਾਂ ਦੀ ਲੋੜ ਰੱਖਦੇ ਹਨ ਜੋ ਸੰਸਕ੍ਰਿਤਕ ਵੱਖਰੇਪਨ ਨੂੰ ਸਮਝ ਸਕਣ ਅਤੇ ਨੈਤਿਕ ਹੱਲਾਂ ਲਈ ਪੈਰਵੀ ਕਲ ਸਕਣ। ਇੱਕ ਪਾਠਕਰਮ ਜੋ ਨੈਤਿਕ ਸਿੱਖਿਆ ’ਤੇ ਜ਼ੋਰ ਦਿੰਦਾ ਹੈ ਵਿਦਿਆਰਥੀਆਂ ਨੂੰ ਗਲੋਬਲ ਚੁਣੌਤੀਆਂ ਨਾਲ ਸੋਚ-ਵਿਚਾਰ ਕਰਨ ਅਤੇ ਆਦਰਸ਼ ਰੂਪ ਵਿੱਚ ਸੰਬੰਧਿਤ ਹੋਣ ਦੀ ਪ੍ਰੇਰਨਾ ਦਿੰਦਾ ਹੈ।

**ਸਕੂਲ ਵਲੋਂ ਸਕਾਰਾਤਮਕ ਸੰਸਕਾਰ ਬਣਾਉਣਾ**-ਸਕੂਲ ਦੇ ਪਾਠਕਰਮ ਵਿੱਚ ਨੈਤਿਕ ਸਿੱਖਿਆ ਦੀ ਇੰਟੀਗਰੇਸ਼ਨ ਇੱਕ ਸਕਾਰਾਤਮਕ ਸਕੂਲ ਸੰਸਕਾਰ ਵਿੱਚ ਯੋਗਦਾਨ ਦੇ ਸਕਦੀ ਹੈ। ਜਦੋਂ ਵਿਦਿਆਰਥੀਆਂ ਨੂੰ ਆਦਰ, ਦਇਆ ਅਤੇ ਇਮਾਨਦਾਰੀ ਦੀ ਮਹੱਤਤਾ ਬਾਰੇ ਸਿਖਾਇਆ ਜਾਂਦਾ ਹੈ ਤਾਂ ਇਹ ਇੱਕ ਐਸਾ ਵਾਤਾਵਰਨ ਬਣਾਉਂਦਾ ਹੈ ਜੋ ਸਿੱਖਣ ਲਈ ਉਪਯੋਗੀ ਹੁੰਦਾ ਹੈ। ਇਸ ਤਰ੍ਹਾਂ ਦਾ ਸੰਸਕਾਰ ਨਾ ਸਿਰਫ ਅਕਾਦਮਿਕ ਪ੍ਰਦਰਸ਼ਨ ਨੂੰ ਵਧਾਉਂਦਾ ਹੈ, ਸਗੋਂ ਆਪਸੀ ਝਗੜਿਆਂ ਦੀਆਂ ਘਟਨਾਵਾਂ ਨੂੰ ਵੀ ਘਟਾਉਂਦਾ ਹੈ।

**ਚੁਣੌਤੀਆਂ ਅਤੇ ਵਿਚਾਰ**-ਜਦੋਂ ਕਿ ਨੈਤਿਕ ਸਿੱਖਿਆ ਦੀ ਮਹੱਤਤਾ ਸੁਚੱਜੀ ਹੈ, ਇਸਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਚੁਣੌਤੀਆਂ ਪੈਦਾ ਕਰਦਾ ਹੈ। ਸਿੱਖਿਆ ਦੇਣ ਵਾਲਿਆਂ ਨੂੰ ਵੱਖ-ਵੱਖ ਸੰਸਕਾਰਕ ਪਿਛੋਕੜਾਂ, ਨੈਤਿਕਤਾ ਬਾਰੇ ਵੱਖਰੇ ਵਿਚਾਰ ਅਤੇ ਮਾਪੇ ਦੀਆਂ ਵੱਖਰੀਆਂ ਸਮਰੱਥਾਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਜ਼ਰੂਰੀ ਹੈ ਕਿ ਨੈਤਿਕ ਸਿੱਖਿਆ ਦੀ ਪਹੁੰਚ ਇਨਕਲੂਸੀਵ ਅਤੇ ਸੋਚ-ਵਿਚਾਰ ਵਾਲੀ ਹੋਵੇ, ਜਿਸ ਨਾਲ ਖੁੱਲ੍ਹੀ ਗੱਲਬਾਤ ਅਤੇ ਵੱਖਰੇ ਵਿਚਾਰਾਂ ਦਾ ਆਦਰ ਕੀਤਾ ਜਾ ਸਕੇ।

ਇਸ ਤੋਂ ਇਲਾਵਾ ਸਿੱਖਿਆ ਦੇਣ ਵਾਲਿਆਂ ਨੂੰ ਨੈਤਿਕ ਸੰਕਲਪਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਿਖਾਉਣ ਲਈ ਯੋਗਤਾ ਅਤੇ ਸਰੋਤਾਂ ਦੀ ਲੋੜ ਹੁੰਦੀ ਹੈ। ਨੈਤਿਕ ਸਿੱਖਿਆ ’ਤੇ ਕੇਂਦ੍ਰਿਤ ਪੇਸ਼ਾਵਰੀ ਵਿਕਾਸ ਦੇ ਮੌਕੇ ਸਿੱਖਿਆ ਦੇਣ ਵਾਲਿਆਂ ਨੂੰ ਇਹ ਮੁੱਲ ਆਪਣੇ ਪਾਠਾਂ ਵਿੱਚ ਸੁਚੱਜੀ ਢੰਗ ਨਾਲ ਸ਼ਾਮਿਲ ਕਰਨ ਲਈ ਸਮਰੱਥ ਬਣਾਉਂਦੇ ਹਨ।

ਅੰਤ ਵਿੱਚ ਨੈਤਿਕ ਸਿੱਖਿਆ ਸਕੂਲ ਦੇ ਪਾਠਕਰਮ ਦਾ ਇਕ ਅਟੁੱਟ ਹਿੱਸਾ ਹੈ ਜੋ ਵਿਦਿਆਰਥੀਆਂ ਨੂੰ ਨਾ ਕੇਵਲ ਅਕਾਦਮਿਕ ਕਾਮਯਾਬੀ ਲਈ ਤਿਆਰ ਕਰਦੀ ਹੈ, ਸਗੋਂ ਉਨ੍ਹਾਂ ਦੀਆਂ ਭੂਮਿਕਾਵਾਂ ਦੇ ਤੌਰ ’ਤੇ ਇੱਕ ਨੈਤਿਕ ਸਮਾਜ ਦੇ ਮੈਂਬਰ ਬਣਾਉਂਦੀ ਹੈ। ਦਇਆ ਦਾ ਵਿਕਾਸ, ਨਿਯਮਿਤ ਸੋਚਣ ਦੇ ਹੁਨਰਾਂ ਵਿੱਚ ਵਾਧਾ, ਸਮਾਜਿਕ ਜਿੰਮੇਵਾਰੀ ਨੂੰ ਉਤਸ਼ਾਹਿਤ ਕਰਨਾ ਅਤੇ ਸਕਾਰਾਤਮਕ ਸਕੂਲ ਸੰਸਕਾਰ ਬਣਾਉਣਾ, ਨੈਤਿਕ ਸਿੱਖਿਆ ਦੁਨੀਆ ਲਈ ਇੱਕ ਹੋਰ ਸੁੰਦਰ ਅਤੇ ਦਇਆਲੂ ਸੰਸਾਰ ਦੀਆਂ ਬੁਨਿਆਦਾਂ ਰੱਖਦਾ ਹੈ। ਜਿਵੇਂ ਕਿ ਅਸੀਂ ਭਵਿੱਖ ਵੱਲ ਵੇਖਦੇ ਹਾਂ ਇਹ ਜ਼ਰੂਰੀ ਹੈ ਕਿ ਸਕੂਲ ਪਰੰਪਰਾਗਤ ਅਕਾਦਮਿਕ ਵਿਸ਼ਿਆਂ ਦੇ ਨਾਲ-ਨਾਲ ਨੈਤਿਕ ਸਿੱਖਿਆ ’ਤੇ ਵੀ ਧਿਆਨ ਕੇਂਦ੍ਰਿਤ ਕਰਨ ਤਾਂ ਜੋ ਸਭ-ਪੱਖੀ ਵਿਅਕਤੀਆਂ ਦਾ ਵਿਕਾਸ ਕੀਤਾ ਜਾ ਸਕੇ ਜੋ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਹੋਣ।

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

## ਜਿਲ੍ਹਾ ਪੁਲਿਸ ਸੰਗਰੂਰ ਵੱਲੋਂ

# ਮਿਤੀ 01.05.2025 ਤੋਂ 31.05.2025 ਤੱਕ ਕੀਤੀ ਗਈ ਕਾਰਗੁਜਾਰੀ”

**ਸੰਗਰੂਰ, 3 ਜੂਨ ( ਰਣਜੀਤ ਸਿੰਘ ਪੇਧਨੀ )** -ਸ੍ਰੀ ਸਰਤਾਜ ਸਿੰਘ ਚਾਹਲ IPS, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ “ਯੁੱਧ ਨਸ਼ਿਆਂ ਵਿਰੁੱਧ” ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.05.2025 ਤੋਂ 31.05.2025 ਤੱਕ ਡਰੱਗ ਦੇ 86 ਮੁਕੱਦਮੇ ਦਰਜ ਕਰਕੇ 124 ਦੋਸੀ ਕਾਬੂ ਕਰਕੇ 05 ਕਿੱਲੋਗ੍ਰਾਮ ਹੈਰੋਇਨ, 500 ਗ੍ਰਾਮ ਅਫੀਮ, 75 ਕਿੱਲੋ ਭੁੱਕੀ ਚੂਰਾ ਪੋਸਤ, 244 ਗ੍ਰਾਮ ਚਰਸ, 330 ਗ੍ਰਾਮ ਗਾਂਜਾ/ਸੁਲਫਾ, 4649 ਨਸੀਲੀਆਂ ਗੋਲੀਆਂ, 06 ਨਸੀਲੀਆਂ ਸੀਸੀਆਂ ਅਤੇ 5,82,000/- ਰੁਪਏ ਡਰੱਗ ਮਨੀ ਬ੍ਰਾਮਦ ਕਰਵਾਈ ਗਈ। ਸਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 47 ਮੁਕੱਦਮੇ ਦਰਜ ਕਰਕੇ 52 ਦੋਸੀਆਂ ਨੂੰ ਕਾਬੂ ਕਰਕੇ 602.250 ਲੀਟਰ ਸਰਾਬ ਠੇਕਾ ਦੇਸੀ, 191.750 ਲੀਟਰ ਸਰਾਬ ਨਜੈਜ, 9 ਲੀਟਰ ਸਰਾਬ ਅੰਗਰੇਜੀ, 300 ਲੀਟਰ ਸਪਰਿੱਟ, 01 ਚਾਲੂ ਭੱਠੀ ਅਤੇ 3015 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ।

**ਨਸ਼ਿਆਂ ਵਿਰੁੱਧ ਚਲਾਈ ਮਹਿੰਮ ਤਹਿਤ ਜਿਲ੍ਹਾ ਸੰਗਰੂਰ ਵਿਖੇ 133 ਮੁਕੱਦਮੇ ਦਰਜ, 176 ਦੋਸੀ ਗ੍ਰਿਫਤਾਰ**

“ਯੁੱਧ ਨਸਿਆਂ ਵਿਰੁੱਧ” ਤਹਿਤ ਕਾਰਵਾਈ ਕਰਦੇ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਜਿਲ੍ਹਾ ਜੇਲ ਸੰਗਰੂਰ ਦੀ ਸਰਚ ਦੌਰਾਨ ਬ੍ਰਾਮਦ ਕੀਤੇ ਮੋਬਾਇਲ ਫੋਨਾਂ ਤੋਂ ਜੇਲ ਅੰਦਰੋਂ ਚੱਲ ਰਹੇ ਨਸ਼ੇ ਸਪਲਾਈ ਦੇ ਰੈਕਟ ਦਾ ਪਰਦਾਫਾਸ ਕਰਕੇ 04 ਕਿੱਲੋਗ੍ਰਾਮ ਚਿੱਟਾ/ਹੈਰੋਇਨ, 5,50,000/- ਡਰੱਗ ਮਨੀ, 01 ਪਿਸਟਲ ਗਲੌਕ 9✡✡ ਸਮੇਤ 02 ਜਿੰਦਾ ਰੌਂਦ ਅਤੇ ਮੋਬਾਇਲ ਫੋਨ ਬ੍ਰਾਮਦ ਕਰਵਾਏ ਗਏ। ਇਸ ਰੈਕਟ ਨਾਲ ਸਬੰਧਤ ਜਿਲ੍ਹਾ ਜੇਲ ਸੰਗਰੂਰ ਵਿੱਚ ਤਾਇਨਾਤ DSP ਗ੍ਰਿਫਤਾਰ ਕੀਤਾ ਗਿਆ।

ਮਿਤੀ 09.05.2025 ਨੂੰ ਥਾਣਾ ਭਵਾਨੀਗੜ ਵਿਖੇ 01 ਦੋਸੀ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜਾ ਵਿੱਚੋਂ 05 ਚੋਰੀਸ਼ੁਦਾ ਮੋਟਰਸਾਇਕਲ ਅਤੇ ਮੋਟਰਸਾਇਕਲਾਂ ਦੇ ਪੁਰਜੇ ਬ੍ਰਾਮਦ ਕਰਵਾਏ ਗਏ।

ਮਿਤੀ 13.05.2025 ਨੂੰ ਨਕਲੀ ਪੁਲਿਸ ਮੁਲਾਜਮ ਬਣ ਕੇ ਲੋਕਾਂ ਨਾਲ ਠੱਗੀਆਂ ਮਾਰਨ ਸਬੰਧੀ ਅੰਮ੍ਰਿਤਪਾਲ ਸਿੰਘ ਪੁੱਤਰ ਸੁਖਚੈਨ ਸਿੰਘ ਵਾਸੀ ਜੌਲੀਆਂ ਨੂੰ ਗ੍ਰਿਫਤਾਰ ਕਰਕੇ 30,000/- ਰੁਪਏ ਨਕਦ, ਪੁਲਿਸ ਵਰਦੀ, ਚਿੱਟੇ ਰੰਗ ਦੀ ਪੁਲਿਸ ਲੋਗੋ ਵਾਲੀ ਟੀ ਸ਼ਰਟ ਅਤੇ 01 ਨਕਲੀ ਪਿਸਟਲ ਬ੍ਰਾਮਦ ਕਰਵਾਇਆ ਗਿਆ।

ਮਿਤੀ 14.05.2025 ਨੂੰ ਥਾਣਾ ਲਹਿਰਾ ਦੇ ਏਰੀਆ ਵਿੱਚ ਨਜਾਇਜ ਸਰਾਬ ਦਾ ਧੰਦਾ ਕਰਨ ਵਾਲੇ ਦੋਸੀਆਂ ਖਿਲਾਫ ਕਾਰਵਾਈ ਕਰਦੇ ਹੋਏ 03 ਦੋਸੀ ਕਾਬੂ ਕਰਕੇ 1150 ਲੀਟਰ ਲਾਹਣ, 43 ਬੋਤਲਾਂ ਨਜਾਇਜ ਸਰਾਬ ਅਤੇ 01 ਸਕਾਰਪੀਓ ਗੱਡੀ ਬ੍ਰਾਮਦ ਕਰਵਾਈ ਗਈ।

ਥਾਣਾ ਸਦਰ ਸੰਗਰੂਰ ਦੇ ਏਰੀਆ ਵਿੱਚ ਹੋਏ ਖੋਹ ਅਤੇ ਚੋਰੀ ਦੇ 02 ਮੁਕੱਦਮੇ ਟਰੇਸ ਕਰਕੇ 05 ਦੋਸੀਆਂ ਨੂੰ ਕਾਬੂ ਕੀਤਾ ਅਤੇ ਖੋਹ/ਚੋਰੀ ਕੀਤੇ 02 ਮੋਬਾਇਲ ਫੋਨ ਅਤੇ ਪੈਸੇ ਬ੍ਰਾਮਦ ਕਰਵਾਏ ਗਏ।

ਇਸ ਤੋਂ ਇਲਾਵਾ ਜੂਆ ਐਕਟ ਤਹਿਤ 05 ਮੁਕੱਦਮੇ ਦਰਜ ਕਰਕੇ 16 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ 17,690/- ਰੁਪਏ ਬਰਾਮਦ ਕਰਵਾਏ ਗਏ।

ਉਹਨਾਂ ਕਿਹਾ ਕਿ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੁਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ ਵੱਖ ਗਜਟਿਡ ਅਫਸਰਾਂ ਵੱਲੋਂ 57 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਮੈਨੂੰ ਅਤੇ ਮੇਰੇ ਪਰਿਵਾਰ ਨੂੰ ਝੂਠੇ ਕੇਸ ਚ ਫਸਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ :- ਪੀੜਤ ਲੜਕੀ

## ਮਾਮਲਾ ਘਰੇਲੂ ਵਿਵਾਦ ਦੌਰਾਨ ਬਜੁਰਗ ਵਿਅਕਤੀ ਦੀ ਮੌਤ ਦਾ

**ਜੰਡਿਆਲਾ ਗੁਰੂ 3 ਜੂਨ ( ਕੁਲਵੰਤ ਸਿੰਘ ਵਿਰਦੀ)** - ਬੀਤੇ ਦਿਨੀਂ ਘਰੇਲੂ ਵਿਵਾਦ ਦੌਰਾਨ ਅਕਾਲ ਚਲਾਨਾ ਕਰ ਗਏ ਸ੍ਰ ਕੇਵਲ ਕ੍ਰਿਸ਼ਨ ਖੇਲਾ ਦੀ ਨੂੰਹ ਸਿਮਰਨਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਕੁਦਰਤੀ ਕਾਰਨਾਂ ਕਰਕੇ ਮੇਰੇ ਸਹੁਰੇ ਦੀ ਮੌਤ ਦੇ ਜਿੰਮੇਵਾਰ ਮੈਨੂੰ, ਮੇਰੇ ਇਕਲੌਤੇ ਭਰਾ ਅਤੇ ਚਾਚੇ ਨੂੰ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਲੜਕੀ ਸਿਮਰਨਜੀਤ ਕੌਰ ਨੇ ਦੱਸਿਆ ਕਿ ਮ੍ਰਿਤਕ ਕੇਵਲ ਕ੍ਰਿਸ਼ਨ ਸਿੰਘ ਦੇ ਬੇਟੇ ਦੀਪਕਪਾਲ ਸਿੰਘ ਨਾਲ ਮੇਰੇ ਵਿਆਹ ਨੂੰ ਕਰੀਬ 10 ਸਾਲ ਹੋ ਚੁੱਕੇ ਹਨ ਅਤੇ ਸਾਡੀ ਇਕ ਲੜਕੀ ਹੈ । ਲੜਕੀ ਪੈਦਾ ਹੋਣ ਤੋਂ ਬਾਅਦ ਅਕਸਰ ਮੇਰਾ ਪਤੀ ਮੇਰੇ ਨਾਲ ਝਗੜਾ ਕਰਦਾ ਅਤੇ ਮੈਨੂੰ ਮਾਰਦਾ ਕੁਟਦਾ ਰਹਿੰਦਾ ਸੀ । ਇਥੋਂ ਤਕ ਕਿ ਮੈਨੂੰ ਬਦਨਾਮ ਕਰਨ ਦੀ ਵੀ ਕੋਸ਼ਿਸ਼ ਕਰਦਾ ਸੀ ਅਤੇ ਮੈਨੂੰ ਕਹਿੰਦਾ ਸੀ ਕਿ ਤੂੰ ਆਪਨੇ ਪੇਕੇ ਘਰ ਵਾਪਿਸ ਚਲੀ ਜਾ । ਪੀੜਤ ਲੜਕੀ ਨੇ ਦੱਸਿਆ ਕਿ ਹੁਣ ਵੀ ਕਰੀਬ ਮਹੀਨਾ ਪਹਿਲਾਂ ਮੇਰੇ ਪਤੀ ਦੀਪਕਪਾਲ ਸਿੰਘ ਨੇ ਮੈਨੂੰ ਮਾਰਕੁਟਾਈ ਕਰਦੇ ਹੋਏ ਘਰੋ ਬਾਹਰ ਕੱਢ ਦਿੱਤਾ ਅਤੇ ਬੇਟੀ ਆਪਨੇ ਕੋਲ ਰੱਖ ਲਈ ।ਬੀਤੇ ਦਿਨੀਂ ਜਦ ਮੈ ਆਪਨੇ ਸਹੁਰੇ ਕੇਵਲ ਕ੍ਰਿਸ਼ਨ ਸਿੰਘ ਜੋ ਮੈਨੂੰ ਬਹੁਤ ਪਿਆਰ ਕਰਦੇ ਸਨ ਨੂੰ ਫੋਨ ਕਰਕੇ ਕਿਹਾ ਕਿ ਮੈ ਅਪਣੀ ਬੇਟੀ ਨੂੰ ਮਿਲਣਾ ਹੈ ਤਾਂ ਓਹਨਾਂ ਆਪ ਕਿਹਾ ਕਿ ਮੈ ਅਜੇ ਘਰ ਨਹੀਂ ਤੂੰ ਥੋੜੀ ਦੇਰ ਨੂੰ ਆਉਣਾ । ਫਿਰ ਦੁਬਾਰਾ ਮੇਰੇ ਸਹੁਰੇ ਨੇ ਆਪ ਫੋਨ ਕਰਕੇ ਕਿਹਾ ਕਿ ਪੁੱਤਰ ਤੂੰ ਘਰ ਆਜਾ ਅਤੇ ਆਪਣੀ ਬੇਟੀ ਨੂੰ ਮਿਲ ਲੈ । ਪੀੜਤ ਲੜਕੀ ਨੇ ਦੱਸਿਆ ਕਿ ਮੈ ਜਦ ਅਪਨੇ ਸਹੁਰੇ ਘਰ ਗਈ ਤਾਂ ਮੇਰੀ ਸੱਸ ਦਰਸ਼ਨ ਕੌਰ ਨੇ ਬੂਹਾ ਖੋਲਿਆ ਅਤੇ ਉੱਥੇ ਹੀ ਮੇਰੇ ਨਾਲ ਗਾਲੀ ਗਲੋਚ ਅਤੇ ਹੱਥੋਪਾਈ ਹੋਣ ਲੱਗ ਪਈ । ਇਸ ਦੌਰਾਨ ਮੇਰੇ ਦਿਓਰ ਵਿਸ਼ਾਲ ਅਤੇ ਮੇਰੀ ਦਰਾਣੀ ਨੇ ਵੀ ਮੇਰੇ ਦੁਮਾਲੇ ਨੂੰ ਹੱਥ ਪਾਉਂਦੇ ਹੋਏ ਮੇਰੇ ਵਾਲ ਖਿੱਚਦੇ ਮੈਨੂੰ ਤਿੰਨਾਂ ਨੇ ਮਾਰਨਾ ਕੁੱਟਣਾ ਸ਼ੁਰੂ ਕਰ ਦਿੱਤਾ ਅਤੇ ਮੈ ਆਪਨੇ ਭਰਾ ਨੂੰ ਫੋਨ ਕਰਕੇ ਮੈਨੂੰ ਬਚਾਉਣ ਲਈ ਕਿਹਾ । ਇਸ ਦੌਰਾਨ ਸਾਹਮਣੇ ਕੁਰਸੀ ਤੇ ਬੈਠੇ ਮੇਰੇ ਸਹੁਰੇ ਨੂੰ ਅਚਾਨਕ ਕੁੱਝ ਹੋ ਗਿਆ । ਥੋੜੀ ਹੀ ਦੇਰ ਨੂੰ ਮੇਰਾ ਭਰਾ ਪਰਮਦੀਪ ਸਿੰਘ ਉਰਫ ਹੈਰੀ ਅਤੇ ਚਾਚਾ ਸੋਹੰਗ ਸਿੰਘ ਆ ਗਏ । ਮੇਰਾ ਚਾਚਾ ਘਰ ਦੇ ਬਾਹਰ ਹੀ ਖੜਾ ਰਿਹਾ ਅਤੇ ਮੇਰਾ ਭਰਾ ਹੈਰੀ ਘਰ ਦੇ ਅੰਦਰ ਆਇਆ ਅਤੇ ਮੈਨੂੰ ਵਾਪਿਸ ਘਰ ਲੈ ਗਿਆ । ਅੱਖਾਂ ਦੇ ਅੱਥਰੂ ਪੂੰਝਦੀ ਹੋਈ ਪੀੜਤ ਲੜਕੀ ਨੇ ਦੱਸਿਆ ਕਿ ਕੁਝ ਦੇਰ ਬਾਅਦ ਸਾਨੂੰ ਪਤਾ ਲੱਗਾ ਕਿ ਮੇਰਾ ਸਹੁਰਾ ਹਸਪਤਾਲ ਵਿਚ ਅਕਾਲ ਚਲਾਨਾ ਕਰ ਗਿਆ ਹੈ ਅਤੇ ਮੇਰੇ ਸਹੁਰੇ ਪਰਿਵਾਰ ਵਲੋ ਇਸਦਾ ਜਿੰਮੇਵਾਰ ਮੈਨੂੰ , ਮੇਰੇ ਭਰਾ ਅਤੇ ਚਾਚੇ ਨੂੰ ਦਸਿਆ ਜਾ ਰਿਹਾ ਹੈ ਜੋ ਕਿ ਸਰਾਸਰ ਝੂਠ ਹੈ । ਪੀੜਤ ਲੜਕੀ ਸਿਮਰਨਜੀਤ ਕੌਰ ਨੇ ਪੁਲਿਸ ਦੇ ਉੱਚ ਅਧਿਕਾਰੀਆਂ ਕੋਲੋ ਮੰਗ ਕੀਤੀ ਕਿ ਕੇਸ ਦੀ ਪੂਰੀ ਤਰਾਂ ਜਾਂਚ ਪੜਤਾਲ ਕਰਕੇ ਅਗਲੇਰੀ ਕੋਈ ਕਾਨੂੰਨੀ ਕਾਰਵਾਈ ਕੀਤੀ ਜਾਵੇ । ਇਸ ਸਬੰਧੀ ਡੀ ਐਸ ਪੀ ਜੰਡਿਆਲਾ ਸ੍ਰ ਰਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਕੇਵਲ ਸਿੰਘ ਦੇ ਪਰਿਵਾਰ ਦੇ ਬਿਆਨ ਲੈ ਲਏ ਗਏ ਹਨ ਅਤੇ ਹੁਣ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਜੋ ਵੀ ਹੋਇਆ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।



# ਐੱਸ.ਡੀ.ਐਮ. ਵੱਲੋਂ ਪਟਾਖਿਆਂ ਦੇ ਗੋਦਾਮਾਂ ਦੀ ਚੈਕਿੰਗ, ਗੋਦਾਮਾਂ ਦੇ ਪ੍ਰਬੰਧਕਾਂ ਨੂੰ ਨਿਯਮਾਂ ਦੀ ਇਨ-ਬਿਨ ਪਾਲਣਾ ਦੀਆਂ ਹਦਾਇਤਾਂ

## ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐੱਸ.ਡੀ.ਓ. ਅਤੇ ਸਬ ਫਾਇਰ ਅਫ਼ਸਰ ਨੂੰ ਦਿਸ਼ਾ ਨਿਰਦੇਸ਼ ਜਾਰੀ



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਸੂਲਰ ਘਰਾਟ ਅਤੇ ਕਮਾਲਪੁਰ ਵਿਖੇ ਸਥਿਤ ਪਟਾਖਿਆਂ ਦੇ ਗੋਦਾਮਾਂ ਦੀ ਐੱਸ.ਡੀ.ਐਮ. ਦਿੜ੍ਹਬਾ ਸ਼੍ਰੀ ਰਾਜੇਸ਼ ਸ਼ਰਮਾ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐੱਸ.ਡੀ.ਓ. ਅਤੇ ਸਬ ਫਾਇਰ ਅਫ਼ਸਰ ਨੂੰ ਨਾਲ ਲੈ ਕੇ ਚੈਕਿੰਗ ਕੀਤੀ ਗਈ ਅਤੇ ਗੋਦਾਮਾਂ ਦੇ ਪ੍ਰਬੰਧਕਾਂ ਨੂੰ ਨਿਯਮਾਂ ਦੀ ਇਨ-ਬਿਨ ਪਾਲਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ। ਉਹਨਾਂ ਕਿਹਾ ਕਿ ਨਿਯਮਾਂ ਦੀ ਉਲੰਘਣਾਂ ਪਾਏ ਜਾਣ ’ਤੇ ਕਾਨੂੰਨ ਮੁਤਾਬਕ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਉਹਨਾਂ ਨੇ ਗੋਦਾਮਾਂ ਵਿੱਚ ਪਏ ਸਟਾਕ ਦਾ ਜਾਇਜ਼ਾ ਲੈਂਦੇ ਹੋਏ ਐੱਸ.ਡੀ.ਓ. ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਸਬ ਫਾਇਰ ਅਫ਼ਸਰ ਨੂੰ ਹਦਾਇਤ ਕੀਤੀ ਕਿ ਲੋੜੀਂਦੀ ਜਾਂਚ ਕਰ ਕੇ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਗੋਦਾਮ ਕੇਵਲ ਪਟਾਖੇ ਰੱਖਣ ਲਈ ਵਰਤੇ ਜਾ ਰਹੇ ਹੋਣ ਨਾ ਕਿ ਪਟਾਖੇ ਬਣਾਉਣ ਲਈ ਵਰਤੇ ਜਾਂਦੇ ਹੋਣ। ਇਸ ਦੇ ਨਾਲ-ਨਾਲ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਇੱਥੇ ਸਟੋਰ ਕੀਤੀ ਸਮੱਗਰੀ ਨਿਯਮਾਂ ਅਨੁਸਾਰ ਵਰਤੀ ਜਾ ਸਕਣ ਵਾਲੀ ਸਮੱਗਰੀ ਹੀ ਹੋਵੇ ਅਤੇ ਇਹਨਾਂ ਗੋਦਾਮਾਂ ਵਿੱਚ ਅੱਗ ਤੋਂ ਬਚਾਅ ਬਾਬਤ ਪੁਖਤਾ ਪ੍ਰਬੰਧ ਕੀਤੇ ਗਏ ਹੋਣ। ਸ਼੍ਰੀ ਰਾਜੇਸ਼ ਸ਼ਰਮਾ ਨੇ ਕਿਹਾ ਕਿ ਕੋਈ ਵੀ ਵਿਅਕਤੀ ਅਪਣਾ ਕਾਰੋਬਾਰ ਵੱਧ ਚੜ੍ਹ ਕੇ ਕਰੇ ਪਰ ਨਿਯਮਾਂ ਦੀ ਪਾਲਣਾ ਹਰ ਹਾਲ ਯਕੀਨੀ ਬਣਾਈ ਜਾਵੇ ਤਾਂ ਜੋ ਕਿਸੇ ਵੀ ਕਿਸਮ ਦੇ ਜਾਨੀ ਮਾਲੀ ਨੁਕਸਾਨ ਤੋਂ ਬਚਾਅ ਹੋ ਸਕੇ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

### ਸ਼ਹੀਦਾਂ ਨੂੰ ਭੁੱਲ ਜਾਣ ਵਾਲੀਆਂ ਕੌਮਾਂ ਸ਼ਹੀਦਾਂ ਦੀਆਂ ਹੀ ਨਹੀ ਬਲਕਿ

# ਆਪਣੀਆਂ ਆਉਣ ਵਾਲੀਆਂ ਨਸਲਾਂ ਦੀਆਂ ਵੀ ਹੁੰਦੀਆਂ ਹਨ ਗੁਨਹਗਾਰ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਧਰਮ ਦੇ ਅਗੰਮੀ ਰੂਹਾਨੀਅਤ ਕੇਂਦਰ ਸੰਚਖੰਡ ਸ਼੍ਰੀ ਹਰਮਿੰਦਰ ਸਾਹਿਬ ਤੋਂ ਸਰਬਤ ਦੇ ਭਲੇ ਵਾਸਤੇ ਅਤੇ ਸਰਬ-ਉੱਚ ਸੁਪਰੀਮ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਹਮੇਸ਼ਾ ਮਜ਼ਲੂਮਾਂ ਦੀ ਰੱਖਿਆ ਲਈ, ਹੱਕ ਸੱਚ ਤੇ ਜ਼ਬਰ-ਜ਼ੁਲਮ ਨਾਲ ਟੱਕਰ ਲੈਣ ਲਈ ਧਰਮ ਯੁੱਧ ਕਰਨ ਦਾ ਸਿਧਾਂਤ ਮਿਲਦਾ ਹੈ। ਇਸ ਕਰਕੇ ਇਹ ਤਖਤ ਸ਼੍ਰੀ ਅਕਾਲ ਜੀ ਦਾ ਤਖਤ ਹੈ ਤੇ ਅਕਾਲ ਵਾਂਗ ਹੀ ਅਬਚਲੀ ਤੇ ਅਜਿਤ ਦਾ ਪ੍ਰਤੀਕ ਹੈ। ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੀਤ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਕ੍ਰਾਂਤੀਕਾਰੀ, ਇਨਕਲਾਬੀ ਸੋਚ ਪੈਦਾ ਹੋਣ ਕਰਕੇ ਦਿੱਲੀ ਦੇ ਦੁਨਿਆਵੀ ਤਖਤ ਉੱਪਰ ਬੈਠੇ ਹਾਕਮਾਂ ਨੂੰ ਇਹ ਸਹਿਣ ਨਹੀ ਹੁੰਦਾ। ਜਿਸ ਕਰਕੇ, ਦੇਸ਼ ਦੀ ਹੰਕਾਰੀ ਹੋਈ ਤਾਨਾਸ਼ਾਹ ਹਾਕਮ ਇੰਦਰਾ ਗਾਧੀ ਨੇ ਜੂਨ 1984 ਨੂੰ ਆਪਣੀ ਫੌਜ ਦੇ ਮੁੱਖੀ ਜਨਰਲ ਵੈਦਿਆ ਦੀ ਅਗਵਾਈ ਵਿੱਚ ਰੂਹਾਨੀਅਤ ਦੇ ਕੇਂਦਰ ਸੰਚਖੰਡ ਸ਼੍ਰੀ ਹਰਿਮੰਦਰ ਸਾਹਿਬ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਸਮੇਤ ਹੋਰ 37 ਗੁਰਦੁਆਰਾ ਸਾਹਿਬਾਨਾਂ ਉੱਪਰ ਭਾਰਤ ਦੀਆਂ ਲੱਖਾਂ ਫੌਜਾਂ ਚਾੜ ਕੇ ਜਹਾਜ਼ਾ, ਟੈਂਕਾਂ ਤੋਪਾਂ ਨਾਲ ਹਮਲਾ ਕੀਤਾ ਗਿਆ ਸੀ। ਹਮਲਾਵਰ ਲੱਖਾਂ ਫੌਜਾਂ ਨੇ ਜ਼ਾਲਮਾਨਾਂ, ਦੇ ਰੂਪ ਵਿੱਚ ਹਜ਼ਾਰਾਂ ਸਿੱਖ ਸੰਗਤਾ ਨੂੰ ਕੋਹ ਕੋਹ ਕੇ ਸ਼ਹੀਦ ਕੀਤਾ ਗਿਆ, ਉਸ ਦੇ ਨਾਲ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਕੇ ਅਤੇ ਸ਼੍ਰੀ ਹਰਿਮੰਦਰ ਸਾਹਿਬ 'ਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਘੋਰ ਬੇਅਦਬੀ ਕੀਤੀ ਗਈ, ਤੋਸ਼ਾਖਾਨਾ, ਸਿੱਖ ਅਜਾਇਬ ਘਰ ਨੂੰ ਲੁੱਟਿਆ ਗਿਆ, ਸਿੱਖ ਰੈਫਰੈਂਸ ਲਾਇਬਰੇਰੀ ਨੂੰ ਸਾੜ ਕੇ ਸਵਾਹ ਕਰ ਦਿੱਤਾ ਗਿਆ ਹੈ, ਕੌਮ ਦਾ ਅਨਮੋਲ ਖਜ਼ਾਨਾ ਸਿੱਖ ਇਤਿਹਾਸ ਨੂੰ ਲੁੱਟ ਲਿਆ ਗਿਆ। ਜੂਨ 84 ਦਾ ਘਲੂਘਾਰਾ ਸਿੱਖ ਕੌਮ ਦੇ ਜਖਮਾਂ ਦੀ ਇਬਾਰਤ ਪਾਉਂਦਾ ਹੋਇਆ 41 ਵਾਂ ਵਰਾਂ ਸ਼ੁਰੂ ਹੋ ਰਿਹਾ ਹੈ। ਅੱਜ ਤੋਂ 40 ਸਾਲ ਪਹਿਲਾ ਸਿੱਖ ਮਾਨਸਿਕਤਾ ਤੇ ਲਗੇ ਜਖਮ ਅੱਜ ਵੀ ਨਾਸੂਰ ਵਾਂਗ ਡੂੰਘੇ ਵੀ ਹਨ ਤੇ ਉਸੇ ਤਰ੍ਹਾਂ ਪੀੜ ਵੀ ਦੇਂਦੇ ਹਨ ਅਤੇ ਰਾਹ ਵੀ ਰਸ਼ਨਾਉਂਦੇ ਹਨ, ਇਹ ਜਖਮ ਕੌਮ ਦਾ ਭਵਿੱਖ ਘੜਨ ਦੀ ਸਮਰਥਾ ਵੀ ਰੱਖਦੇ ਹਨ, ਅਜਿਹੇ ਜਖਮ ਕੌਮਾਂ ਦਾ ਜੀਵਨ ਵੀ ਪਲਟ ਦਿੰਦੇ ਹਨ। 1984 'ਚ ਸਿੱਖ ਕੌਮ ਤੇ ਲੱਗੇ ਫੱਟ ਸਾਭਣਯੋਗ ਹਨ, ਤਾਂ ਕਿ ਭਵਿੱਖ ਦੀਆਂ ਪੀੜ੍ਹੀਆਂ ਨੂੰ ਉਸ ਦੌਰ ਤੋਂ ਅਤੇ ਪੀੜ ਦੇ ਸਬਕ ਨਾਲ ਲੈਸ ਕੀਤਾ ਜਾਵੇ। ਸਿਆਣੀਆਂ ਕੌਮਾਂ ਹਮੇਸ਼ਾਂ ਜ਼ਖਮਾਂ ਦੀ ਪੀੜ ਦੇ ਦਰਦ ਹੇਠ ਨਾ ਦਬਦੀਆਂ ਹਨ ਅਤੇ ਨਾ ਹੀ ਕਦੀ ਜ਼ਖਮਾਂ ਨੂੰ ਕਿਸੇ (ਸਮਝੌਤੇ) ਰਾਹੀ ਵਿਕਾਊ ਮਾਲ ਵਾਂਗ ਵੇਚਦੀਆਂ ਹਨ, ਅੱਜ ਸਿੱਖ ਕੌਮ ਨੂੰ ਵੀ 1984 ਦੇ ਲਹੂ ਭਿਜੇ ਪੰਨਿਆਂ ਨੂੰ ਫਰੋਲਦਿਆ 'ਯਹੂਦੀਆ ਉੱਪਰ ਹੋਏ ਅਤਿਆਚਾਰ ਵਾਂਗ ਸਬਕ ਸਿੱਖਣਾ ਚਾਹੀਦਾ ਹੈ। ਸਿੱਖਾਂ ਦੇ ਦਿਲਾਂ ਤੇ ਅਨੇਕਾਂ ਤਰਾਂ ਦੇ ਕੀਤੇ ਜ਼ੁਲਮੀ ਜ਼ਖਮ ਸਦੇਸ਼ ਦੇਂਦੇ ਹਨ, ਜਿਸ ਤਰ੍ਹਾਂ ਯਹੂਦੀਆਂ ਨੇ ਆਪਣੇ ਜ਼ਖਮਾਂ ਨੂੰ ਰੋਸ਼ਨੀ ਵਿੱਚ ਬਦਲਿਆ ਹੈ। ਸਿੱਖਾਂ ਨੂੰ ਵੀ 1984 ਦੇ ਘਲੂਘਾਰੇ ਤੋਂ ਲੈ ਕੇ ਹੁਣ ਤੱਕ ਲੱਗੇ ਡੂੰਘੇ ਜ਼ਖਮਾਂ ਨੂੰ ਰੋਸ਼ਨੀ ਵਿੱਚ ਬਦਲਣ ਦਾ ਲੋੜ ਹੈ। ਸਿੱਖ ਕੌਮ ਨੇ ਹਮੇਸ਼ਾਂ ਸਿੱਖੀ ਦੇ ਮੁਢਲੇ ਸਿਧਾਂਤਾਂ ਮੁਤਾਬਕ ਹੱਕ, ਸੱਚ, ਇਨਸਾਫ, ਜ਼ਬਰ-ਜ਼ੁਲਮ ਵਿਰੁੱਧ ਜੂਝਣ ਦਾ ਸੰਕਲਪ ਲਇਆ ਹੈ, ਪਰ ਸਮੇਂ ਸਮੇਂ ਦੀਆਂ ਤਾਨਾਸ਼ਾਹ ਸਰਕਾਰਾਂ ਨੇ "ਸਿੱਖੀ ਦੇ ਸਿਧਾਂਤਾਂ' ਨੂੰ ਦਬਾਉਣ ਲਈ ਆਪਣੀਆਂ ਜ਼ੁਲਮੀ ਤਾਕਤਾਂ ਨਾਲ ਸਿੱਖੀ ਨੂੰ ਖਤਮ ਕਰਨ ਦੀਆਂ ਕੌਸ਼ਿਸ਼ਾ ਕੀਤੀਆ ਹਨ, ਇਸੇ ਕਰਕੇ ਲੱਖਪਤ, ਜਸਪੱਤ ਦੇ ਦਿੱਲੀ ਤਖਤ ਦੀ ਕੁਰਸੀ ਤੇ ਬੈਠੇ ਵਾਰਸਾ ਨੇ "ਅਕਾਲ ਪੁਰਖ ਦੇ ਸਾਜੇ ਸ਼੍ਰੀ ਹਰਿਮੰਦਰ ਸਾਹਿਬ, ਸ਼੍ਰੀ ਅਕਾਲ ਤਖਤ ਸਾਹਿਬ ਤੇ 1984 ਵਿਚ ਲੱਖਾਂ ਫੌਜਾਂ ਦਾ ਹਮਲਾ ਕੀਤਾ ਗਿਆ ਸੀ। ਪਰ ਖਾਲਸਾ ਪੰਥ ਦੀ ਆਨ-ਸ਼ਾਨ ਨੂੰ ਉੱਚਾ ਰੱਖਣ ਵਾਸਤੇ ਸਮੇਂ ਸਮੇਂ ਕੌਮੀ ਪਰਵਾਨਿਆਂ ਨੇ "ਸ਼ਹੀਦ ਬਾਬਾ ਦੀਪ ਸਿੰਘ ਜੀ, ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ, ਭਾਈ ਸੁੱਖਾ ਸਿੰਘ ਅਤੇ ਭਾਈ ਮਹਿਤਾਬ ਸਿੰਘ ਦੇ ਵਾਰਸ ਬਣ ਕੇ ਸਿੱਖ ਕੌਮ ਦਾ ਸਿਰ ਸਲਾਮਤ ਅਤੇ ਉੱਚਾ ਰੱਖਣ ਲਈ ਕੌਮ ਦੀ ਡਿੱਗੀ ਪੱਗ ਨੂੰ ਆਪਣੇ ਸਿਰਾਂ ਦੀ ਬਾਜ਼ੀ ਲਾ ਕੇ ਸ਼੍ਰੀ ਹਰਿਮੰਦਰ ਸਾਹਿਬ ਤੇ ਮੀਰੀ-ਪੀਰੀ ਦੇ ਸਿਧਾਂਤਾਂ ਦੇ ਸੁਪਰੀਮ ਸ਼੍ਰੀ ਅਕਾਲ ਤਖਤ ਸਾਹਿਬ ਸਮੇਤ ਹੋਰ ਗੁਰਧਾਮਾਂ ਦੀ ਬੇਹੁਰਮਤੀ ਅਤੇ ਕੀਤੇ ਫੌਜੀ ਹਮਲੇ ਦਾ ਟਾਕਰਾ ਕਰਨ ਲਈ "ਅਕਾਲ ਪੁਰਖ ਦੀ ਫੌਜ ਦੇ ਸੂਰਮੇ ਸਿੰਘਾਂ, ਨੇ ਮੂੰਹ ਤੋੜ ਜਵਾਬ ਦੇਣ ਲਈ ਮੈਦਾਨੇ ਜੰਗ ਵਿੱਚ ਨਿੱਤਰ ਕੇ ਸਮੇਂ ਦੇ ਹੰਕਾਰੀ ਤਾਨਾਸ਼ਾਹ ਹਾਕਮਾਂ ਦੇ ਸੱਪ ਦੀ ਸਿਰੀ ਵਾਂਗ ਸਿਰ ਵੀ ਭੰਨੇ ਹਨ, ਜਿਵੇ ਭਾਈ ਸੁੱਖਾ ਸਿੰਘ, ਭਾਈ ਮਹਿਤਾਬ ਸਿੰਘ ਨੇ ਸ਼੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕਰਨ ਵਾਲੇ ਦੁਸ਼ਟਾਂ ਦੇ ਸਿਰ ਨੇਜਿਆ ਤੇ ਟੰਗੇ, ਇਵੇਂ ਹੀ ਵੀਹਵੀਂ ਸਦੀ ਦੇ ਮਹਾਨ ਸਿੱਖ, ਕਹਿਣੀ-ਕਥਨੀ ਦੇ ਸੂਰੇ, ਖਾਲਸਾਈ ਜੀਵਨ ਨੂੰ ਪਰਨਾਏ ਦਮਦਮੀ ਟਕਸਾਲ ਦੇ ਚੌਦਵੇ ਮੁੱਖੀ ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਜਨਰਲ ਸੁਬੇਗ ਸਿੰਘ, ਸ਼ਹੀਦ ਬਾਬਾ ਠਾਰਾ ਸਿੰਘ ਸਮੇਤ ਗਿਣਤੀ ਦੇ ਸਿੰਘਾਂ ਨੇ ਭਾਰਤੀ ਹਕੂਮਤ ਦੀ ਹਮਲਾਵਰ ਫੌਜ ਦੇ ਸਿਰਾਂ ਦੇ ਆਹੂ ਲਾ ਕੇ ਇਤਿਹਾਸਕ ਪੰਨੇ ਸਿਰਜੇ ਹਨ। ਸਿੱਖੀ ਸਿੱਦਕ ਨਿਭਾਉਣ ਵਾਲੇ ਸਿੰਘਾਂ ਨੇ ਆਪਣੀ ਜਾਨ ਤੋਂ ਵੱਧ ਪਿਆਰੇ ਗੁਰਧਾਮਾਂ ਦੀ ਬੇਅਦਬੀ ਨਾ ਸਹਾਰਦਿਆਂ ਸ਼ਹਾਦਤਾਂ ਦਾ ਜਾਮ ਪੀਣ ਵਾਲੇ ਸਿੰਘਾਂ ਦੀ ਸੋਚ ਵਾਰੇ ਸਾਨੂੰ ਅੱਖਾਂ ਖੋਲ ਕੇ ਸੁਤੇ ਹੋਏ ਦਿਮਾਗ ਨੂੰ ਚੇਤੰਨ ਕਰਕੇ ਸੋਚਣਾ ਚਾਹੀਦਾ ਹੈ, ਮਹਾਨ ਸੂਰਮਿਆਂ ਨੇ ਆਪਣੀ ਕੌਮ ਦੇ ਗਲੋਂ ਗੁਲਾਮੀ ਦੀਆਂ ਜੰਜ਼ੀਰਾਂ ਲਾਉਣ ਲਈ ਕਿਉਂ ਕੁਰਬਾਨੀਆਂ ਦਿੱਤੀਆਂ ਹਨ। ਅੱਜ ਸਮੁੱਚੀ ਸਿੱਖ ਕੌਮ ਨੂੰ ਅਜਿਹੇ ਮਹਾਨ ਸ਼ਹੀਦਾਂ ਦੇ ਸ਼ਹੀਦੀ ਦਿਹਾੜੇ ਕੌਮੀ ਪੱਧਰ ਤੇ ਮਨਾਉਣੇ ਚਾਹੀਦੇ ਹਨ, ਤਾ ਕਿ ਆਉਣ ਵਾਲ਼ੀਆਂ ਪੀੜੀਆਂ ਨੂੰ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਪਤਾ ਲੱਗ ਸਕੇ ਅਤੇ ਉਹ ਵੀ ਆਪਣੇ ਫਰਜ਼ਾਂ ਪ੍ਰਤੀ ਸੁਚੇਤ ਹੋ ਕੇ ਕੌਮੀ ਫਰਜ਼ ਨਿਭਾ ਸਕਣ, ਇਸ ਵਾਸਤੇ ਜਾਗਦੀ ਜ਼ਮੀਰ ਵਾਲੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖਦੀਆ ਹਨ, ਸ਼ਹੀਦਾਂ ਨੂੰ ਭੁੱਲ ਜਾਣ ਵਾਲੀਆਂ ਕੌਮਾਂ ਸ਼ਹੀਦਾਂ ਦੀਆਂ ਹੀ ਨਹੀ ਬਲਕਿ ਆਪਣੀਆਂ ਆਉਣ ਵਾਲੀਆਂ ਨਸਲਾਂ ਦੀਆਂ ਵੀ ਗ਼ੁਨਾਹਗਾਰ ਹੁੰਦੀਆਂ ਹਨ। ਸ਼ਹੀਦਾਂ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਉਹਨਾਂ ਦੇ ਪਾਏ ਪੂਰਨਿਆਂ ਤੇ ਚੱਲ ਕੇ ਸ਼ਹੀਦਾਂ ਦੇ ਪਵਿੱਤਰ ਸੁਪਨੇ ਸਾਕਾਰ ਕਰ ਕੇ ਆਪਣੇ ਕੌਮੀ ਫਰਜ਼ ਨਿਭਾਈਏ।



ਆਵਾਜ਼ਿ ਕੌਮ AWAZE QAUM International Newspaper & WEB TV

**ਸ਼੍ਰੀ ਅਕਾਲ ਤਖਤ ਸਾਹਿਬ ਤੋਂ ਮਜ਼ਲੂਮਾਂ ਦੀ ਰੱਖਿਆ ਲਈ, ਹੱਕ ਸੱਚ ਤੇ ਜ਼ਬਰ-ਜ਼ੁਲਮ ਨਾਲ ਟੱਕਰ ਲੈਣ ਲਈ ਧਰਮ ਯੁੱਧ ਕਰਨ ਦਾ ਮਿਲਦਾ ਹੈ ਸਿਧਾਂਤ**

### ਘੱਲੂਘਾਰੇ ਦੇ ਕੌਮੀ ਦੁਖਾਂਤ ਅਤੇ ਕੌਮੀ ਹੱਕਾਂ ਦੀ ਪ੍ਰਾਪਤੀ ਲਈ

# ਸੰਜੀਦਗੀ 'ਤੇ ਸਿਧਾਂਤਕ ਏਕਤਾ ਦੀ ਸਖਤ ਜਰੂਰਤ- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ

ਨਵੀਂ ਦਿੱਲੀ, 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਅਕਾਲ ਤਖਤ ਸਾਹਿਬ ਸਿੱਖ ਕੌਮ ਵਿੱਚ ਮੀਰੀ-ਪੀਰੀ ਦਾ ਸਰਬਉੱਚ ਅਸਥਾਨ ਹੈ, ਹਰ ਗੁਰਸਿੱਖ ਦਾ ਸਮਰਪਿਤ ਹੋਣਾ ਨੈਤਿਕ ਫਰਜ਼ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ ਵਿੰਗ ਦੇ ਪ੍ਰਧਾਨ ਸਰਬਜੀਤ ਸਿੰਘ ਜਨਰਲ ਸਕੱਤਰ ਸਤਿੰਦਰ ਪਾਲ ਸਿੰਘ ਮੰਗੂਵਾਲ ਅਤੇ ਮੈਂਬਰ ਮਨਜੀਤ ਸਿੰਘ ਸਮਰਾ ਨੇ ਕਿਹਾ ਕਿ ਜਥੇਦਾਰ ਸਾਹਿਬ ਨਾਲ ਸਹਿਮਤੀ-ਅਸਿਹਮਤੀ ਅਤਿ ਸੰਵੇਦਨਸ਼ੀਲ ਅਤੇ ਗੰਭੀਰ ਵਿਸ਼ੇ ਹਨ। ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਰਾਏ ਸਾਹਿਬ ਵੱਲੋਂ ਅਕਾਲ ਤਖਤ ਸਾਹਿਬ ਦੀ ਸਿਰਜਨਾ ਕਰਨ ਤੋਂ ਲੈ ਕੇ ਚੱਲੀਆਂ ਆ ਰਹੀਆਂ ਮਰਿਯਾਦਾਵਾਂ ਅਤੇ ਪ੍ਰੰਪਰਾਵਾ ਅਨੁਸਾਰ ਹੀ ਨਿਯੁਕਤੀਆਂ ਹੋਣੀਆਂ ਚਾਹੀਦੀਆਂ ਹਨ ਅਤੇ ਨਿਯੁਕਤੀ ਦੌਰਾਨ ਜਾਂ ਵਿਚਰਦੇ ਸਮੇਂ ਉਨ੍ਹਾਂ ਵਿੱਚ ਕਿਸੇ ਹੋਈ ਕਮੀ ਜਾਂ ਅਣਗਹਿਲੀ ਪ੍ਰਤੀ ਆਪਣੇ ਵਿਚਾਰ ਯੋਗ ਢੰਗ ਨਾਲ ਪਹੁੰਚਾਉਣੇ ਚਾਹੀਦੇ ਹਨ। ਇਸ ਸਚਾਈ ਤੋਂ ਕੋਈ ਵੀ ਇਨਕਾਰੀ ਨਹੀਂ ਹੋ ਸਕਦਾ ਕਿ ਅਕਾਲ ਤਖਤ ਸਾਹਿਬ, ਇਸਦੇ ਸਕੱਤਰੇਤ ਤੇ ਹੋਰ ਸਭ ਸੰਸਾਧਨ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ (ਅੰਮ੍ਰਿਤਸਰ) ਵੱਲੋਂ ਨਿਯੁਕਤ ਕੀਤੇ ਜਾ ਰਹੇ ਜਥੇਦਾਰ ਸਾਹਿਬਾਨ ਕੋਲ ਹੀ ਚਲੇ ਆ ਰਹੇ ਹਨ। ਸ਼੍ਰੋਮਣੀ ਕਮੇਟੀ ਦਾ ਫਰਜ ਬਣਦਾ ਹੈ ਕਿ ਉਹ ਨਿਰਪੱਖ ਹੋ ਕੇ ਕੌਮੀ ਭਾਵਨਾਵਾਂ ਦੀ ਤਰਜਮਾਨੀ ਕਰੇ ਅਤੇ ਹਰ ਸਿੱਖ ਅਤੇ ਸਿੱਖ ਸੰਸਥਾਵਾਂ ਨੂੰ ਵੀ ਬੇਨਤੀ ਹੈ ਕਿ ਕੋਈ ਵੀ ਐਸੀ ਕਾਰਵਾਈ ਨਾਂ ਕੀਤੀ ਜਾਵੇ ਜਿਸ ਨਾਲ ਕੌਮ ਹੋਰ ਖੇਰੂੰ ਖੇਰੂੰ ਹੋਵੇ, ਹਾਕਮਾਂ ਦੀ ਪਾੜੋ ਤੇ ਰਾਜ ਕਰੋ ਦੀ ਨੀਤੀ ਲਾਗੂ ਕਰਵਾਉਣ ਵਿੱਚ ਸਹਾਈ ਨਾ ਹੋਈਏ। ਜੂਨ 1984 ਵਿੱਚ ਵਾਪਰੇ ਘੱਲੂਘਾਰੇ ਦੌਰਾਨ ਹੋਏ ਸ਼ਹੀਦਾਂ ਨੂੰ ਪੰਥਕ ਰਵਾਇਤਾਂ ਅਨੁਸਾਰ ਸ਼ਰਧਾਂਜ਼ਲੀ ਭੇਂਟ ਕਰੀਏ ਕੌਮੀ ਹੱਕਾਂ ਦੀ ਪ੍ਰਾਪਤੀ ਲਈ ਏਕਤਾ ਲਈ ਸੁਹਿਰਦ ਯਤਨ ਕਰੀਏ, ਸੱਤਾ ਪਰਾਪਤੀ 'ਤੇ ਹੋਰ ਪਦਾਰਥਵਾਦ ਦੀ ਹਵਸ ਖਾਤਰ ਪੰਥ ਵਿਰੋਧੀ ਤਾਕਤਾਂ ਨਾਲ ਸਾਂਝ ਰੱਖਣ ਵਾਲਿਆਂ ਨੂੰ ਵੀ ਬੇਨਤੀਆਂ ਕਰੀਏ ਕਿ ਗੁਰੂ ਸਾਹਿਬ ਦੀ ਸ਼ਰਨ ਵਿੱਚ ਆ ਕੇ ਬੇਦਾਵੇ ਪੜਵਾਉ ਅਤੇ ਅਰਦਾਸ ਵਿੱਚ ਪੜ੍ਹੇ 'ਤੇ ਬੋਲੇ ਜਾਂਦੇ ਦੋਹਿਰੇ ਖ਼ੁਆਰ ਹੋਏ ਸਭ ਮਿਲੇਗੇ ਬਚੇ ਸ਼ਰਨ ਜੋ ਹੋਏ ਨੂੰ ਸਾਕਾਰ ਕਰਨ ਲਈ ਸੁਹਿਰਦ ਯਤਨ ਕਰੀਏ।



ਆਵਾਜ਼ਿ ਕੌਮ AWAZE QAUM International Newspaper & WEB TV

# ਜੰਡਿਆਲਾ ਪੁਲਿਸ ਦੇ ਹੱਥ ਲੱਗੀ ਵੱਡੀ ਕਾਮਯਾਬੀ ਗੱਡੀਆਂ ਖੋਹਣ ਵਾਲੇ ਗ੍ਰੋਹ ਦੇ ਤਿੰਨ ਅਰੋਪੀ 32 ਬੋਰ ਪਿਸਟਲ ਸਮੇਤ ਕੀਤੇ ਕਾਬੂ-ਐਸ ਐਚ ਓ ਹਰਚੰਦ ਸਿੰਘ



**ਜੰਡਿਆਲਾ ਗੁਰੂ, 3 ਜੂਨ ( ਕੁਲਵੰਤ ਸਿੰਘ ਵਿਰਦੀ )**-ਮੁੱਖ ਅਫਸਰ ਥਾਣਾ ਜੰਡਿਆਲਾ ਗੁਰੂ ਐਸ ਐਚ ਓ ਸ੍ਰ ਹਰਚੰਦ ਸਿੰਘ ਨੇ ਦੱਸਿਆ ਕਿ ਸਾਨੂੰ ਇੱਕ ਗੁੱਪਤ ਸੂਚਨਾ ਮਿਲੀ ਕਿ ਕੋਈ ਗੱਡੀਆਂ ਖੋਹਣ ਵਾਲਾ ਗੈਂਗ ਜੋਂ ਜੀਟੀ ਰੋਡ ਤੇ ਐਕਟਿਵ ਹੈ ਜੋ ਹਾਈਵੇ ਦੇ ਉੱਤੇ ਕਿਸੇ ਹੋਟਲ ਦੇ ਵਿੱਚ ਠਹਿਰੇ ਹੋਏ ਹਨ ਜਿਸ ਦੇ ਆਧਾਰ ਤੇ ਅਸੀਂ ਰੂਟੀਨ ਦੀ ਤਰ੍ਹਾਂ ਚੈਕਿੰਗ ਕੀਤੀ ਤੇ ਇੱਕ ਦਾਣਾ ਪਾਣੀ ਹੋਟਲ ਦੇ ਨਾਕੇ ਦੌਰਾਨ ਇਕ ਮੋਟਰਸਾਈਕਲ ਬਿਨਾ ਨੰਬਰ ਪਲੇਟ ਤੇ ਸਵਾਰ ਤਿੰਨ ਵਿਅਕਤੀ ਜੰਡਿਆਲਾ ਗੁਰੂ ਤਰਫੋ ਆਉਂਦੇ ਦਿਖਾਈ ਦਿੱਤੇ ਜਦੋਂ ਓਹਨਾ ਨੂੰ ਰੋਕਿਆ ਗਿਆ ਤਾਂ ਪੁੱਛ ਗਿੱਛ ਕੀਤੀ ਗਈ ਤਾਂ ਤਲਾਸ਼ੀ ਦੌਰਨ ਉਹਨਾਂ ਵਿੱਚੋ ਇੱਕ ਵਿਅਕਤੀ ਕੋਲੋਂ 32 ਬੋਰ ਦਾ ਪਿਸਟਲ ਬਰਾਮਦ ਕੀਤਾ ਗਿਆ ਉਹਨਾਂ ਨੇ ਕੋਈ ਪਲੈਨ ਬਣਾਇਆ ਹੋਇਆ ਸੀ ਪੁੱਛਗਿੱਛ ਦੌਰਾਨ ਪਤਾ ਚੱਲਿਆ ਕਿ ਖਲਚੀਆ ਸਾਈਡ ਤੋਂ ਹਾਈਵੇ ਤੇ ਗੱਡੀ ਖੋਹਣ ਦਾ ਪਹਿਲਾਂ ਵੀ ਇਹਨਾਂ ਤੇ ਪਰਚੇ ਦਰਜ ਹਨ ਇਹ ਤਰਨ ਤਾਰਨ ਗੋਇੰਦਵਾਲ ਸਾਹਿਬ ਦੇ ਰਹਿਣ ਵਾਲੇ ਹਨ ਇੱਕ ਇਹਨਾਂ ਦੇ ਵਿੱਚ ਅਰਜਨ ਸਿੰਘ ਪੁੱਤਰ ਦਿਲਬਾਗ ਸਿੰਘ ਵੜਿੰਗ ਸੂਬਾ ਸਿੰਘ ਥਾਣਾ ਗੋਇੰਦਵਾਲ ਤਰਨਤਾਰਨ, ਮੋਟਰਸਾਈਕਲ ਦੇ ਵਿਚਕਾਰ ਬੈਠੇ ਮੋਨੇ ਨੌਜਵਾਨ ਨੇ ਆਪਣਾ ਨਾਮ ਵਿਸ਼ਾਲ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਮੀਆਂਵਿੰਡ ਥਾਣਾ ਵੈਰੋਵਾਲ ਜਿਲ੍ਹਾ ਤਰਨ ਤਾਰਨ ਦੱਸਿਆ,ਜਿਸਦੀ ਤਲਾਸੀ ਕਰਨ ਤੇ ਖੱਬੀ ਦੱਬ ਵਿਚੋਂ ਇੱਕ ਦੇਸ਼ੀ ਪਿਸਟਲ 32 ਬੋਰ ਬਰਾਮਦ ਹੋਇਆ ,ਇਸੇ ਤਰ੍ਹਾਂ ਹੀ ਮੋਟਰਸਾਈਕਲ ਤੇ ਸਭ ਤੋ ਪਿਛੇ ਬੈਠੇ ਨੌਜਵਾਨ ਨੇ ਆਪਣਾ ਨਾਮ ਗੁਰਸੇਵਕ ਸਿੰਘ ਪੁੱਤਰ ਜੱਸਾ ਸਿੰਘ ਵਾਸੀ ਪਿੰਡ ਮੀਆਂਵਿੰਡ ਥਾਣਾ ਵੈਰੋਵਾਲ ਜਿਲ੍ਹਾ ਤਰਨ ਤਾਰਨ ਦੱਸਿਆ ਜਦੋਂ ਇਨਾਂ ਪਾਸੋਂ ਹੋਰ ਪੁੱਛਗਿੱਛ ਕੀਤੀ ਗਈ ਤਾਂ ਪਤਾ ਚੱਲਿਆ ਕਿ ਜਦੋਂ ਕਿਤੇ ਇਹਨਾਂ ਨੇ ਕੋਈ ਵਾਰਦਾਤ ਕਰਨੀ ਹੁੰਦੀ ਆ ਤੇ ਇੱਥੇ ਜੀਟੀ ਰੋਡ ਤੇ ਹੋਟਲਾਂ ਦੇ ਵਿੱਚ ਠਹਿਰਦੇ ਹਨ ਤੇ ਉਦੋਂ ਹੀ ਰੋਡ ਤੇ ਚੜਦੇ ਹਨ ਜਦੋਂ ਇਹਨਾਂ ਨੂੰ ਕੋਈ ਟਾਸਕ ਮਿਲ ਜਾਂਦਾ ਹੈ ਤੇ ਫਿਰ ਇਹ ਗੱਡੀ ਖੋਹ ਕੇ ਅੱਗੇ ਵੇਚ ਦਿੰਦੇ ਹਨ ਇਹ ਵੀ ਅੱਜ ਇਨ੍ਹ ਨੇ ਕਰੇਟਾ ਗੱਡੀ ਕਹਿੰਦੇ ਅਸੀਂ ਖੋਣੀ ਸੀ ਤੇ ਅੱਗੇ ਸਾਢੇ ਚਾਰ ਲੱਖ ਦੇ ਵਿੱਚ ਮਾਲਵੇ ਦੇ ਵਿੱਚ ਕਿਸੇ ਨੂੰ ਦੇਣੀ ਕੀਤੀ ਸੀ ਹੁਣ ਅਸੀਂ ਇਹਨਾਂ ਦੀ ਪੁਸ਼ਟੀ ਕਰਕੇ ਰਿਮਾਂਡ ਲੈ ਕੇ ਉਹ ਵੀ ਬੰਦੇ ਟਰੇਸ ਕਰਾਂਗੇ ਜਿਹਨੂੰ ਗੱਡੀ ਦੇਣੀ ਸੀ ਇਹ ਪੂਰਾ ਗੈਂਗ ਹੈ ਜਿਸਦਾ ਜਲਦ ਹੀ ਪਰਦਾਫਾਸ਼ ਕਰਾਂਗੇ ਇਹਨਾ ਤੇ ਮੁਕਦਮਾ ਦਰਜ ਕਰ ਲਿਆ ਗਿਆ ਹੈ ਬਾਕੀ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲੈ ਕਿ ਤਫਤੀਸ ਦੌਰਾਨ ਜੋਂ ਵੀ ਤੱਥ ਸਾਹਮਣੇ ਆਉਣਗੇ ਓਸ ਮੁਤਾਬਿਕ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ

ਆਵਾਜ਼ਿ ਕੌਮ AWAZE QAUM International Newspaper & WEB TV

# ਡੈਂਗੂ ਦੇ ਖ਼ਾਤਮੇ ਲਈ ਜਾਗਰੂਕਤਾ ਦੀ ਲੋੜ -ਐਸ ਆਈ ਅਸ਼ੌਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੌਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਬੇਨੜਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੌਕ ਕੁਮਾਰ ਐਸ ਆਈ ਅਤੇ ਅਮਰੀਕ ਸਿੰਘ ਮ,ਪ,ਹ,ਵ(ਮ) ਨੇ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵਨਿਯੁਕਤ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦਾ

# ਡੱਬਵਾਲੀ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਅਸਥਾਨ ਡੱਬਵਾਲੀ ਮੰਡੀ ਵਿਖੇ ਵਿਸ਼ੇਸ਼ ਸਨਮਾਨ












ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵਨਿਯੁਕਤ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦਾ ਅੱਜ ਡੱਬਵਾਲੀ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਅਸਥਾਨ ਡੱਬਵਾਲੀ ਮੰਡੀ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ ਜਿਨਾਂ ਵਿੱਚ ਹਰਿਆਣਾ ਕਮੇਟੀ ਦੇ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਝੀਡਾ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸਰਦਾਰ ਅੰਗਰੇਜ਼ ਸਿੰਘ ਰਾਣੀਆਂ ਜਨਰਲ ਸਕੱਤਰ,ਸਰਦਾਰ ਜਗਤਾਰ ਸਿੰਘ ਮਿੱਠੜੀ ਅੰਤ੍ਰਿੰਗ ਮੈਂਬਰ,ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ,ਗਿ: ਕੁਲਦੀਪ ਸਿੰਘ ਫੱਗੂ ਮੈਂਬਰ,ਸਰਦਾਰ ਬਲਵਿੰਦਰ ਸਿੰਘ ਹਿਸਾਰ ਮੈਂਬਰ,ਸਰਦਾਰ ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ ਅਤੇ ਸਰਦਾਰ ਮਲਕੀਤ ਸਿੰਘ ਪੰਨੀਵਾਲਾ ਸਾਬਕਾ ਮੈਂਬਰ ਹਾਜ਼ਰ ਸਨ ਮੰਚ ਦਾ ਸੰਚਾਲਨ ਸਰਪੰਚ ਬਚਿੱਤਰ ਸਿੰਘ ਹਾਕੂਵਾਲਾ ਵੱਲੋਂ ਕੀਤਾ ਗਿਆ ਇਲਾਕੇ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਸਭਾ ਸੁਸਾਇਟੀਆਂ ਨੇ ਵਿਸ਼ੇਸ਼ ਸਨਮਾਨ ਕੀਤਾ ਗੁਰੂ ਕਾ ਲੰਗਰ ਅਤੁੱਟ ਵਰਤਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵਨਿਯੁਕਤ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦਾ

# ਡੱਬਵਾਲੀ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਅਸਥਾਨ ਡੱਬਵਾਲੀ ਮੰਡੀ ਵਿਖੇ ਵਿਸ਼ੇਸ਼ ਸਨਮਾਨ











ਆਵਾਜ਼ਿ ਕੌਮ
AWAZE QAUM
International Newspaper & WEB TV









(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵਨਿਯੁਕਤ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਦਾ

# ਡੱਬਵਾਲੀ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਅਸਥਾਨ ਡੱਬਵਾਲੀ ਮੰਡੀ ਵਿਖੇ ਵਿਸ਼ੇਸ਼ ਸਨਮਾਨ









### ਸੰਤ ਭਿੰਡਰਾਂਵਾਲਿਆਂ ਦੇ ਪੁੱਤਰਾ ਤੇ ਦਮਦਮੀ ਟਕਸਾਲ ਦੇ ਮੁਖੀ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ 6 ਜੂਨ ਨੂੰ ਕੌਮ ਦੇ ਨਾਂ ਸੁਦੇਸ਼ ਦੇਣ ਤੋਂ ਰੋਕਣਾ

# ਸਮੇਂ ਤੇ ਲੋਕਾਂ ਦੀ ਮੰਗ ਵਾਲਾ ਵਧੀਆ ਫੈਸਲਾ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲ ਗੁਰੂ, 3 ਜੂਨ ( ਕੁਲਵੰਤ ਸਿੰਘ ਵਿਰਦੀ )**-ਜੂਨ ਤੋਂ 6 ਜੂਨ ਤੱਕ ਘੱਲੂਘਾਰਾ ਦਿਵਸ ਸਮੂਹ ਦਰਬਾਰ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ ਤੇ ਭਾਰਤ ਸਰਕਾਰ ਦੇ ਇਸ ਹਮਲੇ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਇਸ ਦਰਮਿਆਨ 6 ਜੂਨ ਨੂੰ ਅਕਾਲ ਤਖ਼ਤ ਸਾਹਿਬ ਵੱਲੋਂ ਜਿਥੇ ਕੌਮ ਦੇ ਨਾਂ ਸੁਦੇਸ਼ ਪੜਿਆ ਜਾਂਦਾ ਹੈ ਉਥੇ ਸ਼ਹੀਦਾਂ ਦੇ ਪ੍ਰਵਾਰਾਂ ਨੂੰ ਸਮਰਪਿਤ ਕਰਨ ਦੀ ਹਰ ਸਾਲ ਮਰਯਾਦਾ ਨੂੰ ਉਸ ਵੇਲੇ ਵੱਡੀ ਢਾਹ ਲੱਗੀ ਜਦੋਂ ਕੌਮ ਦੇ ਸ਼ਹੀਦ ਤੇ ਓਨਵੀਂ ਸਦੀ ਮਹਾਨ ਸੰਤ ਸ਼ਹੀਦ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋਹਾਂ ਸਪੁੱਤਰਾਂ ਭਾਈ ਈਸ਼ਰ ਸਿੰਘ ਜੀ ਤੇ ਭਾਈ ਇੰਦਰਜੀਤ ਸਿੰਘ ਨੇ ਸਪੱਸ਼ਟ ਕਰ ਦਿੱਤਾ ਕਿ ਉਹ ਬਾਦਲਾਂ ਦੀ ਸਰਪ੍ਰਸਤੀ ਵਾਲੇ ਹਨੇਰੇ ਵਿੱਚ ਬਣੇ ਨਾਂ ਪ੍ਰਵਾਨਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੋਂ ਸਨਮਾਨ ਨਹੀਂ ਲੈਣਗੇ, ਇਥੇ ਹੀ ਬਸ ਨਹੀਂ ਇਸ ਪਹਿਲਾ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਧੁੰਮਾਂ ਨੇ ਵੀ ਬੀਤੇ ਦਿਨੀਂ ਪ੍ਰੈਸ ਕਾਨਫਰੰਸ ਦੌਰਾਨ ਸਪੱਸ਼ਟ ਕਰ ਦਿੱਤਾ ਸੀ ਕਿ 6 ਜੂਨ ਨੂੰ ਮਹਾਂਨ ਸ਼ਹੀਦਾਂ ਦਾ ਦਿਨ ਹੈ ਇਸ ਕਰਕੇ ਹਨੇਰੇ ਵਿੱਚ ਬਣੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਕਾਲ ਤਖ਼ਤ ਸਾਹਿਬ ਤੋਂ ਕੌਮ ਦੇ ਨਾਮ ਸੁਦੇਸ਼ ਨਹੀਂ ਪੜਨ ਦਿੱਤਾ ਜਾਵੇਗਾ, ਅਗਰ ਉਹ ਅਜਿਹਾ ਕਰਦੇ ਤਾਂ ਸਾਰਿਆਂ ਹਾਲਾਤਾਂ ਨਾਲ ਰੋਕਿਆ ਜਾਵੇਗਾ, ਇਸ ਐਲਾਨ ਨੇ ਸ਼੍ਰੋਮਣੀ ਕਮੇਟੀ ਤੇ ਸਰਕਾਰ ਨੂੰ ਭਾਜੜਾਂ ਪਾ ਦਿਤੀਆਂ, ਜਿਸ ਦੇ ਸਿੱਟੇ ਵੱਜੋਂ ਸਰਕਾਰ ਨੇ ਵੱਡੀ ਗਿਣਤੀ ਪੁਲਿਸ ਦੀ ਤਾਇਨਾਤੀ ਕਰ ਦਿੱਤੀ ਉਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਇੱਕ ਵਫਦ ਰਾਹੀਂ ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਧੁੰਮਾਂ ਨੂੰ ਮਨਾਉਣ ਗੁਰਦੁਆਰਾ ਗੁਰ ਦਰਸਨ ਪ੍ਰਕਾਸ਼ ਮਹਿਤੇ ਪਹੁੰਚੇ ਜਿੱਥੇ ਬੰਦ ਕਮਰੇ ਵਿਚ ਮੀਟਿੰਗ ਹੋਈ ਪਰ ਕੋਈ ਠੋਸ ਸਿੱਟਾ ਸਹਾਮਣੇ ਨਹੀਂ ਆਇਆ ਪਰ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਾਹਿਬ ਜੇਲ੍ਹ ਵਿੱਚ ਬੰਦ ਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਮਿਲਣ ਗਏ ਅਤੇ ਹੁਣ ਰਾਜੂ ਆਣਾ ਦੇ ਹਵਾਲੇ ਨਾਲ ਕੌਮ ਨੂੰ ਅਗਵਾਹ ਕਰ ਰਹੇ ਹਨ ਕਿ ਰਾਜੂ ਆਣਾ ਨੇ ਕਿਹਾ ਅਕਾਲ ਤਖ਼ਤ ਮਹਾਨ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕਰਦੀ ਹੈ ਕੌਮ ਦੇ ਹਿਤਾਂ ਨੂੰ ਮੁੱਖ ਰੱਖਦਿਆਂ 6 ਜੂਨ ਨੂੰ ਅਕਾਲ ਤਖ਼ਤ ਸਾਹਿਬ ਤੋਂ ਸੁਦੇਸ਼ ਜਾਰੀ ਕਰਨ ਤੋਂ ਗੁਰੇਜ਼ ਕਰਨ ਤਾਂ ਕਿ ਸਰਕਾਰ ਨੂੰ ਕਿਸੇ ਤਰ੍ਹਾਂ ਮੌਕਾ ਨਾ ਮਿਲ ਸਕੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਇਸ ਸਬੰਧੀ ਮੋਹਰਾ ਬਣਾਉਣ ਵਾਲੀ ਨੀਤੀ ਨੂੰ ਮੁੱਖ ਰੱਖਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਕਿਹਾ ਇਸ ਤੋਂ ਪਹਿਲਾਂ ਵੀ ਅਕਾਲ ਤਖ਼ਤ ਸਾਹਿਬ ਤੇ ਭਾਈ ਵਧਾਵਾ ਸਿੰਘ ਬੱਬਰ ਦੇ ਭੋਗ ਮੌਕੇ ਪਰਿਵਾਰ ਨੂੰ ਸੀਰੀ ਪਾਓ ਦੇਣ ਤੋਂ ਖਾੜਕੂ ਆਗੂ ਭਾਈ ਜਰਨੈਲ ਸਿੰਘ ਸਖੀਰਾ ਨੇ ਰੋਕ ਦਿੱਤਾ ਸੀ ਨਾਲ ਹੀ ਇਹ ਵੀ ਕਿਹਾ ਸੀ ਕੌਮ ਤੁਹਾਨੂੰ ਜਥੇਦਾਰ ਮੰਨਦੀ ਹੀ ਨਹੀਂ ਤਾਂ ਫਿਰ ਸਨਮਾਨ ਦੇਣ ਦੀ ਕੋਈ ਤੁਕ ਨਹੀਂ ਬਣਦੀ ? ਭਾਈ ਖਾਲਸਾ ਨੇ ਕਿਹਾ ਹੁਣ ਜਥੇਦਾਰ ਸਾਹਿਬ ਨੂੰ ਆਪਣੇ ਵਿਰੋਧ ਨੂੰ ਮੁੱਖ ਰੱਖਦਿਆਂ 6 ਜੂਨ ਨੂੰ ਅਕਾਲ ਤਖ਼ਤ ਸਾਹਿਬ ਤੋਂ ਕੌਮ ਦੇ ਨਾਮ ਸੁਦੇਸ਼ ਪੜ੍ਹਨ ਤੋਂ ਕਿਨਾਰਾ ਕਰ ਦੇਣਾ ਚਾਹੀਦਾ ਹੈ ਇਸ ਵਿਚ ਹੀ ਕੌਮ ਦਾ ਭਲਾ ਹੈ ਜਿਸ ਨੂੰ ਮੁੱਖ ਰੱਖਿਆ ਜਾਵੇ ਤੇ ਸਰਕਾਰ ਨੂੰ ਕਿਸੇ ਪ੍ਰਕਾਰ ਦਾ ਮੌਕਾ ਨਾ ਮਿਲ ਸਕੇ।



# ਦਰਬਾਰ ਸਾਹਿਬ ਨੇੜੇ ਗੁਟਕਾ ਸਾਹਿਬ ਦੀ ਬੇਅਦਬੀ ਦੀ ਵਾਪਰੀ ਘਟਨਾ ਦੀ ਜਥੇਦਾਰ ਬਾਬਾ ਟੇਕ ਸਿੰਘ ਵੱਲੋਂ ਨਿਖੇਧੀ



ਤਲਵੰਡੀ ਸਾਬੋ, 03 ਜੂਨ (ਗੁਰਜੰਟ ਸਿੰਘ ਨਥੇਹਾ)- ਸ੍ਰੀ ਦਰਬਾਰ ਸਾਹਿਬ ਕੰਪਲੈਕਸ ਨੇੜੇ ਗੁਰੂ ਅਰਜਨ ਦੇਵ ਨਿਵਾਸ ਦੇ ਕੋਲ ਪਾਵਨ ਗੁਟਕਾ ਸਾਹਿਬ ਦੀ ਬੇਅਦਬੀ ਦੀ ਵਾਪਰੀ ਘਟਨਾ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਨੇ ਜ਼ੋਰਦਾਰ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਇੱਥੇ ਆਪਣੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਵਰਗੇ ਪਵਿੱਤਰ ਸ਼ਹਿਰ 'ਚ ਜਿੱਥੇ ਪਹਿਲਾਂ ਹੀ ਐਨੀ ਵੱਡੀ ਤਾਦਾਦ 'ਚ ਪੁਲਿਸ ਫੋਰਸ ਤਾਇਨਾਤ ਹੈ ਓਥੇ ਗੁਟਕਾ ਸਾਹਿਬ ਦੀ ਬੇਅਦਬੀ ਦੀ ਘਟਨਾ ਵਾਪਰ ਜਾਣੀ ਮੰਦਭਾਗਾ ਵਰਤਾਰਾ ਹੈ ਅਤੇ ਸਰਕਾਰ ਨੂੰ ਕੁਝ ਕਹਿਣ ਲਈ ਹੁਣ ਬਚਿਆ ਹੀ ਨਹੀਂ। ਉਹਨਾਂ ਕਿਹਾ ਕਿ ਵਾਰ-ਵਾਰ ਹੋ ਰਹੀਆਂ ਅਜਿਹੀਆਂ ਘਟਨਾਵਾਂ ਨਾਲ ਸਿੱਖ ਸੰਗਤਾਂ ਦੇ ਹਿਰਦੇ ਵਲੂੰਧਰੇ ਜਾ ਰਹੇ ਹਨ ਇਸ ਲਈ ਸਰਕਾਰ ਨੂੰ ਅਜਿਹੇ ਮਾੜੇ ਅਨਸਰਾਂ ਖਿਲਾਫ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਸਿੰਘ ਸਾਹਿਬ ਨੇ ਗੱਲਬਾਤ ਦੌਰਾਨ ਇਹ ਵੀ ਕਿਹਾ ਕਿ ਇਹ ਏਜੰਸੀਆਂ ਦੀ ਖੇਡ ਹੈ ਅਤੇ ਇਸ ਬਾਰੇ ਸਿੱਖ ਸੰਗਤਾਂ ਸਾਹਮਣੇ ਸੱਚਾਈ ਆਉਣੀ ਚਾਹੀਦੀ ਹੈ।

### ਡੀ ਏ.ਵੀ ਕਾਲਜ ਵਿਖੇ ਸਿਵਲ ਡਿਫੈਂਸ ਤਹਿਤ ਕਰਵਾਈ ਸਫਲ ਮੌਕ ਡਰਿੱਲ

# ਮੌਕ ਡਰਿੱਲ ਦੌਰਾਨ ਸੰਭਾਵੀ ਹਵਾਈ ਹਮਲੇ ਦੀ ਸਥਿਤੀ 'ਚ ਐਮਰਜੈਂਸੀ ਰਣਨੀਤੀ ਦਾ ਪ੍ਰਦਰਸ਼ਨ





**ਹੁਸ਼ਿਆਰਪੁਰ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਪ੍ਰਸ਼ਾਸਨ ਦੀ ਚੌਕਸੀ ਨੀਤੀ ਅਨੁਸਾਰ, ਮੰਗਲਵਾਰ ਨੂੰ ਡੀ.ਏ.ਵੀ ਕਾਲਜ, ਹੁਸ਼ਿਆਰਪੁਰ ਵਿਖੇ ਸਿਵਲ ਡਿਫੈਂਸ ਨਾਲ ਸਬੰਧਤ ਇਕ ਸਫਲ ਮੌਕ ਡਰਿੱਲ ਕਰਵਾਈ ਗਈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਕਰਵਾਈ ਗਈ ਇਸ ਡਰਿੱਲ ਵਿਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਐਨ.ਸੀ.ਸੀ ਅਤੇ ਐਨ.ਐਸ.ਐਸ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ। ਮੌਕ ਡਰਿੱਲ ਨੇ ਹਵਾਈ ਹਮਲੇ ਦੌਰਾਨ ਤੇਜ਼ ਪ੍ਰਤੀਕਿਰਿਆ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ, ਫਾਇਰ ਬ੍ਰਿਗੇਡ, ਪੰਜਾਬ ਪੁਲਿਸ ਅਤੇ ਕਈ ਗੈਰ-ਸਰਕਾਰੀ ਸੰਗਠਨਾਂ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ। ਪੰਜਾਬ ਹੋਮ ਗਾਰਡਜ਼ ਦੇ ਅਧਿਕਾਰੀਆਂ ਨੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਮੌਜੂਦ ਵਿਦਿਆਰਥੀਆਂ ਨੂੰ ਮਹੱਤਵਪੂਰਨ ਸੁਝਾਅ ਵੀ ਦਿੱਤੇ। ਡਰਿੱਲ ਦੀ ਸਮਾਪਤੀ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਅਭਿਆਸ ਸਰਕਾਰ ਦੀ ਚੌਕਸੀ ਨੀਤੀ ਤਹਿਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਜਾਂ ਐਮਰਜੈਂਸੀ ਸਥਿਤੀ ਵਿਚ ਜ਼ਿਲ੍ਹਾ ਪ੍ਰਸ਼ਾਸਨ ਦੀ ਸਮਰੱਥਾ ਅਤੇ ਤਾਲਮੇਲ ਦੀ ਜਾਂਚ ਕੀਤੀ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇਕ ਮਾਡਲ ਅਭਿਆਸ ਸੀ, ਇਸ ਲਈ ਆਮ ਲੋਕਾਂ ਨੂੰ ਡਰਨ ਜਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਮੌਕ ਡਰਿੱਲ ਦਾ ਉਦੇਸ਼ ਨਾਗਰਿਕਾਂ ਨੂੰ ਅਜਿਹੀਆਂ ਸਥਿਤੀਆਂ ਲਈ ਮਾਨਸਿਕ ਤੌਰ 'ਤੇ ਤਿਆਰ ਕਰਨਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕ ਡਰਿੱਲ ਵਿਚ ਸਿਵਲ ਡਿਫੈਂਸ, ਫਾਇਰ ਡਿਪਾਰਟਮੈਂਟ, ਸਿਹਤ ਵਿਭਾਗ, 12 ਪੰਜਾਬ ਐਨ.ਸੀ.ਸੀ., ਪੁਲਿਸ ਅਤੇ ਹੋਮ ਗਾਰਡ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਅਭਿਆਸ ਦੌਰਾਨ




ਆਪਸੀ ਤਾਲਮੇਲ ਅਤੇ ਤੇਜ਼ ਪ੍ਰਤੀਕਿਰਿਆ ਸਮਰੱਥਾ ਦੀ ਵੀ ਸਮੀਖਿਆ ਕੀਤੀ ਗਈ। ਐਸ.ਡੀ.ਐਮ. ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਨੇ ਮੌਕ ਡਰਿੱਲ ਦਾ ਸੰਚਾਲਨ ਕੀਤਾ। ਇਹ ਅਭਿਆਸ ਪੰਜਾਬ ਪੁਲਿਸ, ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ ਅਤੇ ਫਾਇਰ ਬ੍ਰਿਗੇਡ ਦੇ ਸਹਿਯੋਗ ਨਾਲ ਸਫਲਤਾਪੂਰਵਕ ਪੂਰਾ ਹੋਇਆ। ਇਸ ਮੌਕੇ ਤਹਿਸੀਲਦਾਰ ਲਾਰਸਨ ਸਿੰਗਲਾ, ਇੰਸਪੈਕਟਰ ਦਵਿੰਦਰ ਸਿੰਘ, ਮਨਿੰਦਰ ਸਿੰਘ, ਚੀਫ਼ ਵਾਰਡਨ ਸਿਵਲ ਡਿਫੈਂਸ ਲੋਕੇਸ਼ ਪੁਰੀ ਅਤੇ ਹੋਰ ਅਧਿਕਾਰੀ ਅਤੇ ਵਲੰਟੀਅਰ ਵੀ ਮੌਜੂਦ ਸਨ।

# ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡਾਂ ਵਿੱਚ ਕੀਤੀਆਂ ਮੀਟਿੰਗਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦਾ ਸੱਦਾ ਦਿੰਦੇ ਹੋਏ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ, ਧੂਰੀ ਦੇ ਪਿੰਡ ਕਹੇੜੂ, ਬਮਾਲ ਅਤੇ ਜਹਾਂਗੀਰ ਵਿਖੇ ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ। ਸ. ਢਿੱਲੋਂ ਅਤੇ ਸ.ਘੁੱਲੀ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਹੁਣ ਪੰਜਾਬ ਅੰਦਰ ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨਾਲ ਸਖਤੀ ਨਾਲ ਨਜਿਠਿਆ ਜਾ ਰਿਹਾ ਹੈ ਅਤੇ ਨਸ਼ੇ ਵੇਚ ਕੇ ਨਸ਼ਾ ਤਸਕਰਾਂ ਵਲੋਂ ਬਣਾਈਆਂ ਗਈਆਂ ਜਾਇਦਾਦਾਂ ਨੂੰ ਵੀ ਢਾਹਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਹਸਦਾ, ਵਸਦਾ ਤੇ ਨਸ਼ਾ ਮੁਕਤ ਬਣਾਉਣ ਦੇ ਵੇਖੇ ਗਏ ਸੁਪਨਿਆਂ ਨੂੰ ਸਾਕਾਰ ਕਰਨ ਲਈ ਨਸ਼ਾ ਮੁਕਤੀ ਯਾਤਰਾਵਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਤਹਿਤ ਰੋਜ਼ਾਨਾ ਦੇ ਆਧਾਰ ਉਤੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾ ਰਿਹਾ ਹੈ। ਮੁਹਿੰਮ ਦੇ ਉਦੇਸ਼ਾਂ ਨੂੰ ਪੂਰਾ ਕਰਨ ਲਈ ਹਰ ਪਿੰਡ, ਕਸਬੇ ਤੇ ਸ਼ਹਿਰ ਵਿੱਚ ਪਹੁੰਚ ਕੀਤੀ ਜਾ ਰਹੀ ਹੈ ਤਾਂ ਕਿ ਸਾਰੇ ਵਰਗਾਂ ਦਾ ਸਹਿਯੋਗ ਲੈ ਕੇ ਵਿਧਾਨ ਸਭਾ ਹਲਕਾ ਧੂਰੀ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਉਹਨਾਂ ਦਾ ਮੁਫਤ ਇਲਾਜ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਹੈ ਅਤੇ ਉਹ ਅਜਿਹੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਹੋ ਕੇ ਆਪਣਾ ਇਲਾਜ ਜ਼ਰੂਰ ਕਰਵਾਉਣ। ਇਸ ਮੌਕੇ ਹਾਜ਼ਰੀਨ ਨੂੰ ਨਸ਼ਿਆਂ ਦਾ ਖਾਤਮਾ ਕਰਨ ਲਈ ਸਹੁੰ ਵੀ ਚੁਕਾਈ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

## ਵਿਸ਼ਵ ਸਾਈਕਲ ਦਿਵਸ



ਮੈਨੂੰ ਤਾਂ ਹੈ ਬਹੁਤ ਪਿਆਰ ਕਈਆਂ ਨੂੰ ਘਿਣ ਹੈ ਮਿੱਤਰੋ ।  
ਮੈਂ ਹਾਂ ਇਹਦੇ ਬਿਨਾਂ ਇਕੱਲਾ ਇਹ ਮੇਰੇ ਬਿਨ ਹੈ ਮਿੱਤਰੋ ।  
ਭਾਵੇਂ ਘਰ ਵਿੱਚ ਗੱਡੀ ,ਮੋਟਰਸਾਈਕਲ ,ਸਕੂਟਰ ਵੀ ਹੈ ;  
ਐਪਰ ਮੇਰੇ ਅਸਲੀ ਸਾਥੀ ਦਾ ਅੱਜ ਦਾ ਦਿਨ ਹੈ ਮਿੱਤਰੋ ।

**-ਮੂਲ ਚੰਦ ਸ਼ਰਮਾ ਪ੍ਰਧਾਨ ,**  
**ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ।**  
**9914836037**

# 15 ਜੂਨ ਨੂੰ ਜਲ ਸਪਲਾਈ ਵਿਭਾਗ ਦੇ ਕੈਬਨਿਟ ਮੰਤਰੀ ਦੇ ਹਲਕੇ ਸਾਹਨੇਵਾਲਾ 'ਚ ਠੇਕਾ ਮੁਲਾਜਮਾਂ ਵੱਲੋਂ ਪਰਿਵਾਰਾਂ ਤੇ ਬੱਚਿਆ ਸਮੇਤ ਸੂਬਾ ਪੱਧਰੀ ਧਰਨੇ ਵਿੱਚ ਸ਼ਾਮਲ ਹੋਣ ਦਾ ਐਲਾਨ : ਆਗੂ



**ਸਰਾਏ ਅਮਾਨਤ ਖਾਂ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31)ਜ਼ਿਲਾ ਤਰਨ ਤਾਰਨ ਬਰਾਚ ਤਰਨ ਤਾਰਨ ਅਤੇ ਬਲਾਕ ਗੰਡੀਵਿੰਡ ਇਸ ਸਬੰਧੀ ਅੱਜ ਇਥੇ ਪ੍ਰੈਸ ਬਿਆਨ ਜਾਰੀ ਕਰਦਿਆਂ ਬਲਾਕ ਪ੍ਰਧਾਨ ਪਰਮਜੀਤ ਸਿੰਘ ਬਾਕੀਪੁਰ ਬਲਾਕ ਜਨਰਲ ਸਕੱਤਰ ਪੰਜਾਬ ਸਿੰਘ ਗੰਡੀਵਿੰਡ ਸੀਨੀਅਰ ਮੀਤ ਪ੍ਰਧਾਨ ਬਲਾਕ ਦੇ ਪ੍ਰਤਾਪ ਸਿੰਘ ਸਬਡਿਵੀਜ਼ਨ ਪ੍ਰਧਾਨ ਗੁਰਿੰਦਰ ਸਿੰਘ ਠੱਠੀ ਖਾਰਾ ਅਤੇ ਬਲਾਕ ਆਗੂ ਜੋਗਾ ਸਿੰਘ ਨਿਰਮਲ ਸਿੰਘ ਬਹਿਲਾ ਮਹਿੰਦਰ ਸਿੰਘ ਜਗਜੀਤ ਸਿੰਘ ਦੇਊ ਸੁਖਵਿੰਦਰ ਕੁਮਾਰ-ਨੇ ਦੱਸਿਆ ਕਿ ਜਿੱਥੇ ਇਕ ਪਾਸੇ ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਅਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਇਕ ਵਰਕਰ ਦੇ ਰੂਪ ਵਿੱਚ ਰੈਗੂਲਰ ਮੁਲਾਜਮਾਂ ਵਾਂਗ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਨ ਵਾਲੀ ਤਜਵੀਜ ਲਾਗੂ ਕਰਕੇ ਪੱਕਾ ਰੁਜਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਕਰਨ ਵਿੱਚ ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੇਂਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ ਉਥੇ ਇਸਦੇ ਨਾਲ ਹੀ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ, ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜਗਾਰ ਨੂੰ ਖੋਹ ਕੇ ਬੇਰੁਜਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਜਿਸਦੇ ਚਲਦੇ ਵਰਕਰਾਂ ਵੱਲੋਂ ਮਜਬੂਰੀ ਵੱਸ ਆਪਣੇ ਰੁਜਗਾਰ ਨੂੰ ਬਚਾਉਣ ਲਈ ਸੰਘਰਸ਼ ਦਾ ਰਸਤਾ ਅਪਣਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲਾ ਜਿਲ੍ਹਾ ਲੁਧਿਆਣਾ ਵਿੱਚ ਜੱਥੇਬੰਦੀ ਵੱਲੋਂ ਮਿਤੀ 15 ਜੂਨ 2025 ਨੂੰ ਸੂਬਾ ਪੱਧਰੀ ਪਰਿਵਾਰਾਂ ਅਤੇ ਬੱਚਿਆ ਸਮੇਤ ਧਰਨਾ ਦਿੱਤਾ ਜਾ ਰਿਹਾ ਉਨ੍ਹਾਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਇਕ ਵਰਕਰ ਦੇ ਰੂਪ ਵਿਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜਮਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਜਿਵੇਂ ਕਿ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜਮਾਂ ਨੂੰ ਤਜਰਬੇ ਦੇ ਅਧਾਰ ਤੇ ਸਬੰਧਤ ਵਿਭਾਗ ਵਿਚ ਮਰਜ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜਲ ਨੂੰ ਲਾਗੂ ਕਰਨਾ, 58 ਸਾਲ ਦੀ ਉਮਰ ਤੱਕ ਪੱਕੇ ਰੁਜਗਾਰ ਦੀ ਗਾਰੰਟੀ ਕਰਨਾ ਅਤੇ ਜਦੋਂ ਤੱਕ ਇਸ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਵਾਲੀ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਲੇਬਰ ਐਕਟ 1948 ਅਤੇ 2019 ਵਿਚ 15ਵੀਂ ਲੇਬਰ ਕਮਿਸ਼ਨਰ ਦੀਆਂ ਸਿਫਾਰਸ਼ਾਂ ਅਨੁਸਾਰ ਘੱਟੋ-ਘੱਟ ਉਜਰਤਾ ਵਿਭਾਗ 'ਚ ਫੀਲਡ ਅਤੇ ਦਫਤਰਾਂ ਵਿੱਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਤੇ ਲਾਗੂ ਕੀਤੀਆਂ ਜਾਣ।

### ਦਮਦਮੀ ਟਕਸਾਲ ਵਿਖੇ ਸ਼ਹੀਦੀ ਹਫਤੇ ਦੇ ਤੀਸਰੇ ਦਿਨ ਸਜੇ ਭਾਰੀ ਧਾਰਮਿਕ ਦੀਵਾਨ

# ਸ਼ਹੀਦਾਂ ਦੇ ਸਤਿਕਾਰ ਵਿਚ ਭਾਰੀ ਗਿਣਤੀ ’ਚ ਸੰਗਤਾਂ ਨੇ ਭਰੀ ਹਾਜ਼ਰੀ

**ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਸ਼ਹੀਦੀ ਜੋੜਮੇਲਾ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ।**











ਚੌਂਕ ਮਹਿਤਾ, 3 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)– ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਸ਼ਹੀਦੀ ਜੋੜਮੇਲਾ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ।

1 ਜੂਨ ਤੋਂ ਟਕਸਾਲ ਦੇ ਹੈਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਸ਼ਹੀਦੀ ਹਫਤਾ ਮਨਾਇਆ ਜਾ ਰਿਹਾ ਹੈ, ਅਤੇ ਅੱਜ ਤੀਸਰੇ ਦਿਨ ਦੇ ਸ਼ਹੀਦੀ ਦੀਵਾਨ ਸਜਾਏ ਗਏ।

ਇਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ ਵਿਚੋ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵੱਲੋਂ ਸ਼੍ਰੀ ਤਰਨਤਾਰਨ ਸਾਹਿਬ ਦੇ ਦਰਸ਼ਨਾਂ ਤੋਂ ਬਾਅਦ ਸ਼੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨਾਂ ਲਈ ਪਹੁੰਚਣ ਸਮੇਂ ਦਾ ਇਤਹਾਸ ਸਰਵਣ ਕਰਵਾਇਆ। ਇਸ ਦੌਰਾਨ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਤੰਤੀ ਸਾਜਾਂ ਨਾਲ ਕੀਰਤਨ ਦੀ ਸੇਵਾ ਨਿਭਾਈ ਅਤੇ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਜਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕੀਤਾ। ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਨੇ ਨਿਭਾਈ ਅਤੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਮੰਚ ਸੰਚਾਲਨ ਕੀਤਾ। ਅੱਜ ਦੇ ਦੀਵਾਨ ’ਚ ਸੰਤ ਬਾਬਾ ਜਸਵੰਤ ਸਿੰਘ ਸੋਢੀ, ਭਾਈ ਅਜਾਇਬ ਸਿੰਘ ਅਭਿਆਸੀ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ, ਸੰਤ ਬਾਬਾ ਪੰਜਾਬ ਸਿੰਘ, ਭਾਈ ਹਰਵਿੰਦਰ ਸਿੰਘ ਪਿੰਕਾ, ਭਾਈ ਰਸ਼ਪਾਲ ਸਿੰਘ, ਸੰਤ ਬਾਬਾ ਸੁਖਵੰਤ ਸਿੰਘ ਜੀ ਚਨਣਕੇ, ਸੰਤ ਬਾਬਾ ਸੁਰਿੰਦਰ ਸਿੰਘ ਟਾਹਲੀ ਸਾਹਿਬ, ਗਿਆਨੀ ਪ੍ਰਗਟ ਸਿੰਘ ਭੀਲੋਵਾਲ, ਭਾਈ ਸਮਸ਼ੇਰ ਸਿੰਘ ਜੇਠੂਵਾਲ, ਬਾਬਾ ਗੁਰਮੀਤ ਸਿੰਘ ਬਦੋਵਾਲ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਜਤਿੰਦਰ ਸਿੰਘ ਲੱਧਾਮੁੰਡਾ, ਜਥੇ.ਸੁਖਦੇਵ ਸਿੰਘ, ਜਥੇ.ਬੋਹੜ ਸਿੰਘ, ਡੀਐਸਪੀ ਕੁਲਵੰਤ ਸਿੰਘ, ਚੇਅਰਮੈਨ ਡਾ ਪਰਮਜੀਤ ਸਿੰਘ ਸੰਧੂ, ਜਥੇ.ਅਜੀਤ ਸਿੰਘ, ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਤਜਿੰਦਰਪਾਲ ਸਿੰਘ ਲਾਡੀ, ਜੱਥੇ ਨਸੀਬ ਸਿੰਘ, ਗੁਰਲਾਲ ਸਿੰਘ ਲਾਲੀ, ਬਾਪੂ ਸ਼ਿੰਗਾਰਾ ਸਿੰਘ, ਠੇਕੇਦਾਰ ਲਖਵਿੰਦਰ ਸਿੰਘ ਸਰਪੰਚ ਉਸਮਾਂ, ਭਾਈ ਬਲਦੇਵ ਸਿੰਘ ਦਮਦਮੀ ਟਕਸਾਲ, ਸਰਪੰਚ ਰਜਿੰਦਰ ਸਿੰਘ ਉਦੋ ਨੰਗਲ, ਕੁਲਵਿੰਦਰ ਸਿੰਘ ਕੇਵੀ, ਦਇਆ ਸਿੰਘ ਮਹਿਤਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243